People's Herald

Rs- 100/month

People's Herald



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice"

स्वतंत्रता, समानता, भाईचारा

PATIALA On line paper 14 ਮਈ 2025 ਬੁੱਧਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਬਸਪਾ ਪੰਜਾਬ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਵਲੋਂ ਹੋਈਆਂ ਮੌਤਾਂ ਦੇ ਪ੍ਰੀਵਾਰ ਵਾਲਿਆਂ ਨਾਲ ਮਿਲਕੇ ਕੀਤੀ ਹਮਦਰਦੀ

### ਸਰਕਾਰੀ ਤੰਤਰ ਹੋਇਆ ਬੁਰੀ ਤਰਾਂ ਫੇਲ੍ਹ, ਮਜੀਠਾ ਵਿਖੇ ਨਕਲੀ ਸ਼ਰਾਬ ਨਾਲ ਮਰਨ ਵਾਲਿਆਂ ਦੀ 20 ਤੱਕ ਪੁੱਜੀ, ਅਵਤਾਰ ਸਿੰਘ ਕਰੀਮਪੁਰੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com





ਜਗਤਾਰ ਸਿੰਘ ਰੇੜੇਵਾਲ -- ਬਹੁਜਨ ਸਮਾਜ ਪੰਜਾਬ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਬਸਪਾ ਪੰਜਾਬ ਦੇ ਆਗੂਆਂ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਅਹੁਦੇਦਾਰਾਂ ਨਾਲ ਮਜੀਠਾ ਵਿਖੇ ਪਹੁੰਚ ਕੇ ਮਜੀਠਾ ਹਲਕੇ ਵਿੱਚ ਨਕਲੀ ਸ਼ਰਾਬ ਨਾਲ ਹੋਈਆਂ ਮੌਤਾਂ ਦੇ ਪ੍ਰੀਵਾਰ ਵਾਲਿਆਂ ਨੂੰ ਮਿਲਕੇ ਉਹਨਾਂ ਨਾਲ ਦੁੱਖ ਸਾਂਝਾ ਕੀਤਾ ਅਤੇ ਇਸ ਘਟਨਾ ਦੀ ਬਹੁਜਨ ਸਮਾਜ ਪਾਰਟੀ ਵੱਲੋਂ ਨਿੰਦਾ ਕੀਤੀ। ਇਸ ਮੌਕੇ ਇਕੱਤਰ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਬੇਲਗਾਮ ਡਰੱਗ ਮਾਫੀਆ ਮਾਵਾਂ ਦੇ ਪੁੱਤ ਖਾ ਗਿਆ, ਭੈਂਣਾਂ ਦੇ ਸੁਹਾਗ ਉਜਾੜ ਰਿਹਾ ਹੈ। ਅਸੀਂ ਬਹੁਜਨ ਸਮਾਜ ਪਾਰਟੀ ਵਲੋਂ ਮਾਵਾਂ ਦੇ ਪੁੱਤ ਬਚਾਉਣ ਦੀ "ਪੰਜਾਬ ਸੰਭਾਲੋ" ਮੁਹਿੰਮ ਸ਼ੁਰੂ ਕਰ ਚੁੱਕੇ ਹਾਂ।ਜਿਸ ਵਿਚ ਸਭ ਤੋਂ ਵੱਡਾ ਮੁੱਦਾ ਨਸ਼ਿਆਂ ਦੇ ਕਾਰੋਬਾਰ ਖਤਮ ਕਰਨ ਦਾ ਹੈ। ਪੰਜਾਬ ਸਰਕਾਰ ਨੇ ਉਸ ਸਾਡੀ ਮੁਹਿੰਮ ਨੂੰ ਧਿਆਨ ਵਿੱਚ ਰੱਖ ਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸ਼ੁਰੂ ਕੀਤੀ ਜੋ ਠੁੱਸ ਹੋ ਕੇ ਰਹਿ ਗਈ। ਤਾਜ਼ੇ ਘਟਨਾਕ੍ਰਮ ਨੇ ਸਰਕਾਰ ਦੀ ਪੋਲ ਖੋਲ੍ਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਨਕਲੀ ਸ਼ਰਾਬ ਦਾ ਧੰਦਾ ਪੁਲੀਟੀਕਲੀ ਸਪੋਟ ਤੇ ਪੁਲਿਸ ਦੀ ਸਪੋਟ ਤੋਂ ਬਿਨਾਂ ਚੱਲ ਨਹੀਂ ਸਕਦਾ।ਇਹ ਡਰੱਗਜ਼ ਸਮੱਗਲਰਾਂ ਤੇ ਪੁਲੀਸ ਤੰਤਰ ਦਾ ਗੱਠਜੋੜ ਪੰਜਾਬ ਦੀਆਂ ਮਾਵਾਂ ਦੇ ਪੁੱਤ ਖਾ ਗਿਆ, ਭੈਣਾਂ ਦੇ ਸੁਹਾਗ ਉਜਾੜ ਦਿੱਤੇ, ਘਰਾਂ ਦੇ ਘਰ ਖਾਲੀ ਕਰ ਦਿੱਤੇ। ਸਰਕਾਰ ਕਹਿੰਦੀ ਸੀ ਕਿ ਪੰਜਾਬ ਵਿੱਚੋਂ ਨਸ਼ਾ ਦਾ ਕਾਰੋਬਾਰ ਖਤਮ ਹੋ ਗਿਆ ਹੈ।ਪਰ ਚਿੱਟਾ ਸ਼ਰੇਆਮ ਮਿਲ ਰਿਹਾ ਹੈ। ਚਿੱਟੇ ਦੀ ਹੋਮ ਡਿਲਿਵਰੀ ਹੋ ਰਹੀ ਹੈ। ਯੁੱਧ ਨਸ਼ਿਆਂ ਵਿਰੁੱਧ ਪੰਜਾਬ ਦੇ ਲੋਕਾਂ ਦੇ ਅੱਖਾਂ ਵਿੱਚ ਘੱਟਾ ਪਾਉਣ ਦੀ ਮੁਹਿੰਮ ਹੈ। ਪੰਜਾਬ ਦੇ ਵਿੱਚ ਤਰਨਤਾਰਨ, ਸੰਗਰੂਰ ਤੇ ਹੋਰ ਕਈ ਥਾਵਾਂ ਤੇ ਨਕਲੀ ਸ਼ਰਾਬ ਨਾਲ ਮੌਤਾਂ ਹੋ ਚੁੱਕੀਆਂ ਹਨ।ਪਰ ਸਰਕਾਰ ਦੀ ਗੈਰ ਜ਼ਿੰਮੇਵਰਾਨਾ ਪਹੁੰਚ ਕਰਕੇ ਇਹ ਨਸ਼ਿਆਂ ਦਾ ਕਾਰੋਬਾਰ ਅੱਗੇ ਤੋਂ ਅੱਗੇ ਵੱਧ ਰਿਹਾ ਹੈ।

ਮੀਡੀਏ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਅਸੀਂ ਬਹੁਜਨ ਸਮਾਜ ਪਾਰਟੀ ਵੱਲੋਂ ਐਲਾਨ ਕਰਦੇ ਹਾਂ ਕਿ ਦੋਸ਼ੀਆਂ ਨੂੰ ਪਕੜ ਕੇ ਸਖ਼ਤ ਸਜ਼ਾ ਦੇਵੇ। ਧਾਰਮਿਕ ਥਾਵਾਂ ਤੇ ਜਨਤਕ ਥਾਵਾਂ ਦੇ ਨੇੜੇ ਤੋਂ ਸ਼ਰਾਬ ਦੇ ਠੇਕਿਆਂ ਨੂੰ ਹਟਾਇਆ ਜਾਵੇ।ਉਨ੍ਹਾਂ ਕਿਹਾ ਕਿ ਮਾਰਨੇ ਵਾਲੇ ਆ ਕੇ ਚਲੇ ਗਏ ਹੁਣ ਬਚਾਉਣ ਵਾਲੇ ਬਸਪਾ ਵਾਲੇ ਅਸੀਂ ਆਏ ਹਾਂ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਿਰਤਕ ਪ੍ਰੀਵਾਰ ਵਾਲਿਆਂ ਦੇ ਵਾਰਸਾਂ ਨੂੰ ਇੱਕ ਇੱਕ ਕਰੌੜ ਰੁਪਏ ਦੀ ਮਾਲੀ ਸਹਾਇਤਾ ਦਿੱਤੀ ਜਾਵੇ ਅਤੇ ਮਿਰਤਕਾਂ ਦੇ ਪ੍ਰੀਵਾਰ ਦੇ ਇੱਕ ਜੀ ਨੂੰ ਸਰਕਾਰੀ ਨੌਂਕਰੀ ਦਿੱਤੀ ਜਾਵੇ। ਜਿਹੜੇ ਵਿਅਕਤੀ ਨਕਲੀ ਸ਼ਰਾਬ ਤੋਂ ਪੀੜ੍ਹਤ ਹਨ ਉਨ੍ਹਾਂ ਦੇ ਇਲਾਜ ਦਾ ਫਰੀ ਪ੍ਰਬੰਧ ਕੀਤਾ ਜਾਵੇ।

ਉਨ੍ਹਾਂ ਐਲਾਨ ਕੀਤਾ ਕਿ 22 ਮਈ ਨੂੰ ਪੂਰੇ ਪੰਜਾਬ ਵਿੱਚ ਨਸ਼ਿਆਂ ਦੇ ਖਾਤਮੇ ਤੇ ਪੰਜਾਬ ਨੂੰ ਬਰਬਾਦ ਕਰਨ ਵਾਲੀ ਨੀਤੀਆਂ ਦੇ ਵਿਰੋਧ ਵਿਚ ਬਹੁਜਨ ਸਮਾਜ ਪਾਰਟੀ ਵਲੋਂ ਜਿਲ੍ਹਾ ਪੱਧਰੀ ਧਰਨਾ ਪ੍ਰਦਰਸ਼ਨ ਕੀਤੇ ਜਾਣਗੇ। ਡਿਪਟੀ ਕਮਿਸ਼ਨਰਾਂ ਨੂੰ ਮੈਮੋਰੰਡਮ ਦਿੱਤੇ ਜਾਣਗੇ। ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੇ 78 ਸਾਲਾਂ ਤੋਂ ਕਾਂਗਰਸ, ਅਕਾਲੀ ਭਾਜਪਾ ਸਰਕਾਰਾਂ ਦੇਖੀਆਂ। ਇਹਨਾਂ ਨੇ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੈ। ਮੈਂ ਪੰਜਾਬ ਨੂੰ ਬਚਾਉਣ ਲਈ ਬੁੱਧੀਜੀਵੀਆਂ, ਪੱਤਰਕਾਰ ਭਾਈਚਾਰੇ, ਸਮਾਜਿਕ ਤੇ ਧਾਰਮਿਕ ਜਥੇਬੰਦੀਆਂ ਨੂੰ ਸੱਦਾ ਦਿੰਦਾ ਹਾਂ ਕਿ ਆਓ ਸਾਰੇ ਰਲ ਕੇ ਪੰਜਾਬ ਦੇ ਹਿੱਤ ਦੀ ਖਾਤਰ ਇਸ ਧਰਨਾ ਪ੍ਰਦਰਸ਼ਨ ਵਿਚ ਸ਼ਾਮਿਲ ਹੋਈਏ।

## ਯੁੱਧ ਨਸ਼ਿਆਂ ਵਿਰੁੱਧ: ਯੁੱਧ ਦੇ ਚਲਦੇ ਪੰਜਾਬ ਵਿੱਚ ਜਹਿਰੀਲੀ ਸ਼ਰਾਬ ਕਾਂਡ ਵਿੱਚ ਮਰਨ ਵਾਲਿਆਂ ਦੀ ਗਿਣਤੀ 20

### ਨਸ਼ਿਆਂ ਖਿਲਾਫ ਯੁੱਧ ਦੇ ਦੌਰਾਨ ਸ਼ਰਾਬ ਅਤੇ ਹੋਰ ਨਸ਼ਿਆਂ ਦੀ ਓਵਰਡੋਜ ਨਾਲ ਮੌਤਾਂ ਸਰਕਾਰੀ ਦਾਅਵਿਆਂ ਦੀ ਸਚਾਈ ਤੇ ਸਵਾਲ, ਸਰਕਾਰ ਧਿਆਨ ਦੇਵੇ !

**ਪੰਜਾਬ ਸੰਭਾਲ ਨਹੀਂ ਹੋ ਰਿਹਾ? ਕਾਂਗਰਸ ਅਤੇ ਅਕਾਲੀ+ਭਾਜਪਾ ਸਰਕਾਰਾਂ ਦੇ ਸਮੇਂ ਜੋ ਮੰਦਭਾਗਾ ਵਾਪਰਦਾ ਸੀ ਉਹ ਹੀ ਆਪ ਦੀ ਸਰਕਾਰ ਦੇ ਸਮੇਂ ਵੀ ਹੋ ਰਿਹਾ ਹੈ, ਜਦੋਂ ਕਿ ਆਪ ਸਰਕਾਰ ਸਾਰਾ ਧਿਆਨ ਅਤੇ ਖਰਚ ਨਸ਼ਿਆਂ ਨੂੰ ਖਤਮ ਕਰਨ ਉੱਤੇ ਹੀ ਲਾ ਰਹੀ ਹੈ।**

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com



ਜ਼ਿਲ੍ਹਾ ਅੰਮ੍ਰਿਤਸਰ ਦੇ ਮਜੀਠਾ ਵਿੱਚ ਸੋਮਵਾਰ ਰਾਤ ਨੂੰ ਜ਼ਹਿਰੀਲੀ ਸ਼ਰਾਬ ਪੀਣ ਨਾਲ ਮਰਨ ਵਾਲਿਆਂ ਦੀ ਗਿਣਤੀ 20 ਹੋ ਗਈ ਹੈ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 17 ਮੌਤਾਂ ਦੀ ਪੁਸ਼ਟੀ ਕਰ ਦਿੱਤੀ ਹੈ।

ਮੁੱਖ ਮੰਤਰੀ ਨੇ ਕਿਹਾ, ''ਮੌਤਾਂ ਨਹੀਂ ਕਤਲ ਹੀ ਹਨ, ਅਤੇ ਦੋਸ਼ੀਆਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਭਾਵੇਂ ਕੋਈ ਕਿੰਨਾ ਵੀ ਪਾਵਰਫੁੱਲ ਹੋਵੇ।''

ਮੁੱਖ ਮੰਤਰੀ ਨੇ ਦਾਅਵਾ ਕੀਤਾ ਕਿ ਹੁਣ ਤੱਕ 10 ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ ਹਨ ਅਤੇ ਇਸ ਨੈਕਸਸ ਦੀਆਂ ਜੜ੍ਹਾਂ ਤੱਕ ਜਾਵਾਂਗੇ। ਇਸ ਵਿੱਚ ਕੋਈ ਪਾਵਰਫੁੱਲ ਬੰਦਾ ਵੀ ਹੋ ਸਕਦਾ ਹੈ ਅਤੇ ਇਸ ਦੀਆਂ ਤਾਰਾਂ ਦਿੱਲੀ ਨਾਲ ਵੀ ਜੁੜਦੀਆਂ ਹਨ।

ਅੰਮ੍ਰਿਤਸਰ ਦੀ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਇਸ ਮਾਮਲੇ ਬਾਰੇ ਜਾਣਕਾਰੀ ਦਿੰਦਿਆਂ ਕਿਹਾ, "ਮਜੀਠਾ ਵਿੱਚ ਇੱਕ ਮੰਦਭਾਗੀ ਘਟਨਾ ਵਾਪਰੀ ਹੈ।

"ਸਾਨੂੰ ਕੱਲ੍ਹ ਰਾਤ ਪਤਾ ਲੱਗਾ, ਸਾਨੂੰ 5 ਪਿੰਡਾਂ ਦੀਆਂ ਰਿਪੋਰਟਾਂ ਮਿਲੀਆਂ ਹਨ ਕਿ ਜਿਨ੍ਹਾਂ ਲੋਕਾਂ ਨੇ ਸੋਮਵਾਰ ਰਾਤ ਨੂੰ ਸ਼ਰਾਬ ਪੀਤੀ ਸੀ ਉਨ੍ਹਾਂ ਦੀ ਹਾਲਤ ਗੰਭੀਰ ਹੈ। ਅਸੀਂ ਫ਼ੌਰਨ ਆਪਣੀਆਂ ਮੈਡੀਕਲ ਟੀਮਾਂ ਨੂੰ ਬੁਲਾਇਆ।"

"ਸਾਡੀਆਂ ਮੈਡੀਕਲ ਟੀਮਾਂ ਘਰ-ਘਰ ਜਾ ਕੇ ਸਥਿਤੀ ਦਾ ਜਾਇਜ਼ਾ ਲੈ ਰਹੀਆਂ ਹਨ। ਲੋਕਾਂ ਵਿੱਚ ਗੰਭੀਰ ਲੱਛਣ ਹੋਣ ਜਾਂ ਨਾ ਹੋਣ ਦੀ ਸਥਿਤੀ ਵਿੱਚ ਵੀ, ਅਸੀਂ ਉਨ੍ਹਾਂ ਨੂੰ ਹਸਪਤਾਲ ਲੈ ਜਾ ਰਹੇ ਹਾਂ ਤਾਂ ਜੋ ਅਸੀਂ ਉਨ੍ਹਾਂ ਨੂੰ ਬਚਾ ਸਕੀਏ।"

"ਹੁਣ ਤੱਕ 17 ਲੋਕਾਂ ਦੀ ਮੌਤ ਹੋ ਚੁੱਕੀ ਹੈ। ਸਰਕਾਰ ਹਰ ਸੰਭਵ ਮਦਦ ਮੁਹੱਈਆ ਕਰਵਾ ਰਹੀ ਹੈ।"

ਸਾਕਸ਼ੀ ਸਾਹਨੀ ਨੇ ਕਿਹਾ, "ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਮੌਤਾਂ ਦੀ ਇਹ ਗਿਣਤੀ ਨਾ ਵਧੇ। ਅਸੀਂ ਸਪਲਾਇਰਾਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਹੋਰ ਜਾਂਚ ਜਾਰੀ ਹੈ।" ਪੰਜਾਬ ਸਰਕਾਰ ਵਲੋਂ ਇਸ ਮਾਮਲੇ ਬਾਰੇ ਇੱਕ ਪ੍ਰੈਸ ਨੋਟ ਜਾਰੀ ਕੀਤਾ ਗਿਆ ਹੈ।

ਪ੍ਰੈਸ ਨੋਟ ਵਿੱਚ ਦੱਸਿਆ ਗਿਆ ਹੈ ਕਿ ਮਜੀਠਾ ਵਿੱਚ ਨਕਲੀ ਸ਼ਰਾਬ ਰੈਕੇਟ ਦੇ ਮਾਮਲੇ ਵਿੱਚ ਮੁੱਖ ਮੁਲਜ਼ਮ ਪ੍ਰਭਜੀਤ ਸਿੰਘ ਗ੍ਰਿਫ਼ਤਾਰ ਕੀਤਾ ਗਿਆ ਹੈ। ਪ੍ਰਭਜੀਤ ਸਿੰਘ ਸ਼ਰਾਬ ਸਪਲਾਈ ਕਰਨ ਦਾ ਮਾਸਟਰਮਾਈਂਡ ਸੀ।

ਜਿਨ੍ਹਾਂ ਹੋਰ ਲੋਕਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਉਨ੍ਹਾਂ ਵਿੱਚ ਕੁਲਬੀਰ ਸਿੰਘ ਉਰਫ਼ ਜੱਗੂ (ਮੁੱਖ ਮੁਲਜ਼ਿਮ ਪ੍ਰਭਜੀਤ ਦਾ ਭਰਾ), ਸਾਹਿਬ ਸਿੰਘ ਉਰਫ ਸਰਾਏ, ਵਾਸੀ ਮੜੀ ਕਲਾਂ, ਗੁਰਜੰਟ ਸਿੰਘ, ਨਿਵਾਸੀ ਅਤੇ ਇੱਕ ਮਹਿਲਾ ਮੁਲਜ਼ਮ ਨਿੰਦਰ ਕੌਰ ਪਤਨੀ ਜੀਤਾ, ਵਾਸੀ ਥਰੇਨਵਾਲ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਮ੍ਰਿਤਕਾਂ ਦੇ ਵਾਰਿਸਾਂ ਨੂੰ 10-10 ਲੱਖ ਦੀ ਮੁਆਵਜ਼ਾ ਰਾਸ਼ੀ ਦਿੱਤੀ ਜਾਵੇਗੀ ਅਤੇ ਪਰਿਵਾਰ ਦੇ ਇੱਕ ਜੀਅ ਨੂੰ ਸਰਕਾਰੀ ਨੌਂਕਰੀ ਦਿੱਤੀ ਜਾਵੇਗੀ।

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮਜੀਠਾ ਘਟਨਾ ਉੱਤੇ ਅਫ਼ਸੋਸ ਪ੍ਰਗਟ ਕਰਦਿਆਂ ਐਕਸ ਉੱਤੇ ਇੱਕ ਪੋਸਟ ਸਾਂਝੀ ਕੀਤੀ ਹੈ।

ਉਨ੍ਹਾਂ ਲਿਖਿਆ, "ਮਜੀਠੇ ਦੇ ਆਲੇ-ਦੁਆਲੇ ਦੇ ਕੁੱਝ ਪਿੰਡਾਂ 'ਚ ਜ਼ਹਿਰੀਲੀ ਸ਼ਰਾਬ ਪੀਣ ਕਰਕੇ ਕਈ ਲੋਕਾਂ ਦੀ ਮੌਤ ਹੋਣ ਦੀ ਦੁੱਖਦਾਈ ਖ਼ਬਰ ਮਿਲੀ ਹੈ।"

"ਮਾਸੂਮ ਲੋਕਾਂ ਦੇ ਇਨ੍ਹਾਂ ਕਾਤਲਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਇਹ ਮੌਤਾਂ ਨਹੀਂ ਕਤਲ ਨੇ। ਮੁਲਜ਼ਿਮਾਂ ਖ਼ਿਲਾਫ਼ ਕਾਨੂੰਨ ਮੁਤਾਬਕ ਸਖ਼ਤ ਤੋਂ ਸਖ਼ਤ ਸਜ਼ਾਵਾਂ ਦਿੱਤੀਆਂ ਜਾਣਗੀਆਂ।"

## ਪੀਐਮ ਮੋਦੀ ਪਹੁੰਚੇ ਆਦਮਪੁਰ ਏਅਰਬੇਸ, ਹਵਾਈ ਸੈਨਾ ਦੇ ਜਵਾਨਾਂ ਨਾਲ ਕੀਤੀ ਮੁਲਾਕਾਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ ਪੰਜਾਬ ਦੇ ਆਦਮਪੁਰ ਏਅਰਬੇਸ ਪਹੁੰਚੇ। ਇੱਥੇ ਉਨ੍ਹਾਂ ਨੇ ਹਵਾਈ ਸੈਨਾ ਦੇ ਜਵਾਨਾਂ ਨਾਲ ਮੁਲਾਕਾਤ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਅੱਜ ਸਵੇਰੇ 7 ਵਜੇ ਦਿੱਲੀ ਦੇ ਪਾਲਮ ਹਵਾਈ ਅੱਡੇ ਤੋਂ ਉਡਾਣ ਭਰੀ ਅਤੇ ਪੰਜਾਬ ਦੇ ਜਲੰਧਰ ਦੇ ਆਦਮਪੁਰ ਏਅਰਬੇਸ ਪਹੁੰਚੇ।

ਇਸ ਦੌਰਾਨ ਉਹ ਭਾਰਤੀ ਹਵਾਈ ਸੈਨਾ ਦੇ ਜਵਾਨਾਂ ਨਾਲ ਮਿਲੇ ਅਤੇ ਹਾਲੀਆ ਘਟਨਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਪ੍ਰਾਪਤ ਕੀਤੀ। ਪ੍ਰਧਾਨ ਮੰਤਰੀ ਮੋਦੀ ਇੱਥੇ 1 ਘੰਟਾ ਰੁਕੇ ਅਤੇ ਹਵਾਈ ਸੈਨਾ ਦੇ ਜਵਾਨਾਂ ਨਾਲ ਮੁਲਾਕਾਤ ਕੀਤੀ। ਤਸਵੀਰਾਂ ਵਿੱਚ ਪ੍ਰਧਾਨ ਮੰਤਰੀ ਮੋਦੀ ਹਵਾਈ ਸੈਨਾ ਦੇ ਜਵਾਨਾਂ ਨਾਲ ਦਿਖਾਈ ਦੇ ਰਹੇ ਹਨ। ਏਅਰ ਚੀਫ਼ ਮਾਰਸ਼ਲ ਏਪੀ ਸਿੰਘ ਵੀ ਪ੍ਰਧਾਨ ਮੰਤਰੀ ਦੇ ਨਾਲ ਸਨ।

ਪੀਐਮ ਮੋਦੀ ਨੇ ਆਪਣੇ ਐਕਸ ਅਕਾਊਂਟ 'ਤੇ ਲਿਖਿਆ "ਅੱਜ ਸਵੇਰੇ ਏਐਫਐਸ ਆਦਮਪੁਰ ਗਿਆ ਅਤੇ ਬਹਾਦਰ ਯੋਧਿਆਂ ਨੂੰ ਮਿਲਿਆ। ਹਿੰਮਤ, ਦ੍ਰਿੜਤਾ ਅਤੇ ਨਿਡਰਤਾ ਦੇ ਪ੍ਰਤੀਕ ਲੋਕਾਂ ਨਾਲ ਰਹਿਣਾ ਇੱਕ ਬਹੁਤ ਹੀ ਖਾਸ ਅਨੁਭਵ ਸੀ। ਦੇਸ਼ ਹਮੇਸ਼ਾ ਹਥਿਆਰਬੰਦ ਬਲਾਂ ਦਾ ਧੰਨਵਾਦੀ ਰਹੇਗਾ।"

# ਸੀਬੀਐੱਸਈ ਨੇ 12ਵੀਂ ਦਾ ਨਤੀਜਾ ਐਲਾਨਿਆ, ਕੁੜੀਆਂ ਨੇ ਮੁੜ ਮੁੰਡਿਆਂ ਨੂੰ ਪਛਾੜਿਆ

## ਪਾਸ ਪ੍ਰਤੀਸ਼ਤ 89.39 ਫੀਸਦ ਨਾਲ ਪਿਛਲੇ ਸਾਲ ਨਾਲੋਂ ਬਿਹਤਰ, 24000 ਤੋ ਵੱਧ ਬੱਚਿਆਂ ਦੇ 95 ਫੀਸਦ ਤੋਂ ਵੱਧ ਅੰਕ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਨਵੀਂ ਦਿੱਲੀ, 13 ਮਈਸੀਬੀਐੱਸਈ ਨੇ 12ਵੀਂ ਜਮਾਤ ਦੇ ਨਤੀਜਿਆਂ ਦਾ ਐਲਾਨ ਕਰ ਦਿੱਤਾ ਹੈ। ਪ੍ਰੀਖਿਆਵਾਂ ਦੇ ਕੰਟਰੋਲਰ ਸੰਯਮ ਭਾਰਦਵਾਜ ਨੇ ਕਿਹਾ ਕਿ 12ਵੀਂ ਦੀਆਂ ਬੋਰਡ ਪ੍ਰੀਖਿਆਵਾਂ ਵਿਚ ਮੁੰਡਿਆਂ ਦੇ ਮੁਕਾਬਲੇ ਕੁੜੀਆਂ ਨੇ ਮੁੜ ਬਾਜ਼ੀ ਮਾਰੀ ਹੈ। ਕੁੜੀਆਂ ਨੇ ਐਤਕੀਂ ਮੁੰਡਿਆਂ ਨਾਲੋਂ ਪੰਜ ਫੀਸਦ ਵੱਧ ਅੰਕ ਲਏ ਹਨ। 12ਵੀਂ ਦੀ ਬੋਰਡ ਪ੍ਰੀਖਿਆ ਵਿਚ ਪਾਸ ਪ੍ਰਤੀਸ਼ਤ 88.39 ਫੀਸਦ ਰਹੀ ਜੋ ਪਿਛਲੇ ਸਾਲ ਨਾਲੋਂ ਥੋੜ੍ਹੀ ਵਧ ਹੈ। 1.15 ਲੱਖ ਤੋਂ ਵੱਧ ਵਿਦਿਆਰਥੀਆਂ ਨੇ 90 ਫੀਸਦ ਤੋਂ ਵੱਧ ਨੰਬਰ ਲਏ ਹਨ ਜਦੋਂਕਿ 95 ਫੀਸਦ ਤੋਂ ਵੱਧ ਅੰਕ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ 24000 ਤੋਂ ਜ਼ਿਆਦਾ ਹੈ। 1.29 ਲੱਖ ਤੋਂ ਵੱਧ ਵਿਦਿਆਰਥੀਆਂ ਦੀ ਕੰਪਾਰਟਮੈਂਟ ਆਈ ਹੈ।

# ਨਵੀਂ ਲੱਗਣ ਜਾ ਰਹੀ ਪੇਪਰ ਮਿੱਲ ਨਾਲ ਮੇਰਾ ਕੋਈ ਲੈਣ ਦੇਣ ਨਹੀਂ ਹੈ! ਮੈਂ ਹਲਫੀਆ ਬਿਆਨ ਦੇਣ ਲਈ ਤਿਆਰ ਹਾਂ- ਐਮਪੀ ਚਰਨਜੀਤ ਸਿੰਘ ਚੰਨੀ

## ਮੇਰੇ ਤੇ ਲਗਾਏ ਗਏ ਦੋਸ਼ ਝੂਠੇ ਅਤੇ ਬੇਬੁਨਿਆਦ ਹਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਸ੍ਰੀ ਚਮਕੌਰ ਸਾਹਿਬ 13 ਮਈ (ਹਰਦਿਆਲ ਸਿੰਘ ਸੰਧੂ) ਹਲਕਾ ਸ੍ਰੀ ਚਮਕੌਰ ਸਾਹਿਬ ਦੇ ਨੇੜੇ ਧੋਲਰਾਂ ਅਤੇ ਬੱਸੀ ਗੁੱਜਰਾਂ ਵਿਖੇ ਲੱਗਣ ਵਾਲੀ ਪੇਪਰ ਮਿੱਲ ਦੇ ਮਾਮਲੇ ਵਿੱਚ ਸਥਾਨਕ ਵਿਧਾਇਕ ਨੇ ਮੇਰੇ ਤੇ ਦੋਸ਼ ਲਾਏ ਕਿ ਮੇਰਾ ਪੇਪਰ ਮਿੱਲ ਵਿੱਚ ਹਿੱਸਾ ਹੈ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਸਾਬਕਾ ਮੁੱਖ ਮੰਤਰੀ ਤੇ ਜਲੰਧਰ ਤੋਂ ਮੌਜੂਦਾ ਐਮਪੀ ਚਰਨਜੀਤ ਸਿੰਘ ਚੰਨੀ ਨੇ ਦੱਸਿਆ ਕਿ ਜੇਕਰ ਅੱਜ ਤੋਂ ਪਹਿਲਾਂ ਅਤੇ ਅੱਜ ਤੋਂ 20 ਸਾਲ ਬਾਅਦ ਵੀ ਮੇਰਾ ਕੋਈ ਇਸ ਪੇਪਰ ਮਿੱਲ ਨਾਲ ਹਿੱਸਾ ਪੱਤੀ ਜਾਂ ਕੋਈ ਲੇਣ ਦੇਣ ਹੋਵੇ ਤਾਂ ਮੈਂ ਹਰ ਸਜਾ ਭੁਗਤਣ ਨੂੰ ਤਿਆਰ ਹਾਂ। ਇਸ ਸਬੰਧੀ ਮੌਜੂਦਾ ਐਮਐਲਏ ਡਾਕਟਰ ਚਰਨਜੀਤ ਸਿੰਘ ਹਲਕਾ ਸ੍ਰੀ ਚਮਕੌਰ ਸਾਹਿਬ ਮੇਰੇ ਕੋਲੋਂ ਹਲਫੀਆ ਬਿਆਨ ਲੈ ਲੈਣ ਜੇਕਰ ਉਹ ਸ਼ਰਮ ਦੇ ਮਾਰੇ ਆਪ ਨਹੀਂ ਆ ਸਕਦੇ ਤਾਂ ਆਪਣੇ ਕਿਸੇ ਕਰੀਬੀ ਨੂੰ ਭੇਜ ਕੇ ਮੈਤੋਂ ਇਸ ਸਬੰਧੀ ਸਪਸ਼ਟੀ ਕਰਨ ਲਿਖਤੀ ਰੂਪ ਵਿੱਚ ਲੈ ਲੈਣ ਸਾਬਕਾ ਮੁੱਖ ਮੰਤਰੀ ਨੇ ਇਹ ਵੀ ਕਿਹਾ ਕਿ ਇਸ ਜਮੀਨ ਤੇ ਲੱਗਣ ਵਾਲੀ ਰੁਚਿਰਾ ਪੇਪਰ ਮਿੱਲ ਦੀਆਂ ਗੱਲਾਂ ਮੇਰੇ ਮੁੱਖ ਮੰਤਰੀ ਬਣਨ ਤੋਂ ਪਹਿਲਾਂ ਦੀਆਂ ਹਨ। ਜੇਕਰ ਵਿਰੋਧੀ ਧਿਰ ਮੇਰੇ ਤੇ ਇਹ ਝੂਠਾ ਦੋਸ਼ ਲਾ ਰਹੀ ਹੈ ਤਾਂ ਉਸ ਟਾਈਮ ਐਮਐਲਏ ਸਾਹਿਬ ਜਾਂ ਇਹਨਾਂ ਦੀ ਪਾਰਟੀ ਕਿੱਥੇ ਗਈ ਸੀ ਹੁਣ ਵੀ ਇਹਨਾਂ ਦੀ ਸਰਕਾਰ ਬਣੇ ਨੂੰ ਲਗਭਗ ਤਿੰਨ ਸਾਲ ਹੋ ਚੁੱਕੇ ਹਨ। ਇਹਨਾਂ ਨੇ ਕਦੇ ਇਸ ਪੇਪਰ ਮਿੱਲ ਵਿਰੁੱਧ ਇੱਕ ਵੀ ਬਿਆਨ ਨਹੀਂ ਦਿੱਤਾ ਤੇ ਨਾਂ ਹੀ ਕੋਈ ਕਾਰਵਾਈ ਕੀਤੀ ਹੈ। ਜਦੋਂ ਇਹ ਰੌਲਾ ਪੈ ਗਿਆ ਤਾਂ



ਇਹ ਮੇਰੇ ਤੇ ਝੂਠੇ ਦੋਸ਼ ਲਗਾ ਕੇ ਆਪਣੇ ਆਪ ਨੂੰ ਸਾਫ ਸਿੱਧ ਕਰਨ ਤੇ ਤੁਲੇ ਹੋਏ ਹਨ ਉਹਨਾਂ ਇਹ ਵੀ ਕਿਹਾ ਕਿ ਮੈਂ ਵੀ ਪੇਪਰ ਮਿੱਲ ਦੇ ਵਿਰੋਧ ਵਿੱਚ ਹਾਂ ਤੇ ਸਦਾ ਹੀ ਰਹਾਂਗਾ ਸੰਘਰਸ਼ ਕਮੇਟੀ ਤੇ ਇਲਾਕੇ ਦੇ ਲੋਕਾਂ ਨਾਲ ਹਰ ਸੰਘਰਸ਼ ਲੜਨ ਲਈ ਤਿਆਰ ਹਾਂ।

# ਪਟਿਆਲਾ ਪੁਲਿਸ ਨੇ ਨਾਜਾਇਜ਼ ਸ਼ਰਾਬ ਦੀ ਸਾਜ਼ਿਸ਼ ਨੂੰ ਨਾਕਾਮ ਕੀਤਾ, ਅੰਮ੍ਰਿਤਸਰ ਲਈ ਭੇਜਿਆ ਗਿਆ 600 ਲੀਟਰ ਮੀਥੇਨੌਲ ਜ਼ਬਤ ਕੀਤਾ

## ਬਨੂੜ ਅਤੇ ਰਾਜਪੁਰਾ ਖੇਤਰ ਲੰਬੇ ਸਮੇਂ ਤੋਂ ਰਸਾਇਣਕ ਤਸਕਰੀ ਲਈ ਜਾਣੇ ਜਾਂਦੇ ਹਨ, ਖਾਸ ਕਰਕੇ ਮੀਥੇਨੌਲ, ਜੋ ਟਰੱਕ ਡਰਾਈਵਰਾਂ ਅਤੇ ਢਾਬਾ ਮਾਲਕਾਂ ਦੁਆਰਾ ਚੋਰੀ ਕੀਤੀ ਜਾਂਦੀ ਸੀ ਅਤੇ ਫਿਰ ਗੈਰ-ਕਾਨੂੰਨੀ ਸ਼ਰਾਬ ਬਣਾਉਣ ਲਈ ਵਰਤੀ ਜਾਂਦੀ ਸੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਐਸਐਸਪੀ ਵਰੁਣ ਸ਼ਰਮਾ ਦੀ ਅਗਵਾਈ ਹੇਠ ਪਟਿਆਲਾ ਪੁਲਿਸ ਨੇ ਅੰਮ੍ਰਿਤਸਰ ਜਾ ਰਹੇ 600 ਲੀਟਰ ਤੋਂ ਵੱਧ ਮੀਥੇਨੌਲ ਬਰਾਮਦ ਕੀਤਾ ਹੈ, ਜਿਸਦੀ ਵਰਤੋਂ ਨਾਜਾਇਜ਼ ਸ਼ਰਾਬ ਬਣਾਉਣ ਲਈ ਹੋਣ ਦਾ ਸ਼ੱਕ ਹੈ। ਇੱਕ ਖਾਸ ਸੂਚਨਾ 'ਤੇ ਕਾਰਵਾਈ ਕਰਦਿਆਂ, ਪੁਲਿਸ ਨੇ ਛਾਪਾ ਮਾਰਿਆ ਅਤੇ ਰਸਾਇਣਕ ਮਿਸ਼ਰਣ ਨੂੰ ਜ਼ਬਤ ਕਰ ਲਿਆ। ਬਨੂੜ ਅਤੇ ਰਾਜਪੁਰਾ ਖੇਤਰ ਲੰਬੇ ਸਮੇਂ ਤੋਂ ਰਸਾਇਣਕ ਤਸਕਰੀ ਲਈ ਜਾਣੇ ਜਾਂਦੇ ਹਨ, ਖਾਸ ਕਰਕੇ ਮੀਥੇਨੌਲ, ਜੋ ਟਰੱਕ ਡਰਾਈਵਰਾਂ ਅਤੇ ਢਾਬਾ ਮਾਲਕਾਂ ਦੁਆਰਾ ਚੋਰੀ ਕੀਤਾ ਜਾਂਦਾ ਸੀ ਅਤੇ ਫਿਰ ਗੈਰ-ਕਾਨੂੰਨੀ ਸ਼ਰਾਬ ਬਣਾਉਣ ਲਈ ਵਰਤਿਆ ਜਾਂਦਾ ਸੀ। ਐਸਐਸਪੀ ਵਰੁਣ ਸ਼ਰਮਾ ਦੇ ਅਨੁਸਾਰ, ਮੁੱਢਲੀ ਜਾਂਚ ਤੋਂ ਪਤਾ ਚੱਲਦਾ ਹੈ ਕਿ ਇਹ ਰਸਾਇਣ ਮਜੀਠਾ ਹੂਚ ਦੁਖਾਂਤ ਦੇ ਸਬੰਧ ਵਿੱਚ ਗ੍ਰਿਫ਼ਤਾਰ ਕੀਤੇ ਗਏ ਉਨ੍ਹਾਂ ਹੀ ਮੁਲਜ਼ਮਾਂ ਦੁਆਰਾ ਆਰਡਰ ਕੀਤਾ ਗਿਆ ਸੀ। ਐਸਪੀ (ਜਾਂਚ) ਗੁਰਬੰਸ ਸਿੰਘ ਬੈਂਸ ਨੇ ਦੱਸਿਆ ਕਿ ਪੁਲਿਸ ਨੂੰ ਰਸਾਇਣਕ ਢੋਆ-ਢੁਆਈ ਬਾਰੇ ਖਾਸ ਜਾਣਕਾਰੀ ਮਿਲੀ ਸੀ, ਜਿਸ ਕਾਰਨ ਇਸਨੂੰ ਜ਼ਬਤ ਕੀਤਾ ਗਿਆ। ਮੰਨਿਆ ਜਾ ਰਿਹਾ ਹੈ ਕਿ ਜ਼ਬਤ ਕੀਤਾ ਗਿਆ ਮੀਥੇਨੌਲ ਸੈਂਕੜੇ ਲੀਟਰ ਨਾਜਾਇਜ਼ ਸ਼ਰਾਬ ਬਣਾਉਣ ਲਈ ਕਾਫ਼ੀ ਹੈ। ਐਸਐਸਪੀ ਨੇ ਕਿਹਾ, “ਇਸ ਜ਼ਬਤੀ ਨੇ ਸੰਭਾਵਤ ਤੌਰ 'ਤੇ ਕਈ ਮਾਸੂਮ ਜਾਨਾਂ ਬਚਾਈਆਂ ਹਨ।” ਇੱਕ ਦੋਸ਼ੀ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਹੈ, ਅਤੇ ਛਾਪੇਮਾਰੀ ਜਾਰੀ ਹੈ।

# ਸੰਭਲ ਵਿਚ ਜਾਮਾ ਮਸਜਿਦ ਅਤੇ ਹਰੀਹਰ ਮੰਦਰ ਨਾਲ ਸਬੰਧਤ ਵਿਵਾਦ ਬਾਰੇ ਆਪਣਾ ਫੈਸਲਾ ਰਾਖਵਾਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਅਲਾਹਾਬਾਦ ਹਾਈ ਕੋਰਟ ਨੇ ਉੱਤਰ ਪ੍ਰਦੇਸ਼ ਦੇ ਸੰਭਲ ਵਿਚ ਜਾਮਾ ਮਸਜਿਦ ਅਤੇ ਹਰੀਹਰ ਮੰਦਰ ਨਾਲ ਸਬੰਧਤ ਵਿਵਾਦ ਬਾਰੇ ਆਪਣਾ ਫੈਸਲਾ ਰਾਖਵਾਂ ਰੱਖ ਲਿਆ ਹੈ। ਜਸਟਿਸ ਰੋਹਿਤ ਰੰਜਨ ਅਗਰਵਾਲ ਨੇ ਮਸਜਿਦ ਕਮੇਟੀ ਅਤੇ ਭਾਰਤੀ ਪੁਰਾਤੱਤਵ ਸਰਵੇਖਣ (ਏਐਸਆਈ) ਦੇ ਨਾਲ-ਨਾਲ ਮੁਕੱਦਮੇ ਦੇ ਮੁਦਈ ਹਰੀ ਸ਼ੰਕਰ ਜੈਨ ਦੇ ਵਕੀਲਾਂ ਦੀ ਸੁਣਵਾਈ ਤੋਂ ਬਾਅਦ ਫੈਸਲਾ ਰਾਖਵਾਂ ਰੱਖਿਆ। ਇਸ ਤੋਂ ਪਹਿਲਾਂ 5 ਮਈ ਨੂੰ ਏਐਸਆਈ ਦੇ ਵਕੀਲ ਨੇ ਆਪਣਾ ਜਵਾਬੀ ਹਲਫ਼ਨਾਮਾ ਦਾਇਰ ਕੀਤਾ ਸੀ, ਜਿਸ 'ਤੇ ਜਸਟਿਸ ਰੋਹਿਤ ਰੰਜਨ ਅਗਰਵਾਲ ਨੇ ਮਸਜਿਦ ਕਮੇਟੀ ਨੂੰ ਜਵਾਬ ਦਾਖ਼ਲ ਕਰਨ ਲਈ ਸਮਾਂ ਦਿੱਤਾ ਸੀ ਅਤੇ ਅਗਲੀ ਸੁਣਵਾਈ ਲਈ 13 ਮਈ ਦੀ ਤਰੀਕ ਨਿਰਧਾਰਤ ਕੀਤੀ ਸੀ।

ਹਾਈ ਕੋਰਟ ਨੇ ਇਸ ਤੋਂ ਪਹਿਲਾਂ ਸੰਭਲ ਦੀ ਜ਼ਿਲ੍ਹਾ ਅਦਾਲਤ ਵਿੱਚ ਲੰਬਿਤ ਅਗਲੀ ਤਰੀਕ ਤੱਕ ਮੁਕੱਦਮੇ ਦੀ ਅਗਲੀ ਸੁਣਵਾਈ 'ਤੇ ਰੋਕ ਲਗਾ ਦਿੱਤੀ ਸੀ, ਜਿੱਥੇ ਹਿੰਦੂ ਪੱਖ ਦੇ ਮੁਦਈ ਨੇ ਮੰਗ ਕੀਤੀ ਸੀ ਕਿ ਉਨ੍ਹਾਂ ਕੋਲ ਸ੍ਰੀ ਹਰੀ ਹਰ ਮੰਦਰ ਤੱਕ ਪਹੁੰਚਣ ਦਾ ਅਧਿਕਾਰ ਹੈ। ਪਟੀਸ਼ਨ ਵਿੱਚ ਦੋਸ਼ ਲਾਇਆ ਗਿਆ ਹੈ ਕਿ ਮੁਕੱਦਮਾ ਪਿਛਲੇ ਸਾਲ 19 ਨਵੰਬਰ ਦੀ ਦੁਪਹਿਰ ਨੂੰ ਦਾਇਰ ਕੀਤਾ ਗਿਆ ਸੀ ਅਤੇ ਕੁਝ ਘੰਟਿਆਂ ਵਿੱਚ ਜੱਜ ਨੇ ਇੱਕ ਐਡਵੋਕੇਟ ਕਮਿਸ਼ਨਰ ਨਿਯੁਕਤ ਕੀਤਾ ਅਤੇ ਉਸ ਨੂੰ ਮਸਜਿਦ ਵਿੱਚ ਸ਼ੁਰੂਆਤੀ ਸਰਵੇਖਣ ਕਰਨ ਦਾ ਨਿਰਦੇਸ਼ ਦਿੱਤਾ ਜੋ ਕਿ ਉਸੇ ਦਿਨ 19 ਨਵੰਬਰ ਅਤੇ ਮੁੜ 24 ਨਵੰਬਰ ਨੂੰ ਕੀਤਾ ਗਿਆ ਸੀ।

# ਨਸ਼ਾ ਤਸਕਰ ਦੇ ਗੈਰਕਾਨੂੰਨੀ ਕਬਜ਼ੇ ਵਾਲੇ ਘਰ 'ਤੇ ਪ੍ਰਸ਼ਾਸਨ ਦਾ ਸ਼ਿਕੰਜਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਸਥਾਨਕ ਪ੍ਰਸ਼ਾਸਨ ਨੇ ਸਰਹੱਦੀ ਪਿੰਡ ਨਿਹਾਲਾ ਕਿਲਚਾ ਵਿਚ ਨਾਮੀ ਨਸ਼ਾ ਤਸਕਰ ਜੋਗਿੰਦਰ ਸਿੰਘ ਵੱਲੋਂ ਕਥਿਤ ਤੌਰ 'ਤੇ ਸਰਕਾਰੀ ਜ਼ਮੀਨ ਉੱਤੇ ਬਣਾਏ ਗਏ ਘਰ ਨੂੰ ਢਾਹੁਣ ਦੀ ਕਾਰਵਾਈ ਅੱਜ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਆਰੰਭ ਦਿੱਤੀ ਹੈ। ਸਿਵਲ ਪ੍ਰਸ਼ਾਸਨ ਦੇ ਅਧਿਕਾਰੀ ਭਾਰੀ ਪੁਲੀਸ ਫੋਰਸ ਸਮੇਤ ਮੌਕੇ 'ਤੇ ਮੌਜੂਦ ਹਨ। ਮੌਕੇ 'ਤੇ ਮੌਜੂਦ ਤਹਿਸੀਲਦਾਰ ਅਰਵਿੰਦਰ ਸਿੰਘ ਨੇ ਦੱਸਿਆ ਕਿ ਇਹ ਜਾਇਦਾਦ ਸਰਕਾਰੀ ਜ਼ਮੀਨ 'ਤੇ ਉਸਾਰੀ ਗਈ ਸੀ ਅਤੇ ਇਸ ਸਬੰਧੀ ਪਿਛਲੇ ਕਾਫ਼ੀ ਸਮੇਂ ਤੋਂ ਸਥਾਨਕ ਐਸਡੀਐਮ ਦੀ ਅਦਾਲਤ ਵਿੱਚ ਕੇਸ ਚੱਲ ਰਿਹਾ ਸੀ। ਉਨ੍ਹਾਂ ਦੱਸਿਆ ਕਿ ਹੁਣ ਅਦਾਲਤ ਨੇ ਇਸ ਮਾਮਲੇ ਦਾ ਫ਼ੈਸਲਾ ਸਰਕਾਰ ਦੇ ਹੱਕ ਵਿੱਚ ਸੁਣਾ ਦਿੱਤਾ ਹੈ, ਜਿਸ ਤੋਂ ਬਾਅਦ ਡਿਪਟੀ ਕਮਿਸ਼ਨਰ ਵੱਲੋਂ ਇਸ ਇੱਕ ਏਕੜ ਜ਼ਮੀਨ 'ਤੇ ਕਬਜ਼ਾ ਲੈਣ ਦੇ ਆਦੇਸ਼ ਜਾਰੀ ਕੀਤੇ ਗਏ ਸਨ। ਉਨ੍ਹਾਂ ਇਹ ਵੀ ਸਪੱਸ਼ਟ ਕੀਤਾ ਕਿ ਘਰ ਨੂੰ ਢਾਹੁਣ ਤੋਂ ਪਹਿਲਾਂ ਪ੍ਰਸ਼ਾਸਨ ਨੇ ਘਰ ਦੇ ਮਾਲਕ ਨੂੰ ਅੰਦਰ ਪਿਆ ਆਪਣਾ ਸਮਾਨ ਬਾਹਰ ਕੱਢਣ ਦੀ ਪੂਰੀ ਇਜਾਜ਼ਤ ਦਿੱਤੀ ਹੈ।

ਸਰਹੱਦ ਨੇੜਲੇ ਸੁੰਨਸਾਨ ਖੇਤਰ ਵਿੱਚ ਨਸ਼ਾ ਤਸਕਰੀ ਦੀ ਕਥਿਤ ਕਮਾਈ ਨਾਲ ਬਣੇ ਇਸ ਵਿਸ਼ਾਲ ਘਰ ਦੀ ਸੁਰੱਖਿਆ ਪ੍ਰਣਾਲੀ ਵੇਖ ਕੇ ਅਧਿਕਾਰੀ ਵੀ ਹੈਰਾਨ ਰਹਿ ਗਏ। ਘਰ ਦੀਆਂ ਬਾਹਰੀ ਕੰਧਾਂ 'ਤੇ ਚਾਰੇ ਪਾਸੇ ਕੰਡਿਆਲੀ ਤਾਰ ਲਗਾਈ ਗਈ ਹੈ। ਪੁਲੀਸ ਅਧਿਕਾਰੀ ਮਨਜੀਤ ਸਿੰਘ ਨੇ ਦੱਸਿਆ ਕਿ ਇਸ ਘਰ ਦੇ ਮਾਲਕ ਜੋਗਿੰਦਰ ਸਿੰਘ ਅਤੇ ਉਸ ਦੇ ਪਿਤਾ ਲਾਲ ਸਿੰਘ ਸਮੇਤ ਪਰਿਵਾਰ ਦੇ ਕਈ ਹੋਰ ਮੈਂਬਰ ਨਸ਼ਾ ਤਸਕਰੀ ਦੇ ਗੰਭੀਰ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਉਨ੍ਹਾਂ ਖ਼ਿਲਾਫ਼ ਕਰੀਬ 29 ਮੁਕੱਦਮੇ ਦਰਜ ਹਨ। ਉਨ੍ਹਾਂ ਦੱਸਿਆ ਕਿ ਕੁਝ ਮਾਮਲਿਆਂ ਵਿੱਚ ਇਨ੍ਹਾਂ ਦੋਸ਼ੀਆਂ ਨੂੰ ਸਜ਼ਾਵਾਂ ਵੀ ਹੋ ਚੁੱਕੀਆਂ ਹਨ ਅਤੇ ਕੁਝ ਦਿਨ ਪਹਿਲਾਂ ਹੀ ਪੁਲੀਸ ਨੇ ਇਸ ਘਰ ਵਿੱਚੋਂ ਲੱਖਾਂ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਸੀ। ਪ੍ਰਸ਼ਾਸਨ ਦੀ ਇਸ ਕਾਰਵਾਈ ਨੂੰ ਨਸ਼ਾ ਤਸਕਰਾਂ ਖ਼ਿਲਾਫ਼ ਇੱਕ ਸਖ਼ਤ ਸੰਦੇਸ਼ ਵਜੋਂ ਦੇਖਿਆ ਜਾ ਰਿਹਾ ਹੈ।

# ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਵਿਧਾਇਕ ਗਿਆਸਪੁਰਾ ਦੇ ਦਫਤਰ ਅੱਗੇ ਧਰਨਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵੱਲੋਂ ਹਲਕਾ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਦੇ ਦਫਤਰ ਅੱਗੇ ਇਲਾਕੇ ਦੇ ਪਿੰਡਾਂ ਦੀਆਂ ਸਮੱਸਿਆਵਾਂ ਨੂੰ ਲੈ ਕੇ ਧਰਨਾ ਪ੍ਰਦਰਸ਼ਨ ਦਿੱਤਾ ਗਿਆ ਜਿਸ ਵਿੱਚ ਮੁੱਖ ਤੌਰ 'ਤੇ ਪਿੰਡ ਸੇਖਾ ਦੀ ਪੰਚਾਇਤੀ ਜ਼ਮੀਨ ਦੀ ਬੋਲੀ ਐੱਸਸੀ ਧਰਮਸ਼ਾਲਾ ਵਿਚ ਘੱਟ ਰੇਟ 'ਤੇ ਕਰਵਾਉਣ ਅਤੇ ਤਿੰਨ ਸਾਲਾ ਲੀਜ਼ 'ਤੇ ਦੇਣ ਆਦਿ ਮੰਗਾਂ ਸਨ। ਪਿੰਡ ਸੇਖਾ ਦੇ ਮਜ਼ਦੂਰ ਆਪਣੀਆਂ ਪਿੰਡ ਦੀਆਂ ਮੰਗਾਂ ਨੂੰ ਲੈ ਕੇ ਵਿਧਾਇਕ ਨੂੰ ਮੰਗ ਪੱਤਰ ਦੇਣ ਗਏ ਸਨ ਪਰ ਮਜ਼ਦੂਰਾਂ ਦੀਆਂ ਮੰਗਾਂ ਨੂੰ ਹੱਲ ਕਰਨਾ ਤਾਂ ਦੂਰ ਵਿਧਾਇਕ ਮੰਗ ਪੱਤਰ ਲੈਣ ਤੋਂ ਹੀ ਭੱਜ ਗਏ। ਸਵੇਰ ਤੋਂ ਸ਼ਾਮ ਤੱਕ ਮਜ਼ਦੂਰਾਂ ਨੇ ਇੰਤਜ਼ਾਰ ਕੀਤਾ ਪਰ ਵਿਧਾਇਕ ਨਹੀਂ ਆਏ ਤਾਂ ਅੱਕੇ ਹੋਏ ਕਿਰਤੀ ਲੋਕਾਂ ਨੇ ਵਿਧਾਇਕ ਦੇ ਦਫਤਰ ਦੇ ਗੇਟ ਅੱਗੇ ਆਪਣੇ ਮੰਗ ਪੱਤਰ ਨੂੰ ਚਿਪਕਾ ਕੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ।

ਇਸ ਮੌਕੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਦੇ ਜ਼ੋਨਲ ਆਗੂ ਜਗਤਾਰ ਤੋਲੇਵਾਲ ਨੇ ਕਿਹਾ ਕਿ ਪਿੰਡ ਸੇਖਾ ਦੇ ਮਜ਼ਦੂਰ ਪਿਛਲੇ ਦਿਨਾਂ ਤੋਂ ਲਗਾਤਾਰ ਪੰਚਾਇਤੀ ਜ਼ਮੀਨ ਦੇ ਤੀਜੇ ਹਿੱਸੇ ਦੀ ਬੋਲੀ ਐੱਸਸੀ ਧਰਮਸ਼ਾਲਾ ਵਿੱਚ ਰੇਟ ਘੱਟ ਕਰਵਾਉਣ ਤੇ ਤਿੰਨ ਸਾਲਾਂ ਲਈ ਪਟੇ ਤੇ ਲੈਣ ਦੀ ਮੰਗ ਨੂੰ ਲੈ ਕੇ ਲਗਾਤਾਰ ਵਿਧਾਇਕ ਦੇ ਦਫਤਰ ਦੇ ਗੇੜੇ ਲਗਾ ਰਹੇ ਸਨ। ਜ਼ਿਕਰਯੋਗ ਹੈ ਕਿ ਪਿੰਡ ਦੇ ਸਰਪੰਚ ਅਤੇ ਕੁੱਝ ਧਨਾਢ ਲੋਕਾਂ ਵੱਲੋਂ ਪੰਚਾਇਤੀ ਜ਼ਮੀਨ ਦੇ ਤੀਜੇ ਹਿੱਸੇ ਦੀ ਬੋਲੀ ਪੰਚਾਇਤ ਘਰ ਵਿਚ ਕਰਵਾਉਣ ਤੇ ਡੰਮੀ ਬੋਲੀ ਦੇਣ ਦੀਆਂ ਸਾਜ਼ਿਸ਼ਾਂ ਘੜੀਆਂ ਜਾ ਰਹੀਆਂ ਹਨ ਜਿਸ ਨੂੰ ਲੈ ਕੇ ਇੱਕ ਵਾਰ ਪਹਿਲਾਂ ਵੀ ਬੋਲੀ ਰੱਦ ਹੋ ਚੁੱਕੀ ਹੈ।

# ਮਜੀਠਾ ਖੇਤਰ 'ਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 14 ਮੌਤਾਂ, ਕੁਝ ਦੀ ਹਾਲਤ ਗੰਭੀਰ

## ਪੁਲੀਸ ਵਲੋਂ ਨਕਲੀ ਸ਼ਰਾਬ ਵੇਚਣ ਵਾਲਿਆਂ ਖਿਲਾਫ਼ ਕੇਸ ਦਰਜ; 7 ਮੁਲਜ਼ਮ ਗ੍ਰਿਫ਼ਤਾਰ, ਕਿਸ ਨੂੰ ਵੀ ਨਹੀਂ ਬਖ਼ਸ਼ਾਂਗੇ: ਮਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 9463601616 hardipchumber57@gmail.com

ਅੰਮ੍ਰਿਤਸਰ/ਮਜੀਠਾ, 13 ਮਈਅੰਮ੍ਰਿਤਸਰ ਜ਼ਿਲ੍ਹੇ ਦੇ ਹਲਕਾ ਮਜੀਠਾ ਅਧੀਨ ਆਉਂਦੇ ਕੁਝ ਪਿੰਡਾਂ ਵਿਚ ਬੀਤੀ ਰਾਤ ਜ਼ਹਿਰੀਲੀ ਸ਼ਰਾਬ ਪੀਣ ਕਰਕੇ 14 ਵਿਅਕਤੀਆਂ ਦੀ ਮੌਤ ਹੋ ਗਈ ਜਦੋਂਕਿ ਛੇ ਵਿਅਕਤੀ ਇਸ ਵੇਲੇ ਹਸਪਤਾਲ ਵਿੱਚ ਜ਼ੇਰੇ ਇਲਾਜ ਹਨ ਜਿਨ੍ਹਾਂ ਦੀ ਹਾਲਤ ਗੰਭੀਰ ਦੱਸੀ ਗਈ ਹੈ। ਪੁਲੀਸ ਨੇ ਨਕਲੀ ਸ਼ਰਾਬ ਵੇਚਣ ਵਾਲਿਆਂ ਖਿਲਾਫ ਕੇਸ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਉਧਰ ਮੁੱਖ ਮੰਤਰੀ ਭਗਵੰਤ ਮਾਨ ਨੇ ਜ਼ਹਿਰੀਲੀ ਸ਼ਰਾਬ ਪੀਣ ਕਰਕੇ ਗਈਆਂ ਜਾਨਾਂ 'ਤੇ ਦੁੱਖ ਜਤਾਉਂਦਿਆਂ ਕਿਹਾ ਕਿ ਮਾਸੂਮ ਲੋਕਾਂ ਦਾ ਕਾਤਲਾਂ ਨੂੰ ਨਹੀਂ ਬਖ਼ਸ਼ਿਆ ਜਾਵੇਗਾ। ਉਧਰ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਵੀ ਕਸੂਰਵਾਰਾਂ ਨੂੰ ਨਾ ਬਖ਼ਸ਼ਣ ਦੀ ਗੱਲ ਆਖੀ ਹੈ। ਇਸ ਦੌਰਾਨ ਪੁਲੀਸ ਨੇ ਆਬਕਾਰੀ ਐਕਟ ਅਧੀਨ ਕੇਸ ਦਰਜ ਕਰਕੇ ਮੁੱਖ ਦੋਸ਼ੀ ਪ੍ਰਭਜੀਤ ਸਿੰਘ ਅਤੇ ਉਸ ਦੇ ਸਾਥੀ ਕੁਲਬੀਰ ਸਿੰਘ ਉਰਫ ਜੱਗੂ (ਮੁੱਖ ਦੋਸ਼ੀ ਪ੍ਰਭਜੀਤ ਦਾ ਭਰਾ), ਸਾਹਿਬ ਸਿੰਘ ਉਰਫ ਸਰਾਏ, ਗੁਰਜੰਟ ਸਿੰਘ, ਨਿੰਦਰ ਕੌਰ ਪਤਨੀ ਜੀਤਾ ਵਾਸੀ ਥਰੀਏਵਾਲ ਸਣੇ ਸੱਤ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਸਾਬਕਾ ਵਿਧਾਇਕ ਬਿਕਰਮ ਸਿੰਘ ਮਜੀਠੀਆ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਇਸ ਮਾਮਲੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਜ਼ਿੰਮੇਵਾਰ ਠਹਿਰਾਇਆ ਹੈ।



ਇਸ ਦੌਰਾਨ ਸੂਤਰਾਂ ਮੁਤਾਬਕ ਮੁੱਖ ਮੰਤਰੀ ਭਗਵੰਤ ਮਾਨ ਜਲਦੀ ਹੀ ਸਬੰਧਤ ਪਿੰਡਾਂ ਦਾ ਦੌਰਾ ਕਰ ਸਕਦੇ ਹਨ।

ਜਾਣਕਾਰੀ ਅਨੁਸਾਰ ਬੀਤੀ ਰਾਤ ਪਿੰਡ ਭੰਗਾਲੀ, ਥਰੀਏਵਾਲ, ਮਰੜੀ ਕਲਾਂ, ਤਲਵੰਡੀ ਘੁੰਮਣ, ਪਤਾਲਪੁਰੀ ਆਦਿ ਪਿੰਡਾਂ ਦੇ ਲੋਕਾਂ ਨੇ ਨਜਾਇਜ਼ ਸ਼ਰਾਬ ਵੇਚਣ ਦੇ ਧੰਦੇ ਵਿਚ ਸ਼ਾਮਲ ਕੁਝ ਵਿਅਕਤੀਆਂ ਵਲੋਂ ਸਪਲਾਈ ਕੀਤੀ ਗਈ ਸ਼ਰਾਬ ਪੀਤੀ ਅਤੇ ਕੁਝ ਦੇਰ ਬਾਅਦ ਹੀ ਉਨ੍ਹਾਂ ਦੀ ਤਬੀਅਤ ਵਿਗੜ ਗਈ। ਇਨ੍ਹਾਂ ਵਿਚੋਂ ਕੁਝ ਦੀ ਮਗਰੋਂ ਮੌਤ ਹੋ ਗਈ ਜਦੋਂਕਿ ਬਾਕੀਆਂ ਨੂੰ ਇਲਾਜ ਲਈ ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਚੇਤੇ ਰਹੇ ਕਿ ਕੁਝ ਸਾਲ ਪਹਿਲਾਂ ਕਾਂਗਰਸ ਸਰਕਾਰ ਸਮੇਂ ਵੀ ਇਸ ਇਲਾਕੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ 19 ਵਿਅਕਤੀਆਂ ਦੀ ਮੌਤ ਹੋ ਗਈ ਸੀ ਅਤੇ ਉਸ ਵਕਤ ਇਹ ਮੁੱਦਾ ਬਹੁਤ ਗਰਮਾਇਆ ਸੀ। ਇਹ ਜ਼ਹਿਰੀਲੀ ਸ਼ਰਾਬ ਪਹਿਲਾਂ ਵੀ ਦਰਜਨਾਂ ਘਰਾਂ ਦੇ ਚਿਰਾਗ ਬੁਝਾ ਚੁੱਕੀ ਹੈ।



ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਜ਼ਹਿਰੀਲੀ ਸ਼ਰਾਬ ਪੀਣ ਕਰਕੇ ਮੌਤ ਦੇ ਮੂੰਹ ਪਏ ਪੀੜਤ ਪਰਿਵਾਰਾਂ ਦੀਆਂ ਮਹਿਲਾਵਾਂ ਨੂੰ ਮਿਲਦੇ ਹੋਏ।

ਘਟਨਾ ਦੀ ਜਾਣਕਾਰੀ ਮਿਲਦਿਆਂ ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀਮਤੀ ਸਾਕਸ਼ੀ ਸਾਹਨੀ ਅਤੇ ਐਸ.ਐਸ.ਪੀ. ਅੰਮ੍ਰਿਤਸਰ ਦਿਹਾਤੀ ਮਨਿੰਦਰ ਸਿੰਘ, ਸਿਵਲ ਸਰਜਨ ਕਿਰਨਦੀਪ ਕੌਰ ਸਮੇਤ ਹੋਰ ਉੱਚ ਅਧਿਕਾਰੀ ਮੌਕੇ 'ਤੇ ਪਹੁੰਚ ਗਏ। ਉਨ੍ਹਾਂ ਵਲੋਂ ਸਾਰੇ ਹਾਲਾਤ ਦਾ ਜਾਇਜ਼ਾ ਲਿਆ ਜਾ ਰਿਹਾ ਹੈ।

ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਕੱਲ੍ਹ ਸ਼ਾਮ ਇਸ ਬਾਰੇ ਜਾਣਕਾਰੀ ਮਿਲੀ ਸੀ ਅਤੇ ਉਨ੍ਹਾਂ ਤੁਰੰਤ ਕਾਰਵਾਈ ਕਰਦਿਆਂ ਸਿਹਤ ਵਿਭਾਗ ਦੀਆਂ ਟੀਮਾਂ ਨੂੰ ਪਿੰਡਾਂ 'ਚ ਭੇਜਿਆ ਸੀ। ਇਨ੍ਹਾਂ ਟੀਮਾਂ ਨੇ ਲੋਕਾਂ ਨੂੰ ਪ੍ਰੇਰਿਤ ਕੀਤਾ ਤੇ ਉਨ੍ਹਾਂ ਨੂੰ ਹਸਪਤਾਲਾਂ ਵਿੱਚ ਲਿਆਂਦਾ ਗਿਆ ਹੈ। ਉਨ੍ਹਾਂ ਕਿਹਾ ਕਿ ਕੁਝ ਲੋਕਾਂ ਦੀ ਹਾਲਤ ਬਿਹਤਰ ਹੈ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਜ਼ਹਿਰੀਲੀ ਸ਼ਰਾਬ ਦੀ ਸਪਲਾਈ ਕਰਨ ਵਾਲੇ ਮੁੱਖ ਮੁਲਜ਼ਮ ਨੂੰ ਕਾਬੂ ਕਰ ਲਿਆ ਗਿਆ ਹੈ ਅਤੇ ਹੋਰਨਾਂ ਲੋਕਾਂ ਨੂੰ ਕਾਬੂ ਕਰਨ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਕਿਸੇ ਨੇ ਇਹ ਜ਼ਹਿਰੀਲੀ ਸ਼ਰਾਬ ਪੀਤੀ ਹੈ ਤਾਂ ਉਹ ਆਪਣਾ ਇਲਾਜ ਕਰਵਾਉਣ ਵਾਸਤੇ ਅੱਗੇ ਆਉਣ।

ਮ੍ਰਿਤਕ ਦੇਹਾਂ ਪੋਸਟਮਾਰਟ ਲਈ ਅੰਮ੍ਰਿਤਸਰ ਭੇਜੀਆਂ ਗਈਆਂ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਦੋਸ਼ੀਆਂ ਨੂੰ ਕਿਸੇ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।

ਉਧਰ ਪੁਲੀਸ ਨੇ ਕਾਰਵਾਈ ਕਰਦਿਆਂ ਆਬਕਾਰੀ ਐਕਟ ਅਧੀਨ ਕੇਸ ਦਰਜ ਕਰਕੇ ਪ੍ਰਭਜੀਤ ਸਿੰਘ ਉਰਫ ਬੱਬੂ, ਕੁਲਬੀਰ ਸਿੰਘ ਉਰਫ ਜੱਗੂ ,ਸਾਹਿਬ ਸਿੰਘ ਉਰਫ ਰਾਈ ,ਗੁਰਜੰਟ ਉਰਫ ਜੰਟਾ, ਸਿਕੰਦਰ ਸਿੰਘ ਉਰਫ ਪੱਪੂ ਅਤੇ ਨਿੰਦਰ ਕੌਰ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਇਸ ਗੋਰਖਧੰਦੇ ਵਿਚ ਸ਼ਾਮਲ ਮੁੱਖ ਸਰਗਨੇ ਸਾਹਿਬ ਸਿੰਘ ਨੂੰ ਰਾਜਾਸਾਂਸੀ ਤੋਂ ਗ੍ਰਿਫ਼ਤਾਰ ਕੀਤਾ ਗਿਆ ਹੈ। ਇਸ ਸਰਗਨੇ ਤੋਂ ਸ਼ਰਾਬ ਖਰੀਦਣ ਤੇ ਅੱਗੇ ਪਿੰਡਾਂ ਵਿਚ ਸਪਲਾਈ ਕਰਨ ਵਾਲੇ 4 ਹੋਰ ਮੁਲਜ਼ਮਾਂ ਨੂੰ ਵੀ ਪੁਲੀਸ ਨੇ ਕਾਬੂ ਕੀਤਾ ਹੈ ਪਿਛਲੇ ਸੱਤ ਘੰਟਿਆਂ ਵਿਚ ਕੁੱਲ ਮਿਲਾ ਕੇ 6 ਜਣਿਆਂ ਨੂੰ ਕਾਬੂ ਕੀਤਾ ਹੈ। ਸ਼ਰਾਬ ਸਪਲਾਈ ਕਰਨ ਵਾਲੀਆਂ ਫਰਮਾਂ ਨੂੰ ਫੜਨ ਲਈ ਟੀਮਾਂ ਨੂੰ ਤੁਰੰਤ ਬਾਹਰੀ ਰਾਜ ਵਿੱਚ ਭੇਜਿਆ ਗਿਆ ਹੈ।

ਪੁਲੀਸ ਤੋਂ ਮਿਲੀ ਜਾਣਕਾਰੀ ਮੁਤਾਬਕ ਇਸ ਘਟਨਾ ਵਿੱਚ ਮਰਨ ਵਾਲਿਆਂ ਦੀ ਸ਼ਨਾਖਤ ਮੇਜਰ ਸਿੰਘ ਉਰਫ ਮੋਦੀ, ਪਰਮਜੀਤ ਸਿੰਘ ਉਰਫ ਪੰਮਾ, ਸਰਬਜੀਤ ਸਿੰਘ ਉਰਫ ਸ਼ੱਬਾ, ਤਸਵੀਰ ਸਿੰਘ ਉਰਫ ਸਿਕੰਦਰ ਸਾਰੇ ਵਾਸੀ ਪਿੰਡ ਮਰੜੀ ਕਲਾਂ, ਜੋਗਿੰਦਰ ਸਿੰਘ ਉਰਫ ਮੰਨਾ, ਕਰਨੈਲ ਸਿੰਘ ਉਰਫ ਮਹੰਤ, ਜੀਤਾ ਉਰਫ ਸੀਤੀ ਵਾਸੀ ਪਿੰਡ ਥਰੀਏਵਾਲ, ਬਲਬੀਰ ਸਿੰਘ, ਰਮਨਦੀਪ ਸਿੰਘ, ਰੋਮਨਜੀਤ ਸਿੰਘ ਉਰਫ ਰੋਮੀ ਸਾਰੇ ਵਾਸੀ ਪਿੰਡ ਭੰਗਾਲੀ ਕਲਾਂ ਸ਼ਾਮਲ ਹਨ।

ਮਜੀਠਾ ਪੁਲੀਸ ਵਲੋਂ ਹੁਣ ਤੱਕ ਕੀਤੀ ਗਈ ਜਾਂਚ ਤੋਂ ਪਤਾ ਲੱਗਾ ਹੈ ਕਿ ਪ੍ਰਭਜੀਤ ਸਿੰਘ ਉਰਫ ਬੱਬੂ ਅਤੇ ਕੁਲਬੀਰ ਸਿੰਘ ਉਰਫ ਜੱਗੂ ਭਾਰੀ ਮਾਤਰਾ ਵਿੱਚ ਅਲਕੋਹਲ ਅਤੇ ਨਜਾਇਜ਼ ਸ਼ਰਾਬ ਤਿਆਰ ਕਰਕੇ ਅੱਗੇ ਸਪਲਾਈ ਕਰਦੇ ਹਨ ਅਤੇ ਇਨ੍ਹਾਂ ਵੱਲੋਂ ਅੱਗੇ ਇਹ ਜ਼ਹਿਰੀਲੀ ਸ਼ਰਾਬ ਸਾਹਿਬ ਸਿੰਘ, ਗੁਰਜੰਟ ਉਰਫ ਜੰਟਾ, ਸਿਕੰਦਰ ਸਿੰਘ ਉਰਫ ਪੱਪੂ ਵਾਸੀ ਪਿੰਡ ਮਰੜੀ ਕਲਾਂ, ਨਿੰਦਰ ਕੌਰ, ਪਰਮਜੀਤ ਸਿੰਘ ਉਰਫ ਪੰਮਾ ਵਾਸੀ ਪਿੰਡ ਥਰੀਏਵਾਲ ਅਤੇ ਰਾਜਾ ਵਾਸੀ ਭੰਗਾਲੀ ਕਲਾਂ ਨੂੰ ਸਪਲਾਈ ਕੀਤੀ ਗਈ ਸੀ। ਇਹ ਸ਼ਰਾਬ ਪੀਣ ਤੋਂ ਬਾਅਦ 14 ਵਿਅਕਤੀਆਂ ਦੀ ਮੌਤ ਹੋ ਗਈ ਹੈ।

# ਮਜੀਠਾ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਰਕੇ 17 ਵਿਅਕਤੀਆਂ ਦੀ ਮੌਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 9463601616 hardipchumber57@gmail.com

ਅੰਮ੍ਰਿਤਸਰ ਜ਼ਿਲ੍ਹੇ ਦੇ ਮਜੀਠਾ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਰਕੇ 17 ਵਿਅਕਤੀਆਂ ਦੀ ਮੌਤ ਇਸ ਖੇਤਰ ਵਿੱਚ ਵਾਪਰੇ ਅਜਿਹੇ ਦੁਖਾਂਤਾਂ ਦੀ ਲੜੀ ਵਿੱਚ ਤਾਜ਼ਾ ਘਟਨਾ ਹੈ। ਸਾਲ 2020 ਵਿੱਚ ਅੰਮ੍ਰਿਤਸਰ, ਗੁਰਦਾਸਪੁਰ ਅਤੇ ਤਰਨ ਤਾਰਨ ਜ਼ਿਲ੍ਹਿਆਂ ਵਿੱਚ ਜ਼ਹਿਰੀਲੀ (ਨਕਲੀ) ਸ਼ਰਾਬ ਪੀਣ ਤੋਂ ਬਾਅਦ 120 ਤੋਂ ਵੱਧ ਵਿਅਕਤੀਆਂ ਦੀ ਮੌਤ ਹੋ ਗਈ। ਪਿਛਲੇ ਸਾਲ ਸੰਗਰੂਰ ਵਿੱਚ 24 ਅਜਿਹੀਆਂ ਮੌਤਾਂ ਹੋਈਆਂ ਸਨ।

### ਕੋਈ ਨਿਗਰਾਨੀ ਨਹੀਂ

ਗੈਰਕਾਨੂੰਨੀ ਸ਼ਰਾਬ ਕਿਸੇ ਰੈਗੂਲੇਟਰੀ ਅਥਾਰਿਟੀ ਦੀ ਨਿਗਰਾਨੀ ਤੋਂ ਬਗੈਰ ਤਿਆਰ ਕੀਤੀ ਜਾਂਦੀ ਹੈ, ਜਿਸ ਨਾਲ ਸੁਰੱਖਿਆ, ਗੁਣਵੱਤਾ ਅਤੇ ਮਿਲਾਵਟ ਦਾ ਜੋਖ਼ਮ ਵਧ ਜਾਂਦਾ ਹੈ। ਖਪਤਕਾਰ ਅਜਿਹੀ ਸ਼ਰਾਬ ਵੱਲ ਸਹਿਜੇ ਹੀ ਖਿੱਚੇ ਜਾਂਦੇ ਹਨ ਕਿਉਂਕਿ ਇਸ ਦੀ ਕੀਮਤ ਅਧਿਕਾਰਤ ਵਿਕਰੇਤਾਵਾਂ ਵੱਲੋਂ ਵੇਚੀ ਜਾਣ ਵਾਲੀ ਸ਼ਰਾਬ ਨਾਲੋਂ ਬਹੁਤ ਘੱਟ ਹੈ।

ਦੇਸੀ ਸ਼ਰਾਬ ਜਾਂ 'ਲਾਹਣ' ਇੱਕ ਘੋਲ ਹੈ ਜੋ ਆਮ ਤੌਰ 'ਤੇ ਫਰਮੈਂਟ ਕੀਤੇ ਗੁੜ ਤੋਂ ਬਣਾਇਆ ਜਾਂਦਾ ਹੈ। ਇਸ ਨੂੰ ਵੱਖ-ਵੱਖ ਮਿਸ਼ਰਣਾਂ ਨਾਲ ਮਿਲਾਇਆ ਜਾਂਦਾ ਹੈ, ਜਿਸ ਵਿੱਚ ਸਥਾਨਕ



ਪੌਦਿਆਂ ਤੋਂ ਕੱਢਿਆ ਗਿਆ ਖਮੀਰ ਅਤੇ ਫਰਮੈਂਟ ਕੀਤੇ ਸੰਤਰੇ, ਸੇਬ ਜਾਂ ਜਾਮੁਨ, ਅਤੇ ਨਾਲ ਹੀ ਪਾਣੀ ਸ਼ਾਮਲ ਹੈ ਜੋ ਆਮ ਤੌਰ 'ਤੇ ਤਲਾਬਾਂ ਜਾਂ ਹੋਰ ਥਾਵਾਂ ਤੋਂ ਗੁਣਵੱਤਾ ਦੀ ਗਰੰਟੀ ਤੋਂ ਬਿਨਾਂ ਕੱਢਿਆ ਜਾਂਦਾ ਹੈ। ਜਦੋਂ ਇਹ ਸ਼ਰਾਬ ਖਾਸ ਕਰਕੇ ਮੀਥੇਨੌਲ ਦੀ ਵਰਤੋਂ ਕਰਕੇ ਤਿਆਰ ਕੀਤੀ ਜਾਂਦੀ ਹੈ ਤਾਂ ਉਤਪਾਦ ਸੁਰੱਖਿਆ ਨਾਲ ਬਹੁਤ ਸਮਝੌਤਾ ਕੀਤਾ ਜਾਂਦਾ ਹੈ।

### ਮੀਥੇਨੌਲ ਦਾ ਜੋਖਮ

ਸ਼ਰਾਬ ਵਿਚ ਮਿਲਾਵਟ ਵੱਡੀ ਚਿੰਤਾ ਦਾ ਵਿਸ਼ਾ ਹੈ। ਸਮੱਸਿਆ ਆਮ ਕਰਕੇ ਅਲਕੋਹਲ ਵਾਲੇ ਪੇਅ (ਪੀਣ ਵਾਲੇ) ਪਦਾਰਥਾਂ ਵਿੱਚ ਗੈਰ-ਕਾਨੂੰਨੀ ਮੀਥੇਨੌਲ ਮਿਲਾਉਣ ਨਾਲ ਪੈਦਾ ਹੁੰਦੀ ਹੈ। ਈਥਾਈਲ ਅਲਕੋਹਲ ਜਾਂ ਈਥੇਨੌਲ, ਅਲਕੋਹਲ ਵਾਲੇ ਪੀਣ ਵਾਲੇ ਪਦਾਰਥਾਂ ਦਾ ਮੁੱਖ ਤੱਤ ਹੈ। ਮਿਥਾਈਲ ਅਲਕੋਹਲ ਜਾਂ ਈਥੇਨੌਲ ਦੀ ਮੌਜੂਦਗੀ, ਜੋ ਕਿ ਇੱਕ ਸਸਤਾ ਬਦਲ ਹੈ, ਇਸ ਘੋਲ (ਮਿਸ਼ਰਣ) ਨੂੰ ਘਾਤਕ ਬਣਾ ਸਕਦੀ ਹੈ।

ਪੁਲੀਸ ਮੁਤਾਬਕ ਵਾਧੂ ਨਿਊਟਰਲ ਅਲਕੋਹਲ (ENA), ਜੋ ਕਿ ਉੱਚ ਸ਼ੁੱਧਤਾ ਵਾਲਾ ਈਥੇਨੌਲ ਗ੍ਰੇਡ ਹੈ, ਦੀ ਸਪਲਾਈ ਸ਼ਰਾਬ ਮਾਫੀਆ ਵੱਲੋਂ ਸਪਲਾਈ ਰੂਟਾਂ ਦੇ ਵਿਚਾਲਿਓਂ ਚੋਰੀ ਕੀਤੀ ਜਾਂਦੀ ਹੈ। ਮਜੀਠਾ ਦੁਖਾਂਤ ਵਿੱਚ ਆਨਲਾਈਨ ਪ੍ਰਾਪਤ ਕੀਤੇ ਗਏ ਮੀਥੇਨੌਲ ਦੀ ਵਰਤੋਂ ਜ਼ਹਿਰੀਲੀ (ਨਕਲੀ) ਸ਼ਰਾਬ ਦੇ ਉਤਪਾਦਨ ਵਿੱਚ ਕੀਤੀ ਗਈ ਸੀ। ਕੁਝ ਮਾਮਲਿਆਂ ਵਿੱਚ ਪੇਂਟ ਉਦਯੋਗ ਤੋਂ ਡੀਨੇਚਰਡ ਸਪਿਰਿਟ ਦੀ ਵਰਤੋਂ ਨਕਲੀ ਸ਼ਰਾਬ ਬਣਾਉਣ ਲਈ ਵੀ ਕੀਤੀ ਜਾਂਦੀ ਹੈ। 2020 ਦੇ ਸ਼ਰਾਬ ਦੁਖਾਂਤ ਤੋਂ ਬਾਅਦ, ਲੁਧਿਆਣਾ ਸਥਿਤ ਇੱਕ ਪੇਂਟ ਸਟੋਰ, ਜੋ ਕਥਿਤ ਤੌਰ 'ਤੇ ਵਪਾਰ ਵਿੱਚ ਸ਼ਾਮਲ ਸੀ, ਨੇ ਤਿੰਨ ਡਰੰਮ ਮੀਥੇਨੌਲ ਸਪਲਾਈ ਕਰਨ ਦੀ ਪੁਸ਼ਟੀ ਕੀਤੀ, ਜੋ ਜ਼ਹਿਰੀਲੀ 'ਦੇਸੀ ਦਾਰੂ' ਬਣਾਉਣ ਲਈ ਵਰਤੀ ਗਈ ਸੀ। ਇਹ ਵੀ ਪਤਾ ਲੱਗਾ ਹੈ ਕਿ ਨਕਲੀ ਸ਼ਰਾਬ ਬਣਾਉਣ ਵਾਲੇ ਜੈਵਿਕ ਰਹਿੰਦ-ਖੂੰਹਦ, ਮਰੇ ਹੋਏ ਚੂਹੇ, ਕਿਰਲੀ ਅਤੇ ਇੱਥੋਂ ਤੱਕ ਕਿ ਬੈਟਰੀ ਐਸਿਡ ਦੀ ਵਰਤੋਂ ਕਰਦੇ ਹਨ।

### ਮੀਥੇਨੌਲ ਕੀ ਕਰਦਾ ਹੈ

ਜਦੋਂ ਜਿਗਰ ਪਾਚਨ ਲਈ ਮੀਥੇਨੌਲ ਸਮੱਗਰੀ ਨੂੰ ਤੋੜਨਾ ਸ਼ੁਰੂ ਕਰਦਾ ਹੈ, ਤਾਂ ਜ਼ਹਿਰੀਲੇ ਉਤਪਾਦ ਬਣਦੇ ਹਨ। ਇਹ ਦਿਮਾਗੀ ਪ੍ਰਣਾਲੀ 'ਤੇ ਗੰਭੀਰ ਹਮਲਾ ਕਰਦੇ ਹਨ, ਜਿਸ ਨਾਲ ਅੰਨ੍ਹਾਪਣ ਅਤੇ ਇੱਥੋਂ ਤੱਕ ਕਿ ਹਮੇਸ਼ਾ ਲਈ ਕੋਮਾ ਵਿਚ ਜਾਣ ਦੀ ਨੌਬਤ ਵੀ ਆ ਸਕਦੀ ਹੈ।

ਇਸ ਲਈ ਕਿਹੜੇ ਕਾਨੂੰਨ ਹਨ

ਗੈਰਕਾਨੂੰਨੀ ਸ਼ਰਾਬ ਨਾਲ ਜੁੜੇ ਮਾਮਲਿਆਂ ਦੀ ਸੁਣਵਾਈ ਸੋਧੇ ਹੋਏ ਪੰਜਾਬ ਆਬਕਾਰੀ ਐਕਟ, 1914 ਤਹਿਤ ਕੀਤੀ ਜਾਂਦੀ ਹੈ। ਮੁੱਖ ਅਪਰਾਧਾਂ ਵਿੱਚ ਮਿਲਾਵਟਖੋਰੀ, ਬਿਨਾਂ ਡਿਊਟੀ ਭੁਗਤਾਨ ਵਾਲੀ ਸ਼ਰਾਬ ਰੱਖਣਾ, ਗੈਰ-ਕਾਨੂੰਨੀ ਨਿਰਮਾਣ ਅਤੇ ਸ਼ਰਾਬ ਵਿੱਚ ਹਾਨੀਕਾਰਕ ਪਦਾਰਥ ਮਿਲਾਉਣਾ ਸ਼ਾਮਲ ਹਨ।

ਸਜ਼ਾਵਾਂ ਵਿੱਚ ਕੈਦ ਅਤੇ ਜੁਰਮਾਨੇ ਸ਼ਾਮਲ ਹਨ। ਤਿੰਨ ਤੋਂ ਸੱਤ ਸਾਲ ਤੱਕ ਕੈਦ ਹੋ ਸਕਦੀ ਹੈ। 2-3 ਲੱਖ ਰੁਪਏ ਦਾ ਜੁਰਮਾਨਾ ਹੋ ਸਕਦਾ ਹੈ। ਜ਼ਹਿਰੀਲੀ (ਨਕਲੀ) ਸ਼ਰਾਬ ਪੀਣ ਕਾਰਨ ਮੌਤ ਹੋਣ ਦੀ ਸੂਰਤ ਵਿੱਚ ਉਮਰ ਕੈਦ ਦੀ ਸਜ਼ਾ ਅਤੇ 10 ਲੱਖ ਰੁਪਏ ਦਾ ਜੁਰਮਾਨਾ ਹੋ ਸਕਦਾ ਹੈ।

# ਦਿਨ ਚੜ੍ਹਦੇ ਹੀ ਬਰਨਾਲਾ ਪੁਲੀਸ ਤੇ ਗੈਂਗਸਟਰ ਵਿਚਾਲੇ ਮੁਕਾਬਲਾ

## ਗੈਂਗਸਟਰ ਗ੍ਰਿਫ਼ਤਾਰ, ਲੱਤ 'ਚ ਗੋਲੀ ਲੱਗਣ ਕਰਕੇ ਹਸਪਤਾਲ ਦਾਖ਼ਲ ਕਰਵਾਇਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 9463601616 hardipchumber57@gmail.com

ਮਹਿਲ ਕਲਾਂ, 13 ਮਈ ਹਲਕੇ ਦੇ ਪਿੰਡ ਟੱਲੇਵਾਲ ਵਿੱਚ ਬਰਨਾਲਾ-ਮੋਗਾ ਕੌਮੀ ਮਾਰਗ ਤੋਂ ਪਿੰਡ ਵਿਧਾਤਾ ਲਿੰਕ ਸੜਕਾਂ 'ਤੇ ਅੱਜ ਸਵੇਰੇ ਪੁਲੀਸ ਅਤੇ ਗੈਂਗਸਟਰ ਦਰਮਿਆਨ ਮੁਕਾਬਲਾ ਹੋ ਗਿਆ ਅਤੇ ਇਸ ਦੌਰਾਨ ਕਰਾਸ ਫਾਇਰਿੰਗ ਵੀ ਹੋਈ। ਟੱਲੇਵਾਲ ਪੁਲੀਸ ਅਤੇ ਸੀਆਈਏ ਸਟਾਫ ਦੀ ਟੀਮ ਵੱਲੋਂ ਇਥੇ ਨਾਕਾਬੰਦੀ ਕੀਤੀ ਹੋਈ ਸੀ।

ਘਟਨਾ ਸਥਾਨ 'ਤੇ ਪਹੁੰਚੇ ਐਸਐਸਪੀ ਮੁਹੰਮਦ ਸਰਫਰਾਜ ਆਲਮ ਅਤੇ



ਸੀਆਈਏ ਸਟਾਫ਼ ਦੇ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਨਾਕਾਬੰਦੀ ਦੌਰਾਨ ਇੱਕ ਮੋਟਰਸਾਈਕਲ ਸਵਾਰ ਨੂੰ ਰੋਕਣ ਦੀ ਕੋਸ਼ਿਸ਼ ਕੀਤੀ ਤਾਂ ਉਸ ਨੇ ਪੁਲੀਸ 'ਤੇ ਫਾਇਰਿੰਗ ਕਰ ਦਿੱਤੀ। ਇਸ ਦੌਰਾਨ ਪੁਲੀਸ ਵਲੋਂ ਵੀ ਕਰਾਸ ਫਾਇਰਿੰਗ ਕੀਤੀ ਗਈ ਅਤੇ ਉਕਤ ਮੋਟਰਸਾਈਕਲ ਸਵਾਰ ਦੇ ਲੱਤ ਵਿੱਚ ਗੋਲੀ ਲੱਗੀ ਅਤੇ ਉਸ ਨੂੰ ਤੁਰੰਤ ਗ੍ਰਿਫ਼ਤਾਰ ਕਰ ਲਿਆ ਗਿਆ। ਮੁਲਜ਼ਮ ਵਲੋਂ ਚਲਾਈ ਗੋਲੀ ਵੀ ਪੁਲੀਸ ਦੀ ਸਰਕਾਰੀ ਗੱਡੀ 'ਤੇ ਲੱਗੀ ਹੈ।

ਪੁਲੀਸ ਮੁਤਾਬਕ ਮੁਲਜ਼ਮ ਦੀ ਪਛਾਣ ਲਵਪ੍ਰੀਤ ਸਿੰਘ ਉਰਫ਼ ਜੈਂਡੇ ਵਾਸੀ ਮਹਿਲ ਖੁਰਦ ਵਜੋਂ ਹੋਈ ਹੈ, ਜੋ ਇੱਕ ਨਾਮੀ ਗੈਂਗਸਟਰ ਸੁੱਖਾ ਦੁਨੇਕੇ ਦੇ ਗੈਂਗ ਦਾ ਮੈਂਬਰ ਹੈ। ਉਨ੍ਹਾਂ ਦੱਸਿਆ ਕਿ ਇਸ ਵਿਅਕਤੀ ਉਪਰ ਮੋਗਾ, ਬਰਨਾਲਾ ਅਤੇ ਲੁਧਿਆਣਾ ਜ਼ਿਲ੍ਹਿਆਂ ਵਿੱਚ ਕਤਲ, ਫਿਰੌਤੀ ਅਤੇ ਲੁੱਟ-ਖੋਹ ਦੇ ਕਈ ਕੇਸ ਦਰਜ ਹਨ। ਮੋਗਾ ਵਿੱਚ ਇੱਕ ਮਾਮਲੇ 'ਚ ਇਹ ਵਿਅਕਤੀ ਭਗੌੜਾ ਵੀ ਸੀ। ਉਨ੍ਹਾਂ ਦੱਸਿਆ ਕਿ ਇਸ ਮੁਕਾਬਲੇ ਵਿੱਚ ਮੁਲਜ਼ਮ ਨੂੰ ਗ੍ਰਿਫ਼ਤਾਰ ਕਰਕੇ ਬਰਨਾਲਾ ਦੇ ਸਰਕਾਰੀ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ। ਪੁਲੀਸ ਵੱਲੋਂ ਇਸ ਮਾਮਲੇ ਵਿੱਚ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ। ਪੁਲੀਸ ਵਲੋਂ ਇੱਕ ਪਿਸਤੌਲ ਤੇ ਮੋਟਰਸਾਈਕਲ ਬਰਾਮਦ ਕੀਤਾ ਗਿਆ ਹੈ।

# ਸ਼ੋਪੀਆਂ ਮੁਕਾਬਲੇ ਵਿਚ ਤਿੰਨ ਦਹਿਸ਼ਤਗਰਦ ਢੇਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 9463601616 hardipchumber57@gmail.com

ਜੰਮੂ ਕਸ਼ਮੀਰ ਦੇ ਸ਼ੋਪੀਆਂ ਜ਼ਿਲ੍ਹੇ ਵਿਚ ਸਲਾਮਤੀ ਦਸਤਿਆਂ ਨੇ ਮੁਕਾਬਲੇ ਦੌਰਾਨ ਤਿੰਨ ਦਹਿਸ਼ਤਗਰਦਾਂ ਨੂੰ ਮਾਰ ਮੁਕਾਇਆ ਹੈ।

ਅਧਿਕਾਰੀਆਂ ਨੇ ਕਿਹਾ ਕਿ ਸੁਰੱਖਿਆ ਬਲਾਂ ਨੇ ਦੱਖਣੀ



ਕਸ਼ਮੀਰ ਦੇ Shukroo Keller ਇਲਾਕੇ ਵਿਚ ਦਹਿਸ਼ਤਗਰਦਾਂ ਦੀ ਮੌਜੂਦੀ ਸਬੰਧੀ ਜਾਣਕਾਰੀ ਮਿਲਣ 'ਤੇ ਇਲਾਕੇ ਨੂੰ ਘੇਰਾ ਪਾ ਕੇ ਤਲਾਸ਼ੀ ਮੁਹਿੰਮ ਵਿੱਢੀ ਸੀ।

ਇਸ ਦੌਰਾਨ ਉਥੇ ਲੁਕੇ ਦਹਿਸ਼ਤਗਰਦਾਂ ਨੇ ਸੁਰੱਖਿਆ ਬਲਾਂ 'ਤੇ ਫਾਇਰਿੰਗ ਕਰ ਦਿੱਤੀ ਜਿਸ ਦਾ ਢੁੱਕਵਾਂ ਜਵਾਬ ਦਿੱਤਾ ਗਿਆ। ਇਸ ਦੌਰਾਨ ਦੁਵੱਲੀ ਗੋਲੀਬਾਰੀ ਵਿਚ ਤਿੰਨ ਦਹਿਸ਼ਤਗਰਦ ਮਾਰੇ ਗਏ। ਦਹਿਸ਼ਤਗਰਦਾਂ ਦੀ ਸ਼ਨਾਖਤ ਕੀਤੀ ਜਾ ਰਹੀ ਹੈ ਜਦੋਂਕਿ ਅਪਰੇਸ਼ਨ ਅਜੇ ਵੀ ਜਾਰੀ ਹੈ। -ਪੀਟੀਆਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 9463601616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

ਬਾਬਾ ਸਾਹਿਬ ਕਹਿੰਦੇ ਹਨ

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੋ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

## ਕਲ੍ਹ ਦੇ ਲੇਖ ਦਾ ਬਾਕੀ ਭਾਗ

## 5 ਲੱਖ ਤੋਂ ਵੱਧ ਹਾਜ਼ਰੀ

ਡਾ: ਬਾਬਾ ਸਾਹਿਬ ਅੰਬੇਡਕਰ ਮਹਾਸਥਵੀਰ ਭਿਖਸ਼ੂ ਚੰਦਰਮਣੀ ਦੇ ਨਾਲ ਸਵੇਰੇ 9.30 ਵਜੇ ਸਮਾਗਮ ਵਾਲੀ ਥਾਂ 'ਤੇ ਪਹੁੰਚੇ | ਉਦੋਂ ਤੱਕ ਪੂਰਾ ਪੰਡਾਲ ਲੋਕਾਂ ਨਾਲ ਭਰ ਗਿਆ ਸੀ। ਲਗਭਗ 5 ਤੋਂ 6 ਲੱਖ ਲੋਕ ਮੌਜੂਦ ਸਨ ਅਤੇ ਉਨ੍ਹਾਂ ਵਿੱਚੋਂ 3 ਤੋਂ 4 ਲੱਖ ਲੋਕ ਬਾਹਰੋਂ ਸਨ। 'ਭਗਵਾਨ ਬੁੱਧ ਦੀ ਜੈ',



'ਬਾਬਾਸਾਹਿਬ ਕਰੇ ਪੁਕਾਰ ਬੁੱਧ ਧਰਮ ਕਰੋ ਸਵਿਕਾਰ' ਵਰਗੇ ਨਾਅਰਿਆਂ ਨਾਲ ਮਾਹੌਲ ਗੂੰਜ ਰਿਹਾ ਸੀ।

ਸਟੇਜ ਦੇ ਸਾਹਮਣੇ ਇੱਕ ਮੇਜ਼ ਉੱਤੇ ਭਗਵਾਨ ਬੁੱਧ ਦੀ ਕਾਂਸੀ ਦੀ ਮੂਰਤੀ ਰੱਖੀ ਗਈ ਸੀ, ਜਿਸ ਦੇ ਦੋਵੇਂ ਪਾਸੇ ਸ਼ੇਰ ਸੀ। ਸਾਹਮਣੇ ਧੂੱਫ ਜਲ ਰਹੀ ਸੀ। ਬਾਬਾ ਸਾਹਿਬ ਦੇ ਪਿਤਾ ਦੀ ਬਰਸੀ ਨੂੰ ਯਾਦ ਕਰਦਿਆਂ ਸਮਾਰੋਹ ਦਾ ਉਦਘਾਟਨ ਪ੍ਰੋਗਰਾਮ ਦੀ ਸ਼ੁਰੂਆਤ ਸ਼੍ਰੀਮਤੀ ਇੰਦੁਤਾਈ ਵਰਾਲੇ ਦੁਆਰਾ ਗਾਏ ਗਏ ਸਵਾਗਤ ਗੀਤ ਨਾਲ ਹੋਈ। ਉਸ ਤੋਂ ਬਾਅਦ, ਡਾ. ਬਾਬਾ ਸਾਹਿਬ ਅੰਬੇਡਕਰ ਦੇ ਪਿਤਾ, ਸਵਰਗੀ ਰਾਮਜੀ ਮਾਲੋਜੀ ਅੰਬੇਡਕਰ ਦੀ ਮੌਤ ਦੀ ਮਿਤੀ ਵੀ ਉਸੇ ਦਿਨ, ਯਾਨੀ 14 ਅਕਤੂਬਰ, 1956 ਨੂੰ ਆਈ, ਇਸ ਲਈ, ਉੱਥੇ ਮੌਜੂਦ ਪੰਜ ਲੱਖ ਤੋਂ ਵੱਧ ਲੋਕਾਂ ਨੇ ਉਨ੍ਹਾਂ ਨੂੰ ਸ਼ਰਧਾਂਜਲੀ ਦੇਣ ਲਈ ਕੁਝ ਮਿੰਟਾਂ ਲਈ ਮੌਨ ਰੱਖਿਆ।

ਬਾਅਦ ਵਿੱਚ, ਡਾ. ਬਾਬਾ ਸਾਹਿਬ ਅਤੇ ਮਾਈਸਾਹੇਬ ਪੂਜਯ ਚੰਦਰਮਣੀ ਦੇ ਸਾਹਮਣੇ ਖੜ੍ਹੇ ਹੋਏ ਅਤੇ ਭਗਵਾਨ ਬੁੱਧ ਦੀ ਮੂਰਤੀ ਦੇ ਸਾਹਮਣੇ ਆਪਣੇ ਹੱਥ ਜੋੜ ਕੇ ਕਿਹਾ -

ਨਮੋ ਤਸ ਭਗਵਤੇ ਅਰਹਤੋ ਸੰਮਸਬੁੱਧਸ ਅਰਥ - ਮੈਂ ਮੁਕਤ, ਸੰਪੂਰਨ ਅਤੇ ਜਾਗ੍ਰਿਤ ਭਗਵਾਨ ਬੁੱਧ ਨੂੰ ਨਮਨ ਕਰਦਾ ਹਾਂ।

ਉਸਨੇ ਇਹ ਗੱਲ ਪਾਲੀ ਭਾਸ਼ਾ ਵਿੱਚ ਲਗਾਤਾਰ ਤਿੰਨ ਵਾਰ ਕਹੀ। ਇਸ ਤੋਂ ਬਾਅਦ, ਪੂਜਯੰਤ ਚੰਦਰਮਣੀ ਨੇ ਅੰਬੇਡਕਰ ਜੋੜੇ ਨੂੰ ਉਧੱਤ ਸਰਨੰਤਯਮ (ਤਿੰਨ ਸਿਧਾਂਤ) ਅਤੇ ਪੰਚਸੀਲਾਨੀ (ਪੰਜ ਸਿਧਾਂਤ) ਦਾ ਪਾਠ ਕਰਨ ਲਈ ਕਿਹਾ ਅਤੇ ਉਨ੍ਹਾਂ ਨੂੰ ਇਨ੍ਹਾਂ ਦਾ ਪਾਠ ਕਰਨ ਲਈ ਕਿਹਾ।

ਸਰਨੰਤਯਮ (ਤਿੰਨ ਅਨੁਯਾਈ)
ਬੁਧਮ ਸਰਣਮ ਗੱਛਮੀ ||
ਧੰਮਮ ਸਰਣਮ ਗਛਮੀ||
ਸੰਗਮ ਸਰਣਮ ਗੱਛਮੀ||
ਦੁਤਿਯਮਪਿ, ਬੁਧਮ ਸਰਣਮ ਗੱਛਮੀ ॥
ਦੁਤਿਯਮਪਿ, ਧੰਮਮ ਸਰਣਮ ਗੱਛਮੀ ॥
ਦੂਤਿਯਮਪਿ, ਸੰਗਮ ਸਰਣਮ ਗੱਛਮੀ ||

ਤਤੀਯਮਪਿ, ਬੁਧਮ ਸਰਣਮ ਗੱਛਮੀ ॥
ਤਤੀਯਮਪਿ, ਧੰਮਮ ਸਰਣਮ ਗੱਛਮੀ ॥
ਤਤੀਯਮਪਿ, ਸੰਗਮ ਸਰਣਮ ਗੱਛਮੀ ||

(ਭਾਵ - ਮੈਂ ਬੁੱਧ ਦਾ ਪਾਲਣ ਕਰਦਾ ਹਾਂ)
ਮੈਂ ਉਸਦੇ ਧੰਮ ਦੀ ਪਾਲਣਾ ਕਰਦਾ ਹਾਂ।
ਮੈਂ ਉਸਦੀ ਸੰਗਤ ਦੀ ਪਾਲਣਾ ਕਰਦਾ ਹਾਂ)
ਫਿਰ, ਮੈਂ ਬੁੱਧ ਦਾ ਪਾਲਣ ਕਰਦਾ ਹਾਂ।
ਫਿਰ ਤੋਂ, ਮੈਂ ਉਸਦੇ ਧੰਮ ਦੀ ਪਾਲਣਾ ਕਰਦਾ ਹਾਂ।
ਦੁਬਾਰਾ, ਮੈਂ ਉਸਦੇ ਸੰਘ ਦੀ ਪਾਲਣਾ ਕਰਦਾ ਹਾਂ।
ਤੀਜੀ ਵਾਰ, ਮੈਂ ਬੁੱਧ ਦਾ ਪਾਲਣ ਕਰਦਾ ਹਾਂ
ਫਿਰ ਤੋਂ, ਮੈਂ ਉਸਦੇ ਧੰਮ ਦੀ ਪਾਲਣਾ ਕਰਦਾ ਹਾਂ।
ਫਿਰ ਤੋਂ, ਮੈਂ ਉਸਦੀ ਸੰਗਤ ਦੀ ਪਾਲਣਾ ਕਰਦਾ ਹਾਂ।
ਪੰਚਸੀਲਾਨੀ
ਪਨਾਥੀਪਾਤਾ ਵੇਰਮਾਨੀ -
ਸਿੱਖਾਪਦਮ ਸਮਾਦੀਆਮੀ ||1||
ਆਦਿਨਾਦਨਾ ਵੇਰਮਣੀ-
ਸਿੱਖਾਪਦਮ ਸਮਾਦੀਆਮੀ ||2||
ਕਾਮੇਸੁ ਮਿਚ੍ਛਰਾ ਵੇਰਮਾਨਿ ।
ਸਿੱਖਾਪਦਮ ਸਮਾਦਿਯਮੀ ॥ 13 ॥
ਮੁਸਾਵਦਾ ਵੇਰਮਾਨੀ -
ਸਿੱਖਾਪਦਮ ਸਮਾਦਿਆਮੀ || 4 ||
ਸੁਰਾ - ਮੇਰੈ-ਮਜ - ਪਮਦਤ੍ਥਨਾ ਵੇਰਮਾਣਿ
ਸਿੱਖਾਪਦਮ ਸਮਾਦਿਆਮੀ ||5||

### ਭਾਵ-

1. ਮੈਂ ਕਿਸੇ ਵੀ ਜੀਵਤ ਪ੍ਰਾਣੀ ਵਿਰੁੱਧ ਹਿੰਸਾ ਵਿੱਚ ਸ਼ਾਮਲ ਨਾ ਹੋਣ ਦੀ ਸਹੁੰ ਖਾਂਦਾ ਹਾਂ।
2. ਮੈਂ ਚੋਰੀ ਤੋਂ ਬਚਣ ਦੀ ਸਹੁੰ ਖਾਂਦਾ ਹਾਂ।
3. ਮੈਂ ਜਿਨਸੀ ਦੁਰਾਚਾਰ ਵਿੱਚ ਸ਼ਾਮਲ ਨਾ ਹੋਣ ਦੀ ਸਹੁੰ ਖਾਂਦਾ ਹਾਂ।
4. ਮੈਂ ਝੂਠ ਬੋਲਣ ਤੋਂ ਬਚਣ ਦੀ ਸਹੁੰ ਖਾਂਦਾ ਹਾਂ।
5. ਮੈਂ ਸ਼ਰਾਬ ਅਤੇ ਸਾਰੇ ਉਤੇਜਕ ਪਦਾਰਥਾਂ ਦੇ ਸੇਵਨ ਤੋਂ ਪਰਹੇਜ਼ ਕਰਨ ਦੀ ਸਹੁੰ ਖਾਂਦਾ ਹਾਂ। ਬੁੱਧ ਦੇ ਚਰਨਾਂ ਵਿੱਚ

ਇਸ ਤੋਂ ਬਾਅਦ ਜੋੜੇ ਨੇ ਭਗਵਾਨ ਬੁੱਧ ਦੀ ਮੂਰਤੀ ਨੂੰ ਕਮਲ ਦੇ ਫੁੱਲਾਂ ਦੀ ਮਾਲਾ ਭੇਟ ਕੀਤੀ।

ਡਾ. ਬਾਬਾ ਸਾਹਿਬ ਅੰਬੇਡਕਰ ਨੇ ਭਗਵਾਨ ਬੁੱਧ ਦੇ ਚਰਨਾਂ ਵਿੱਚ ਤਿੰਨ ਵਾਰ ਸਿਰ ਝੁਕਾਇਆ ਅਤੇ ਸ਼ਰਧਾਂਜਲੀ ਭੇਟ ਕੀਤੀ।

### ਉਸ ਤੋਂ ਬਾਅਦ ਡਾਕਟਰ ਸਾਹਿਬ ਨੇ ਕਿਹਾ,

"ਭੈਣੋਂ ਅਤੇ ਭਰਾਵੋ, ਅਸੀਂ ਦੋਵਾਂ ਨੇ ਤੁਹਾਡੇ ਸਾਹਮਣੇ ਭਿੱਖੂ ਚੰਦਰਮਣੀ ਤੋਂ ਬੁੱਧ ਧਰਮ ਅਪਣਾਇਆ ਹੈ। ਭੰਤੇ ਚੰਦਰਮਣੀ ਭਾਰਤ ਦੇ ਸਭ ਤੋਂ ਸੀਨੀਅਰ ਭਿਕਸ਼ੂ ਹਨ। ਸਾਨੂੰ ਪਾਲੀ ਭਾਸ਼ਾ ਵਿੱਚ ਬੁੱਧ ਧਰਮ ਦੀ ਕਿਰਪਾ ਪ੍ਰਾਪਤ ਹੋਈ। ਅਸੀਂ ਉਸ ਕਿਰਪਾ ਦਾ ਮਰਾਠੀ ਵਿੱਚ ਅਨੁਵਾਦ ਕਰਕੇ ਇੱਕ ਵਾਰ ਫਿਰ ਕਿਰਪਾ ਪ੍ਰਾਪਤ ਕਰ ਰਹੇ ਹਾਂ।"

ਇਸ ਤੋਂ ਬਾਅਦ, ਲਾਉਡਸਪੀਕਰ ਤੋਂ ਡਾ. ਬਾਬਾ ਸਾਹਿਬ ਅੰਬੇਡਕਰ ਦੀ ਭਾਰੀ ਆਵਾਜ਼ ਸੁਣਾਈ ਦਿੱਤੀ।

ਭੈਣੋ ਅਤੇ ਭਰਾਵੋ,

ਅਨੁਗ੍ਰਹ ਤੂੰ ਮਰਾਠੀ ਵਿੱਚ ਵੀ ਜਾਣਿਆ ਹੈ। ਹੁਣ ਮੈਂ ਤੁਹਾਨੂੰ ਸਾਰਿਆਂ ਨੂੰ ਬੁੱਧ ਧਰਮ ਦੀ ਦੀਖਿਆ ਦੇਣ ਜਾ ਰਿਹਾ ਹਾਂ। ਜਿਹੜੇ ਲੋਕ ਹਿੰਦੂ ਧਰਮ ਨੂੰ ਛੱਡ ਕੇ ਬੁੱਧ ਧਰਮ ਅਪਣਾਉਣਾ ਚਾਹੁੰਦੇ ਹਨ, ਕਿਰਪਾ ਕਰਕੇ ਖੜ੍ਹੇ ਹੋਵੋ ਅਤੇ ਮੇਰੇ ਸ਼ਬਦਾਂ ਨੂੰ ਮੇਰੇ ਮਗਰ ਦੁਹਰਾਓ -

ਸਾਰੀ ਸੁਸਾਇਟੀ, ਯਾਨੀ ਲਗਭਗ ਪੰਜ ਲੱਖ ਲੋਕ ਉੱਥੇ ਖੜ੍ਹੇ ਸਨ। ਅਸੀਂ ਰਿਪੋਰਟਰ ਹੀ ਇਸ ਵਿੱਚ ਅਪਵਾਦ ਸੀ।

ਡਾ. ਬਾਬਾ ਸਾਹਿਬ ਅੰਬੇਡਕਰ ਨੇ ਇਨ੍ਹਾਂ ਸਾਰੇ ਲੋਕਾਂ ਨੂੰ ਬੁੱਧ ਧਰਮ ਵਿੱਚ ਗੰਭੀਰਤਾ ਨਾਲ ਦੀਖਿਆ ਦਿੱਤੀ। ਇਸ ਤੋਂ ਬਾਅਦ, ਡਾ. ਬਾਬਾ ਸਾਹਿਬ ਅੰਬੇਡਕਰ ਨੇ ਉਮੀਦਵਾਰਾਂ ਤੋਂ ਦੀਖਿਆ ਸਮਾਰੋਹ ਦੇ ਹਿੱਸੇ ਵਜੋਂ 22 ਸਹੁੰਆਂ ਲਈਆਂ। ਉਹ ਇਸ ਪ੍ਰਕਾਰ ਹਨ -

### ਬੋਧੀਆਂ ਦੀਆਂ ਸਹੁੰਆਂ-

1. ਮੈਂ ਬ੍ਰਹਮਾ, ਵਿਸ਼ਨੂੰ, ਮਹੇਸ਼ ਨੂੰ ਪਰਮਾਤਮਾ ਨਹੀਂ ਮੰਨਾਂਗਾ ਅਤੇ ਨਾ ਹੀ ਉਨ੍ਹਾਂ ਦੀ ਪੂਜਾ ਕਰਾਂਗਾ।
2. ਮੈਂ ਰਾਮ ਜਾਂ ਕ੍ਰਿਸ਼ਨ ਨੂੰ ਪਰਮਾਤਮਾ ਵਜੋਂ ਨਹੀਂ ਮੰਨਾਂਗਾ ਜਾਂ ਉਨ੍ਹਾਂ ਦੀ ਪੂਜਾ ਨਹੀਂ ਕਰਾਂਗਾ।
3. ਮੈਂ ਹਿੰਦੂ ਧਰਮ ਦੇ ਕਿਸੇ ਵੀ ਦੇਵਤੇ ਜਿਵੇਂ ਕਿ ਗੌਰੀ, ਗਣਪਤੀ ਆਦਿ ਵਿੱਚ ਵਿਸ਼ਵਾਸ ਜਾਂ ਪੂਜਾ ਨਹੀਂ ਕਰਾਂਗਾ।
4. ਮੈਂ ਇਹ ਵਿਸ਼ਵਾਸ ਨਹੀ ਕਰਦਾ ਕਿ ਪਰਮਾਤਮਾ ਨੇ ਅਵਤਾਰ ਲਿਆ।
5. ਮੇਰਾ ਮੰਨਣਾ ਹੈ ਕਿ ਬੁੱਧ ਵਿਸ਼ਨੂੰ ਦਾ ਅਵਤਾਰ ਹਨ, ਇਹ ਝੂਠਾ ਅਤੇ ਗੁੰਮਰਾਹਕੁੰਨ ਪ੍ਰਚਾਰ ਹੈ।
6. ਮੈਂ ਸ਼ਰਾਧ ਨਹੀਂ ਕਰਾਂਗਾ ਅਤੇ ਪਿੰਡਦਾਨ ਨਹੀਂ ਚੜ੍ਹਾਵਾਂਗਾ।
7. ਮੈਂ ਕਿਸੇ ਵੀ ਆਚਾਰ ਸੰਹਿਤਾ ਦੀ ਪਾਲਣਾ ਨਹੀਂ ਕਰਾਂਗਾ ਜੋ ਬੁੱਧ ਧਰਮ ਦੇ ਅਨੁਕੂਲ ਨਾ ਹੋਵੇ।
8. ਮੈਂ ਬ੍ਰਾਹਮਣਾਂ ਤੋਂ ਕੋਈ ਰਸਮ ਨਹੀਂ ਕਰਵਾਵਾਂਗਾ।
9. ਮੇਰਾ ਮੰਨਣਾ ਹੈ ਕਿ ਸਾਰੇ ਮਨੁੱਖ ਬਰਾਬਰ ਹਨ।
10. ਮੈਂ ਸਮਾਨਤਾ ਸਥਾਪਤ ਕਰਨ ਦੀ ਕੋਸ਼ਿਸ਼ ਕਰਾਂਗਾ।
11. ਮੈਂ ਭਗਵਾਨ ਬੁੱਧ ਦੁਆਰਾ ਦਿਖਾਏ ਗਏ ਅਸ਼ਟਾਂਗ ਮਾਰਗ ਦੀ ਪਾਲਣਾ ਕਰਾਂਗਾ।
12. ਮੈਂ ਬੁੱਧ ਦੁਆਰਾ ਦੱਸੇ ਗਏ ਦਸ ਪਰਮਿਤਾਵਾਂ ਦੀ ਪਾਲਣਾ ਕਰਾਂਗਾ।
13. ਮੈਂ ਸਾਰੇ ਜੀਵਾਂ ਪ੍ਰਤੀ ਦਿਆਲੂ ਹੋਵਾਂਗਾ।
14. ਮੈਂ ਚੋਰੀ ਨਹੀਂ ਕਰਾਂਗਾ।
15. ਮੈਂ ਝੂਠ ਨਹੀਂ ਬੋਲਾਂਗਾ।
16. ਮੈਂ ਵਿਭਚਾਰ ਨਹੀਂ ਕਰਾਂਗਾ।
13. ਮੈਂ ਸਾਰੇ ਪ੍ਰਣੀਆਂ ਤੇ ਦਯਾ ਕਰਾਂਗਾ।
17. ਮੈਂ ਸ਼ਰਾਬ ਨਹੀਂ ਪੀਵਾਂਗਾ।
18. ਮੈਂ ਆਪਣਾ ਜੀਵਨ ਇਨ੍ਹਾਂ ਤਿੰਨ ਤੱਤਾਂ ਦੀ ਮਦਦ ਨਾਲ ਜੀਵਾਂਗਾ: ਬੁੱਧੀ, ਨੈਤਿਕਤਾ ਅਤੇ ਦਇਆ।
19. ਮੈਂ ਆਪਣੇ ਪੁਰਾਣੇ ਧਰਮ, ਹਿੰਦੂ ਧਰਮ, ਨੂੰ ਤਿਆਗਦਾ ਹਾਂ, ਜੋ ਕਿ ਮਨੁੱਖਤਾ ਦੀ ਤਰੱਕੀ ਲਈ ਹਾਨੀਕਾਰਕ ਹੈ ਅਤੇ ਜੋ ਸਾਰੇ ਮਨੁੱਖਾਂ ਨੂੰ ਅਸਮਾਨ ਅਤੇ ਕੁਝ ਨੂੰ ਨੀਵਾਂ ਸਮਝਦਾ ਹੈ, ਅਤੇ ਮੈਂ ਬੁੱਧ ਧਰਮ ਨੂੰ ਸਵੀਕਾਰ ਕਰਦਾ ਹਾਂ।
20. ਮੈਨੂੰ ਪੂਰਾ ਯਕੀਨ ਹੈ ਕਿ ਬੁੱਧ ਧਰਮ ਹੀ ਸੱਚਾ ਧਰਮ ਹੈ।
21. ਮੇਰਾ ਮੰਨਣਾ ਹੈ ਕਿ ਮੇਰਾ ਦੁਬਾਰਾ ਜਨਮ ਹੋ ਰਿਹਾ ਹੈ।
22. ਅੱਜ ਤੋਂ ਮੈਂ ਬੁੱਧ ਦੁਆਰਾ ਦਿੱਤੀਆਂ ਸਿੱਖਿਆਵਾਂ ਦੀ ਪਾਲਣਾ ਕਰਾਂਗਾ।

ਇਹ ਸਮਾਰੋਹ ਲਗਭਗ 50 ਮਿੰਟ ਤੱਕ ਚੱਲਿਆ। ਡਾ. ਬਾਬਾ ਸਾਹਿਬ ਅਤੇ ਆਯੁਸ਼ਿਆਮਤੀ ਮਾਈਸਾਹੇਬ ਦਾ ਦੀਖਿਆ ਸਮਾਰੋਹ ਸਵੇਰੇ 9.40 ਤੋਂ 9.45 ਵਜੇ ਦੇ ਵਿਚਕਾਰ ਪੰਜ ਮਿੰਟਾਂ ਵਿੱਚ ਪੂਰਾ ਹੋਇਆ। ਬੁੱਧ ਧਰਮ ਵਿੱਚ ਦੀਖਿਆ ਲੈਣ ਤੋਂ ਬਾਅਦ, ਬਾਬਾ ਸਾਹਿਬ ਦਾ ਹਾਰਾਂ ਨਾਲ ਸਵਾਗਤ ਕੀਤਾ ਗਿਆ। ਭਾਈਚਾਰਕ ਦੀਖਿਆ ਸਮਾਰੋਹ 10 ਵਜੇ ਪੂਰਾ ਹੋਇਆ। ਸ਼ਰਣਾਂ ਦੀ ਤਿੰਨ ਵਾਰ ਘੋਸ਼ਿਤ ਕਰਨ ਤੋਂ ਬਾਅਦ

ਡਾ. ਬਾਬਾ ਸਾਹਿਬ ਦੀ ਜੈ ਦੇ ਜੈਕਾਰੇ ਮਾਹੌਲ ਵਿੱਚ ਗੂੰਜ ਉੱਠੇ।

ਇਸ ਵੇਲੇ ਆਯੁ ਆਲ ਮਹਾਬੋਧੀ ਕਮੇਟੀ ਦਾ ਡਿਪਟੀ ਸੈਕਟਰੀ ਵਲੀ ਸਿਨਹਾ ਡਾ. ਬਾਬਾ ਸਾਹਿਬ ਨੂੰ ਚਿਕਨੀ ਮਿੱਟੀ ਦੀ ਬੁੱਧ ਦੀ ਮੂਰਤੀ ਤੋਹਫ਼ੇ ਵਜੋਂ ਦਿੱਤੀ।

ਬੁੱਧ ਧਰਮ ਵਿੱਚ ਦੀਖਿਆ ਲੈਣ ਵਾਲੇ ਪ੍ਰਮੁੱਖ ਲੋਕਾਂ ਵਿੱਚ ਹੇਠ ਲਿਖੇ ਸ਼ਾਮਲ ਸਨ - ਬਾ. ਰਾਜਾਭਾਊ ਖੋਬਰਾਗੜੇ (ਡਿਪਟੀ ਸਕੱਤਰ, ਐਸ.ਕੇ.ਐਫ.ਕੇ.), ਮਹਾਰਾਸ਼ਟਰ ਸ਼ਾਖਾ ਦੇ ਪ੍ਰਧਾਨ, ਆਯੂ. ਭ. ਕ੍ਰਿਪਾ. ਗਾਇਕਵਾੜ, ਆਯੁ ਆਰ. ਡੀ. ਭੰਡਾਰੇ (ਪ੍ਰਧਾਨ, ਮੁੰਬਈ ਪ੍ਰਦੇਸ਼ ਫੈਡਰੇਸ਼ਨ), ਸ਼ਾਂਤਾਬਾਈ ਦਾਨੀ, ਆਯੂ. ਸੀ.ਐਨ. ਮੋਹਿਤੇ, ਆਯੂ. ਗੋ. ਤੀ. ਪਰਮਾਰ (ਗੁਜਰਾਤ ਸ਼ਾਖਾ ਦੇ ਪ੍ਰਧਾਨ), ਆਯੂ. ਵਾ. ਕਾਂ. ਪਰਮਾਰ, ਆਯੂ. ਡੀ. ਜੀ. ਜਾਧਵ, ਆਯੂਮਚੀ. ਸਰੋਜਨੀ ਜਾਧਵ, ਪੁਣੇ ਦੇ ਵੀ. ਆਰ. ਰਣਪੀਸੇ, ਆਯੂ. ਸਾਸਾਲੇਕਰ, ਏ.ਆਈ. ਹਰੀਦਾਸ ਆਵਲੇ, ਆਯੂ. ਸਦਾਨੰਦ ਫੁਲਝਲੇ, ਆਯੂ. ਅਹੋਟੇ, ਆਯੂ. ਵੀ. ਐਸ. ਪਗਾਰ, ਏ. ਆਈ. ਉਪਸਮ, ਆਯੂ. ਬੀ. ਐਸ. ਮੋਰ, ਆਯੂ. ਬੀ. ਐਚ. ਵਰਾਲੇ, ਆਯੂ. ਧੋਂਡੀਰਾਮ ਪਗਾਰੇ, ਆਯੂ. ਯਸ਼ਵੰਤਰਾਓ ਅੰਬੇਡਕਰ (ਬਾਬਾ ਸਾਹਿਬ ਦੇ ਪੁੱਤਰ), ਆਯੂ. ਮੁਕੁੰਦਰਾਓ ਅੰਬੇਡਕਰ, ਆਯੂ. ਬੀ. ਸੀ. ਕਾਂਬਲੇ ਆਦਿ।

"ਇਕੁਐਲਿਟੀ ਐਂਡ ਜਸਟਿਸ"
Rs- 100/month
"Equality and Justice" स्वतंत्रता, समानता, भाईचारा

ਉਸੇ ਸਮੇਂ ਜਸਟਿਸ. ਭਵਾਨੀਸ਼ੰਕਰ ਨਿਯੋਗੀ, ਆਯੂ. ਕੁਲਕਰਨੀ (ਬੁੱਧ ਸਮਿਤੀ ਦੇ ਸਕੱਤਰ), ਮਿਲਿੰਦ ਕਾਲਜ, ਔਰੰਗਾਬਾਦ ਦੇ ਪ੍ਰਿੰਸੀਪਲ. ਐਮ.ਵੀ. ਚਿਤਨੀਸ, ਆਯੂ. ਬੀ. ਐਸ. ਕਬੀਰ ਵਰਗੇ ਉੱਚ ਜਾਤੀ ਦੇ ਹਿੰਦੂਆਂ ਨੇ ਵੀ ਬੁੱਧ ਧਰਮ ਵਿੱਚ ਦੀਖਿਆ ਲਈ।

ਇਹ ਸਮਾਗਮ ਸਵੇਰੇ 11 ਵਜੇ ਤੱਕ ਜਾਰੀ ਰਿਹਾ। ਬਾਅਦ ਰਾਤ ਨੂੰ ਮਿਲਿੰਦ ਕਾਲਜ, ਔਰੰਗਾਬਾਦ ਦੇ ਵਿਦਿਆਰਥੀਆਂ ਨੇ 'ਯੁਗਯਾਤਰਾ' ਨਾਟਕ ਪੇਸ਼ ਕੀਤਾ। ਇਸ ਪ੍ਰੋਗਰਾਮ ਵਿੱਚ ਆਯੁਸ਼ਿਆਮਤੀ ਮਾਈ ਸਾਹਿਬ ਅੰਬੇਡਕਰ ਮੌਜੂਦ ਸਨ।

### ਵੱਡੇ ਲੋਕਾਂ ਵੱਲੋਂ ਸ਼ੁਭ ਸੁਨੇਹੇ

ਡਾ. ਬਾਬਾ ਸਾਹਿਬ ਅੰਬੇਡਕਰ ਦੇ ਬੋਧੀ ਦੀਖਿਆ ਸਮਾਰੋਹ ਦੇ ਮੌਕੇ 'ਤੇ, ਬਰਮਾ ਦੇ ਪ੍ਰਧਾਨ ਮੰਤਰੀ ਯੂ. ਬਾ. ਖਰੇ ਅਤੇ ਸਾਬਕਾ ਪ੍ਰਧਾਨ ਮੰਤਰੀ ਯੂ. ਨੂ, ਪੂਰਬੀ ਪਾਕਿਸਤਾਨ ਬੋਧੀ ਕਾਨਫਰੰਸ ਦੇ ਸਤਿਕਾਰਯੋਗ ਪ੍ਰਿਯਦਰਸ਼ੀ ਸਿਹਾਬੀਰ, ਆਂਧਰਾ ਬੋਧੀ ਐਸੋਸੀਏਸ਼ਨ ਦੇ ਪ੍ਰਧਾਨ ਪੀ.ਬੀ. ਸੇਨਗੁਪਤਾ, ਕੋਲਕਾਤਾ ਬੋਧੀ ਧਰਮਕੁੰਵਰ ਸਭਾ ਦੇ ਡਾ. ਅਰਵਿੰਦ ਬਰੂਆ ਐਮ.ਏ. ਪੀ.ਐਚ.ਡੀ., ਬਾਰ ਐਟ ਲਾਅ, ਕੋਲੰਬੋ। ਐਚ.ਡਬਲਯੂ. ਬਹੁਤ ਸਾਰੇ ਥੇਰੋ, ਬੋਧੀ ਭਿਕਸ਼ੂਆਂ ਅਤੇ ਮਹਾਂਪੁਰਖਾਂ ਜਿਵੇਂ ਕਿ ਅਮਰਾਸੂਰੀਆ, ਰੰਗੂਨ ਦੇ ਮਹਾਥੇਰੋ ਪੰਤਰਾਲੋਕ, ਮਹਾਬੋਧੀ ਬੋਧੀ ਮਿਸ਼ਨ, ਕੋਜ਼ੀਕੋਡ ਦੇ ਭਿਕਸ਼ੂ ਧਰਮਾਨੰਦ ਆਦਿ ਤੋਂ ਸੁਨੇਹੇ ਆਏ। ਦੀਖਿਆ ਸਮਾਰੋਹ ਖਤਮ ਹੋਣ ਤੋਂ ਬਾਅਦ, ਡਾ. ਬਾਬਾ ਸਾਹਿਬ ਨੂੰ ਵਧਾਈ ਦੇਣ ਵਾਲੇ ਅਤੇ ਉਨ੍ਹਾਂ ਦੀ ਸ਼ੁੱਭਕਾਮਨਾਵਾਂ ਦੇਣ ਵਾਲੇ ਸੰਦੇਸ਼ ਪੜ੍ਹ ਕੇ ਸੁਣਾਏ ਗਏ। ਕੁਝ ਚੁਣੇ ਹੋਏ ਸੁਨੇਹੇ ਸੰਖੇਪ ਵਿੱਚ ਹੇਠਾਂ ਦਿੱਤੇ ਗਏ ਹਨ:

### ਬਰਮਾ ਦੇ ਪ੍ਰਧਾਨ ਮੰਤਰੀ ਯੂ. ਬਾ. ਖਰੇ ਅਤੇ ਸਾਬਕਾ ਪ੍ਰਧਾਨ ਮੰਤਰੀ ਯੂ ਨੂ ਆਪਣੇ ਸੰਦੇਸ਼ ਵਿੱਚ ਕਹਿੰਦੇ ਹਨ-

"ਪ੍ਰਧਾਨ ਮੰਤਰੀ ਯੂ. ਬਾ ਸਵੇ ਅਤੇ ਸਾਬਕਾ ਪ੍ਰਧਾਨ ਮੰਤਰੀ ਯੂ. ਨੂ ਦੋਵੇਂ 14 ਅਕਤੂਬਰ, 1956 ਨੂੰ ਨਾਗਪੁਰ ਵਿੱਚ ਹੋਣ ਵਾਲੇ ਡਾ. ਬਾਬਾ ਸਾਹਿਬ ਅੰਬੇਡਕਰ ਦੇ ਦੀਖਿਆ ਸਮਾਰੋਹ ਵਿੱਚ ਸ਼ਾਮਲ ਹੋਣ ਲਈ ਸੱਦਾ ਪ੍ਰਾਪਤ ਕਰਕੇ ਖੁਸ਼ ਹਨ। ਉਨ੍ਹਾਂ ਨੂੰ ਅਫ਼ਸੋਸ ਹੈ ਕਿ ਉਹ ਆਪਣੇ ਰੁਝੇਵੇਂ ਵਾਲੇ ਕੰਮ ਦੇ ਕਾਰਨ 14 ਅਕਤੂਬਰ ਨੂੰ ਸ਼ਾਮਲ ਨਹੀਂ ਹੋ ਸਕਣਗੇ। ਹਾਲਾਂਕਿ, ਯੂ. ਬਾ. ਖਰੇ ਅਤੇ ਯੂ. ਨੂ ਦੋਵਾਂ ਵੱਲੋਂ, ਅਸੀਂ ਇਸ ਸਮਾਗਮ ਅਤੇ ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਸ਼ੁਭਕਾਮਨਾਵਾਂ ਦਿੰਦੇ ਹਾਂ ਅਤੇ ਡਾ. ਅੰਬੇਡਕਰ ਦਾ ਧੰਨਵਾਦ ਕਰਦੇ ਹਾਂ। ਡਾ. ਅੰਬੇਡਕਰ ਦਾ ਬੁੱਧ ਧਰਮ ਵਿੱਚ ਦੀਖਿਆ ਸਮਾਰੋਹ ਵਿਲੱਖਣ ਹੈ। ਉਹ ਭਾਰਤ ਅਤੇ ਬਰਮਾ ਵਿੱਚ ਵੀ ਸਤਿਕਾਰਯੋਗ ਹਨ।"

### ਐਚ.ਡਬਲਯੂ. ਕੋਲੰਬੋ ਦੇ ਆਪਣੇ ਸੰਦੇਸ਼ ਵਿੱਚ ਅਮਰਸੂਰੀਆ ਨੇ ਕਿਹਾ-

"ਇਹ ਪੜ੍ਹ ਕੇ ਬਹੁਤ ਖੁਸ਼ੀ ਹੋਈ ਕਿ ਡਾ. ਬਾਬਾ ਸਾਹਿਬ ਅੰਬੇਡਕਰ ਅਤੇ ਉਨ੍ਹਾਂ ਦੇ ਪੈਰੋਕਾਰ ਅਤੇ ਪ੍ਰਸ਼ੰਸਕ 14 ਅਕਤੂਬਰ, 1956 ਨੂੰ ਬੋਧੀ ਧੰਮ ਦੀਕਸ਼ਾ ਲੈਣ ਜਾ ਰਹੇ ਹਨ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ 14 ਅਕਤੂਬਰ ਦੀ ਤਾਰੀਖ ਦੁਨੀਆ ਦੇ ਸਾਰੇ ਬੋਧੀਆਂ ਦੇ ਮਨਾਂ ਵਿੱਚ ਸੁਨਹਿਰੀ ਅੱਖਰਾਂ ਵਿੱਚ ਲਿਖੀ ਜਾਵੇਗੀ। ਮੈਨੂੰ ਅਫ਼ਸੋਸ ਹੈ ਕਿ ਮੈਂ ਪਹਿਲਾਂ ਤੋਂ ਨਿਰਧਾਰਤ ਪ੍ਰੋਗਰਾਮਾਂ ਕਾਰਨ 14 ਤਰੀਕ ਨੂੰ ਨਾਗਪੁਰ ਨਹੀਂ ਆ ਸਕਾਂਗਾ। ਮੈਂ ਡਾ. ਬਾਬਾ ਸਾਹਿਬ ਅੰਬੇਡਕਰ ਨੂੰ ਦਿਲੋਂ ਵਧਾਈ ਦਿੰਦਾ ਹਾਂ। ਡਾ. ਅੰਬੇਡਕਰ ਆਮ ਤੌਰ 'ਤੇ ਬੋਧੀਆਂ ਵਿੱਚ ਬੋਧੀ ਧਰਮ ਨੂੰ ਉੱਚਾ ਦਰਜਾ ਪ੍ਰਾਪਤ ਕਰਨ ਅਤੇ ਖਾਸ ਕਰਕੇ ਭਾਰਤ ਵਿੱਚ ਬੋਧੀ ਧਰਮ ਨੂੰ ਵਿਗਿਆਨਕ ਅਧਾਰ 'ਤੇ ਮੁੜ ਸਥਾਪਿਤ ਕਰਨ ਲਈ ਲੰਮੀ ਉਮਰ ਜੀਉਣ।"

**ਲੇਖ ਦਾ ਬਾਕੀ ਭਾਗ ਕਲ੍ਹ**

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

# ਜੰਗ ਨਾਲੋਂ ਜੰਗ-ਬੰਦੀ ਬਿਹਤਰ : ਨਫ਼ਾ ਨੁਕਸਾਨ ਨਹੀਂ ਵੇਖੀਦਾ

ਉਜਾਗਰ ਸਿੰਘ, ਸਾਬਕਾ ਜਿਲ੍ਹਾ ਲੋਕ ਸੰਪਰਕ ਅਧਿਕਾਰੀ
ਮੋਬਾਈਲ-94178 13072 ujagarsingh48@yahoo.com



ਜੰਗ ਸ਼ਬਦ ਹੀ ਖ਼ਤਰਨਾਕ ਹੁੰਦਾ ਹੈ। ਜੰਗ ਦਾ ਤਬਾਹਕੁਨ ਹੋਣਾ ਕੁਦਰਤੀ ਹੈ। ਜੰਗ ਤਬਾਹੀ ਦਾ ਪ੍ਰਤੀਕ ਹੁੰਦਾ ਹੈ। ਜੰਗ ਦੇ ਨਤੀਜੇ ਕਦੀਂ ਵੀ ਸਾਕਾਰਾਤਮਕ ਨਹੀਂ ਹੋ ਸਕਦੇ। ਜੰਗ ਦੇ ਨਤੀਜੇ ਹਮੇਸ਼ਾ ਦਿਲ ਨੂੰ ਦੁਖਾਉਣ, ਦਹਿਲਾਉਣ ਵਾਲੇ ਤੇ ਹਿਰਦੇਵੇਦਿਕ ਹੁੰਦੇ ਹਨ। ਜੰਗ-ਬੰਦੀ ਸਾਕਾਰਾਤਮਕ ਸੋਚ ਦਾ ਪ੍ਰਗਟਾਵਾ ਹੁੰਦੀ ਹੈ। ਜੰਗ-ਬੰਦੀ ਵਿੱਚ ਨਫ਼ਾ ਨੁਕਸਾਨ ਨਹੀਂ ਵੇਖਿਆ ਜਾਣਾ ਚਾਹੀਦਾ। ਜੰਗ ਮਾਨਵਤਾ ਦਾ ਘਾਣ ਕਰਦੀ ਹੈ, ਪ੍ਰੰਤੂ ਜੰਗ-ਬੰਦੀ ਮਾਨਵਤਾ ਦੇ ਭਲੇ ਵਿੱਚ ਹੁੰਦੀ ਹੈ ਤੇ ਮਾਨਵਤਾ ਦਾ ਬਚਾਓ ਕਰਦੀ ਹੈ। ਸ਼ਾਂਤੀ ਦਾ ਪ੍ਰਤੀਕ ਹੁੰਦੀ ਹੈ। ਸੁਹਾਵਣਾ ਜੀਵਨ ਜਿਓਣ ਲਈ ਸਾਂਤਮਈ ਵਾਤਾਵਰਨ ਜ਼ਰੂਰੀ ਹੁੰਦਾ ਹੈ। ਦੇਸ਼ ਦਾ ਆਰਥਿਕ, ਸਮਾਜਿਕ, ਸਭਿਅਚਾਰਕ, ਵਿਗਿਆਨਕ, ਸਰੀਰਕ ਤੇ ਮਾਨਸਿਕ ਵਿਕਾਸ ਸ਼ਾਂਤੀ ਦੇ ਸਮੇਂ ਹੀ ਹੋ ਸਕਦਾ ਹੈ। ਇਸ ਲਈ ਕਿਸੇ ਵੀ ਦੇਸ਼ ਦੇ ਵਿਕਾਸ ਲਈ ਸ਼ਾਂਤੀ ਹੋਣੀ ਜ਼ਰੂਰੀ ਹੁੰਦੀ ਹੈ। ਭਾਰਤ ਤੇ ਪਾਕਿਸਤਾਨ ਦਰਮਿਆਨ ਹੋਈ ਜੰਗ-ਬੰਦੀ ਦਾ ਦੋਹਾਂ ਦੇਸ਼ਾਂ ਦੇ ਅਮਨਪਸੰਦ ਲੋਕਾਂ ਨੇ ਸਵਾਗਤ ਕੀਤਾ ਹੈ। ਜੰਗ-ਬੰਦੀ ਦਾ ਐਲਾਨ ਹੋਣ 'ਤੇ ਲੋਕਾਂ ਨੇ ਸੁੱਖ ਦਾ ਸਾਹ ਲਿਆ ਹੈ। ਲੋਕਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। 22 ਅਪ੍ਰੈਲ 2025 ਨੂੰ ਜੰਮੂ ਕਸ਼ਮੀਰ ਦੇ ਪਹਿਲਗਾਮ ਵਿਖੇ ਹੋਏ ਅਤਵਾਦੀ ਹਮਲੇ ਵਿੱਚ 26 ਸੈਰ ਸਪਾਟਾ ਕਰਨ ਗਏ ਬੇਕਸੂਰ ਮਾਸੂਮ ਲੋਕ ਮਾਰੇ ਗਏ ਸਨ। ਉਸ ਸਮੇਂ ਭਾਰਤ ਵਿੱਚ ਪਾਕਿਸਤਾਨ ਵਿਰੁੱਧ ਰੋਸ ਦੀ ਲਹਿਰ ਉਠ ਖੜ੍ਹੀ ਹੋਈ ਸੀ। ਭਾਰਤ ਦੇ ਲੋਕ ਸਰਕਾਰ ਤੋਂ ਪਾਕਿਸਤਾਨ ਤੋਂ ਬਦਲਾ ਲੈਣ ਲਈ ਕੋਈ ਸਾਰਥਿਕ ਕਾਰਵਾਈ ਉਮੀਦ ਰੱਖਦੇ ਸਨ। ਭਾਰਤ ਨੇ ਪੂਰੀ ਤਿਆਰੀ ਤੋਂ ਬਾਅਦ 6-7 ਮਈ ਦੀ ਰਾਤ ਨੂੰ ਪਾਕਿਸਤਾਨ ਵਿੱਚ ਸਥਿਤ ਅਤਵਾਦੀਆਂ ਦੇ 9 ਸਿਖਲਈ ਟਿਕਾਣਿਆਂ 'ਤੇ 'ਅਪ੍ਰੇਸ਼ਨ ਸਿੰਧੂਰ' ◌ਰਾਹੀਂ ਹਮਲਾ ਕਰਕੇ ਸਿਖਲਾਈ ਸੈਂਟਰ ਤਬਾਹ ਕਰ ਦਿੱਤੇ। ਫਿਰ ਪਾਕਿਸਤਾਨ ਦੇ 6 ਏਅਰ ਬੇਸ ਵੀ ਤਬਾਹ ਕਰ ਦਿੱਤੇ। ਪਾਕਿਸਤਾਨ ਨੇ ਵੀ ਭਾਰਤ 'ਤੇ ਡਰੋਨਾ ਨਾਲ ਹਮਲੇ ਕੀਤੇ। ਇੱਕ ਕਿਸਮ ਨਾਲ ਦੋਹਾਂ ਦੇਸ਼ਾਂ ਦਰਮਿਆਨ ਲੜਾਈ ਸ਼ੁਰੂ ਹੋ ਗਈ। ਐਲ ਓ ਸੀ 'ਤੇ ਵੀ ਗੋਲਾਬਾਰੀ ਹੁੰਦੀ ਰਹੀ। ਪੁਣਛ ਵਿੱਚ ਪਾਕਿਸਤਾਨ ਨੇ ਭਾਰਤ ਦਾ ਨੁਕਸਾਨ ਕੀਤਾ। ਇੱਕ ਕਿਸਮ ਨਾਲ ਦਹਿਸ਼ਤ ਦਾ ਮਾਹੌਲ ਬਣ ਗਿਆ। 'ਅਪ੍ਰੇਸ਼ਨ ਸਿੰਧੂਰ' ਕਰਨਾ ਬਿਲਕੁਲ ਜ਼ਾਇਜ ਸੀ ਪ੍ਰੰਤੂ ਇਸ ਨਾਲ ਬਦਲਾ ਤਾਂ ਲੈ ਲਿਆ ਪ੍ਰੰਤੂ ਜੇਕਰ ਜੰਗ ਜ਼ਾਰੀ ਰਹਿੰਦੀ ਤਾਂ ਬਹੁਤ ਸਾਰੀਆਂ ਇਸਤਰੀਆਂ ਦੇ ਸਿੰਧੂਰ ਲਹਿ ਜਾਣੇ ਸਨ। 10 ਮਈ ਨੂੰ ਸ਼ਾਮ 5-00 ਵਜੇ ਅਮਰੀਕਾ ਦੀ ਵਿਚੋਲਗੀ ਨਾਲ ਜੰਗ-ਬੰਦੀ ਦਾ ਦੋਹਾਂ ਦੇਸ਼ਾਂ ਨੇ ਐਲਾਨ ਕਰ ਦਿੱਤਾ, ਇਸ ਤੋਂ ਬਾਅਦ ਸ਼ੋਸ਼ਲ ਮੀਡੀਆ 'ਤੇ ਦੋਹਾਂ ਦੇਸ਼ਾਂ ਵੱਲੋਂ ਆਪੋ ਆਪਣੀ ਜਿੱਤ ਦੇ ਦਾਅਵੇ ਹੋਣ ਲੱਗ ਪਏ। ਭਾਰਤ ਵਿੱਚ ਕੁਝ ਲੋਕਾਂ ਨੇ ਜੰਗ-ਬੰਦੀ ਦਾ ਸਵਾਗਤ ਕੀਤਾ, ਪ੍ਰੰਤੂ ਕੁਝ ਲੋਕਾਂ ਨੇ ਭਾਰਤ ਵੱਲੋਂ ਅਮਰੀਕਾ ਦੀ ਵਿਚੋਲਗੀ 'ਤੇ ਸਵਾਲ ਚੁੱਕਦਿਆਂ ਇਸਨੂੰ ਭਾਰਤ ਦੇ ਹਿੱਤ ਵਿਰੁੱਧ ਕਿਹਾ, ਸਗੋਂ ਇਸਨੂੰ ਭਾਰਤ ਦੀ ਹਾਰ ਦੇ ਰੂਪ ਵਿੱਚ ਪ੍ਰਚਾਰਿਆ ਗਿਆ। ਜੋ ਸਰਾਸਰ ਗ਼ਲਤ ਹੈ, ਡੀਫੈਸ ਪੜਚੋਲਕਾਰਾਂ ਅਨੁਸਾਰ ਜੰਗ-ਬੰਦੀ ਨੂੰ ਜਿੱਤ-ਹਾਰ ਤੇ ਨਫ਼ਾ- ਨੁਕਸਾਨ ਦੇ ਤੌਰ 'ਤੇ ਨਹੀਂ ਵੇਖਣਾ ਚਾਹੀਦਾ। ਜੰਗ-ਬੰਦੀ ਦੇਸ਼ ਦੀ ਆਰਥਿਕਤਾ ਲਈ ਲਾਹੇਬੰਦ ਹੁੰਦੀ ਹੈ। ਲੋਕ ਆਪਣਾ ਰੋਜ ਮਰ੍ਹਾ ਦਾ ਕਾਰੋਬਾਰ ਕਰਕੇ ਆਪਣੇ ਪਰਿਵਾਰਾਂ ਦਾ ਗੁਜ਼ਾਰਾ ਕਰਨ ਦੇ ਸਮਰੱਥ ਹੁੰਦੇ ਹਨ। ਜੰਗ ਦੌਰਾਨ ਜਨ-ਜੀਵਨ ਵਿੱਚ ਖੜ੍ਹੋਤ ਆ ਜਾਂਦੀ ਹੈ। ਕਰਫਿਊ ਤੇ ਬਲੈਕ ਆਊਟ ਕਾਰੋਬਾਰ ਬੰਦ ਕਰ ਦਿੰਦੀ ਹੈ। ਜਾਨ-ਮਾਲ ਦਾ ਵੱਖਰਾ ਨੁਕਸਾਨ ਹੁੰਦਾ ਹੈ। ਮਨੁੱਖੀ ਜੀਵਨ ਦਾ ਬਚਾਓ ਸਭ ਤੋਂ ਵੱਡੀ ਪ੍ਰਾਪਤੀ ਹੁੰਦਾ ਹੈ। ਲੋਕਾਂ ਦਾ ਸੁੱਖ-ਚੈਨ ਖ਼ਤਮ ਹੋ ਜਾਂਦਾ ਹੈ। ਜੰਗ-ਬੰਦੀ ਦੇਸ਼ ਅਤੇ ਲੋਕਾਂ ਦੇ ਹਿੱਤ ਵਿੱਚ ਹੁੰਦੀ ਹੈ। ਸਰਕਾਰਾਂ ਦਾ ਮੰਤਵ ਵੀ ਲੋਕ ਹਿੱਤਾਂ 'ਤੇ ਪਹਿਰਾ ਦੇਣਾ ਹੁੰਦਾ ਹੈ। ਭਾਰਤ ਲਈ ਜੰਗ-ਬੰਦੀ ਇਸ ਕਰਕੇ ਵੀ ਜ਼ਰੂਰੀ ਹੈ ਕਿ ਉਸ ਦੇ ਲਗਪਗ ਸਾਰੇ ਗੁਆਂਢੀ ਦੇਸ਼ਾਂ ਦੇ ਭਾਰਤ ਨਾਲ ਸੰਬੰਧ ਸਾਜਗਾਰ ਨਹੀਂ ਹਨ।




ਚੀਨ ਹਮੇਸ਼ਾ ਭਾਰਤ ਲਈ ਖ਼ਤਰਾ ਬਣਿਆਂ ਰਹਿੰਦਾ ਭਾਰਤ ਖਾਸ ਤੌਰ 'ਤੇ ਪੰਜਾਬ ਨੇ 1947 ਵਿੱਚ ਦੇਸ ਦੀ ਵੰਡ, 1965 ਚੀਨ ਨਾਲ ਜੰਗ, 1971 ਪਾਕਿਸਤਾਨ ਨਾਲ ਲੜਾਈ, ਕਾਰਗਿੱਲ, ਪੁਲਵਾਮਾ ਤੇ ਹੁਣ ਪਹਿਲਗਾਮ ਦੇ ਭਿਆਨਕ ਨਤੀਜਿਆਂ ਦਾ ਸੰਤਾਪ ਭੋਗਿਆ ਹੈ। ਹਜ਼ਾਰਾਂ ਫ਼ੌਜੀਆਂ ਅਤੇ ਸਿਵਲੀਅਨ ਦਾ ਖ਼ੂਨ ਡੁਲ੍ਹਿਆ, ਇਸਤਰੀਆਂ ਵਿਧਵਾ ਹੋਈਆਂ, ਮਾਵਾਂ ਦੇ ਪੁੱਤ ਸ਼ਹੀਦ ਹੋਏ, ਭੈਣਾਂ ਭਰਾਵਾਂ ਦੇ ਰੱਖੜੀਆਂ ਬੰਨ੍ਹਣ ਤੋਂ ਰਹਿ ਗਈਆਂ ਤੇ ਬੱਚੇ ਮਾਤਾ ਪਿਤਾ ਤੋਂ ਵਾਂਝੇ ਹੋ ਗਏ। 1971 ਦੀ ਜੰਗ ਵਿੱਚ ਪਾਕਿਸਤਾਨਦਾ ਨੁਕਸਾਨ ਬਹੁਤ ਹੀ ਜਿਜ਼ਆਦ ਹੋਇਆ। ਪਾਕਿਸਤਾਨ ਦੋ ਹਿੱਸਿਆਂ ਵਿੱਚ ਵੰਡਿਆ ਗਿਆ। ਬੰਗਲਾ ਦੇਸ ਪਾਕਿਸਤਾਨ ਨਾਲੋਂ ਵੱਖ ਹੋ ਗਿਆ। ਪਾਕਿਸਤਾਨ ਨੂੰ ਹਾਰ ਦਾ ਮੂੰਹ ਵੇਖਣਾ ਪਿਆ। ਉਸਦੇ 93000 ਫ਼ੌਜੀਆਂ ਨੇ ਜਨਰਲ ਜਗਜੀਤ ਸਿੰਘ ਅਰੋੜਾ ਅੱਗੇ ਹਥਿਆਰ ਸੁੱਟ ਦਿੱਤੇ। ਪਾਕਿਸਤਾਨ ਇਤਨੀ ਬੁਰੀ ਤਰ੍ਹਾਂ ਹਾਰ ਤੇ ਨੁਕਸਾਨ ਕਰਵਾਉਣ ਤੋਂ ਬਾਅਦ ਵੀ ਸੁਧਰਨ ਦਾ ਨਾਮ ਨਹੀਂ ਲੈ ਰਿਹਾ। ਮਨੁੱਖਤਾ ਦਾ ਖ਼ੂਨ ਡੁਲ੍ਹਦਾ ਹੈ। ਅਸਲ ਵਿੱਚ ਪਾਕਿਸਤਾਨ ਵਿੱਚ ਲੋਕਾਂ ਦੀ ਸਰਕਾਰ 'ਤੇ ਫ਼ੌਜ ਭਾਰੂ ਹੈ। ਉਥੇ ਫ਼ੌਜ ਦੀ ਹੀ ਪੁਗਦੀ ਹੈ। ਫ਼ੌਜ ਅਜਿਹੇ ਪੰਗੇ ਛੇੜੀ ਰੱਖਦੀ ਹੈ ਤਾਂ ਜੋ ਸਰਕਾਰ ਨੂੰ ਆਪਣੇ ਥੱਲੇ ਲਾ ਕੇ ਰੱਖ ਸਕੇ। ਜੰਗ ਕੋਈ ਖੇਡ ਨਹੀਂ ਹੁੰਦੀ। ਅੱਤਵਾਦੀਆਂ ਨੂੰ ਵੀ ਪਤਾ ਹੁੰਦਾ ਹੈ ਕਿ ਉਨ੍ਹਾਂ ਦੀ ਉਮਰ ਬਹੁਤੀ ਲੰਬੀ ਨਹੀਂ ਹੁੰਦੀ ਪ੍ਰੰਤੂ ਪਾਕਿਸਤਾਨ ਸਰਕਾਰ ਦੀ ਪੁਸਸ਼ ਪਨਾਹੀ ਹੋਣ ਕਰਕੇ ਗੁਮਰਾਹ ਹੋ ਕੇ ਫਿਰ ਵੀ ਉਹ ਅਜਿਹੇ ਕੰਮ ਕਰਦੇ ਰਹਿੰਦੇ ਹਨ। ਇਸ ਤੋਂ ਇਲਾਵਾ ਪੰਜਾਬ ਨੇ 1980ਵਿਆਂ ਵਿੱਚ ਪਾਕਿਸਤਾਨ ਦੀ ਸ਼ਹਿ 'ਤੇ ਕਥਿਤ ਅਤਵਾਦੀਆਂ ਤੇ ਸਰਕਾਰਾਂ ਦੀਆਂ ਜ਼ਿਆਦਤੀਆਂ ਦਾ ਸੰਤਾਪ ਭੋਗਿਆ। ਪੰਜਾਬ ਦੀ ਨੌਜਵਾਨੀ ਦਾ ਘਾਣ ਹੋਇਆ। ਇਸੇ ਤਰ੍ਹਾਂ 1984 ਵਿੱਚ ਦਿੱਲੀ ਅਤੇ ਦੇਸ ਦੇ ਹੋਰ ਹਿੱਸਿਆਂ ਵਿੱਚ ਸਿੱਖ ਨਸਲਕੁਸ਼ੀ ਹੋਈ, ਜਿਸ ਦਾ ਦੁੱਖ ਅੱਜ ਤੱਕ ਪੰਜਾਬੀਆਂ/ ਸਿੱਖਾਂ ਦੇ ਅੱਲੇ ਜ਼ਖਮਾਂ ਵਿੱਚੋਂ ਰਿਸ ਰਿਹਾ ਹੈ। ਇਨ੍ਹਾਂ ਜੰਗਾਂ ਅਤੇ ਦੁਰਘਟਨਾਵਾਂ ਦਾ ਸਭ ਤੋਂ ਵੱਧ ਨੁਕਸਾਨ ਲਹਿੰਦੇ ਤੇ ਚੜ੍ਹਦੇ ਪੰਜਾਬ ਦੇ ਲੋਕਾਂ ਨੂੰ ਹੋਇਆ ਹੈ, ਜਿਨ੍ਹਾਂ ਨੇ ਆਪਣੇ ਪਿੰਡੇ ਤੇ ਸਾਰਾ ਕੁਝ ਹੰਢਾਇਆ ਹੈ। ਇਨ੍ਹਾਂ ਪੰਜਾਬੀਆਂ ਨੂੰ ਪੁੱਛੋ ਜੰਗ ਦਾ ਕੀ ਨੁਕਸਾਨ ਹੁੰਦਾ ਹੈ? ਪੰਜਾਬੀ ਜੰਗ-ਬੰਦੀ ਦਾ ਸਵਾਗਤ ਕਰਦੇ ਹਨ। ਉਹ ਦੋਵੇਂ ਦੇਸਾਂ ਦੇ ਸਿਆਸਤਦਾਨਾ ਨੂੰ ਪੰਜਾਬੀਆਂ ਦੇ ਦੁੱਖ ਨੂੰ ਮਹਿਸੂਸ ਕਰਦਿਆਂ ਕੂਟਨੀਤਕ ਸੰਬੰਧਾਂ ਨਾਲ ਸਾਰੇ ਮਸਲੇ ਹੱਲ ਕਰਨ। ਕਿਸੇ ਵੀ ਦੇਸ਼ ਦੇ ਲੋਕਾਂ ਦਾ ਖ਼ੂਨ ਅਜਾਈਂ ਨਹੀਂ ਡੁਲ੍ਹਣਾ ਚਾਹੀਦਾ। ਪਾਕਿਸਤਾਨ ਦੀ ਆਰਥਿਕ ਹਾਲਤ ਡਾਵਾਂਡੋਲ ਹੈ, ਪ੍ਰੰਤੂ ਭਾਰਤ ਦੀ ਵੀ ਬਹੁਤੀ ਚੰਗੀ ਨਹੀਂ ਉਹ ਵੀ ਕਰਜ਼ਈ ਹੋਇਆ ਪਿਆ ਹੈ। ਸੰਸਾਰ ਦੇ ਵੱਡੇ ਦੇਸ਼ ਆਪੋ ਆਪਣੇ ਹਥਿਆਰ ਵੇਚਣ ਲਈ ਦੋਹਾਂ ਦੇਸਾਂ ਦੀ ਆਰਥਿਕਤਾ ਨੂੰ ਢਾਅ ਲਾ ਰਹੇ ਹਨ। ਰੂਸ ਜਿਸਨੂੰ ਭਾਰਤ ਆਪਣਾ ਹਮਦਰਦ ਕਹਿੰਦਾ ਹੈ, ਉਹ ਪਾਕਿਸਤਾਨ ਨੂੰ ਵੀ ਹਥਿਆਰ ਵੇਚਦਾ ਹੈ। ਹੀਰੋਸੀਮਾ ਤੇ ਨਾਗਾ ਸਾਕੀ ਦੇ ਪ੍ਰਮਾਣੂ ਹਮਲੇ ਦਾ ਭੂਤ ਅਜੇ ਤੱਕ ਮੰਡਰਾ ਰਿਹਾ ਹੈ, ਡੀਫੈਂਸ ਪੜਚੋਲਕਾਰਾਂ ਦੀ ਰਾਏ ਹੈ ਕਿ ਅਮਰੀਕਾ ਭਾਂਪ ਗਿਆ ਸੀ ਕਿ ਜੇਕਰ ਕਿਸੇ ਇੱਕ ਦੇਸ ਨੇ ਅਣਗਹਿਲੀ ਵਰਤ ਲਈ ਤਾਂ ਸੰਸਾਰ ਜੰਗ ਲੱਗ ਸਕਦੀ ਹੈ, ਸੰਸਾਰ ਆਰਥਿਕ ਮੰਦਹਾਲੀ ਵਿੱਚ ਤਾਂ ਪਹੁੰਚੇਗਾ ਹੀ ਪ੍ਰੰਤੂ ਪ੍ਰਮਾਣੂੰ ਖ਼ਤਰਾ ਸਭ ਤੋਂ ਵੱਧ ਨੁਕਸਾਨਦਾਇਕ ਹੋ ਸਕਦਾ ਹੈ, ਕਿਉਂਕਿ ਭਾਰਤ ਤੇ ਪਾਕਿਸਤਾਨ ਦੋਹਾਂ ਦੇਸਾਂ ਕੋਲ ਪ੍ਰਮਾਣੂ ਸ਼ਕਤੀ ਹੈ। ਰੂਸ ਅਤੇ ਯੂਕਰੇਨ ਦੀ ਲੜਾਈ ਖ਼ਤਮ ਹੋਣ ਵਿੱਚ ਨਹੀਂ ਆ ਰਹੀ। ਇਹ ਅਹੰਕਾਰ ਦੀ ਲੜਾਈ ਨਹੀਂ ਸਗੋਂ ਸ਼ਾਂਤੀ ਦਾ ਮਸਲਾ ਹੈ। ਜਿਹੜੇ ਲੋਕ ਸ਼ੋਸ਼ਲ ਮੀਡੀਆ 'ਤੇ ਬੈਠਕੇ ਡੀਂਗਾਂ ਮਾਰ ਰਹੇ ਹਨ ਤੇ ਲੜਾਈ ਜਾਰੀ ਰੱਖਣ ਲਈ ਉਕਸਾ ਰਹੇ ਹਨ, ਉਨ੍ਹਾਂ ਨੂੰ ਜੰਗ ਦੇ ਸੰਤਾਪ ਬਾਰੇ ਤਜਰਬਾ ਨਹੀਂ। ਸਰਹੱਦਾਂ 'ਤੇ ਜਦੋਂ ਸਾਡੇ ਸੈਨਿਕ ਸ਼ਹੀਦ ਹੁੰਦੇ ਹਨ ਤਾਂ ਕਿਤਨੇ ਘਰਾਂ ਵਿੱਚ ਮਾਤਮ ਦੀਆਂ ਸਫਾਂ ਵਿਛ ਜਾਂਦੀਆਂ ਹਨ। ਸ਼ੋਸ਼ਲ ਮੀਡੀਆ ਤੇ ਪੋਸਟਾਂ ਪਾ ਕੇ ਦਮਗਜ਼ੇ ਮਾਰਨੇ ਸੌਖੇ ਹਨ, ਪ੍ਰੰਤੂ ਸਰਹੱਦਾਂ ਤੇ ਜਾ ਕੇ ਲੜਨਾ ਅਤਿ ਮੁਸ਼ਕਲ ਹੁੰਦਾ ਹੈ।

ਫੌਜੀ ਭਰਾ ਕੜਾਕੇ ਦੀ ਠੰਡ ਵਿੱਚ ਲੜਦੇ ਹਨ। ਪੀਣ ਲਈ ਪਾਣੀ ਨਹੀਂ ਮਿਲਦਾ, ਬਰਫ ਨੂੰ ਪਿਘਲਾ ਕੇ ਪਾਣੀ ਪੀਂਦੇ ਹਨ। ਅਸੀਂ ਘਰਾਂ ਵਿੱਚ ਬੈਠੇ ਗੱਲਾਂ ਕਰਨ ਜੋਗੇ ਹਾਂ। ਇਸਤੋਂ ਇਲਾਵਾ ਜਿਹੜੇ ਸਰਹੱਦੀ ਪਿੰਡਾਂ ਦੇ ਲੋਕ ਕਿਸਾਨ ਰਹਿੰਦੇ ਹਨ, ਉਨ੍ਹਾਂ ਨੂੰ ਪੁੱਛੋ ਕਿਵੇਂ ਉਨ੍ਹਾਂ ਦੇ ਸਿਰਾਂ 'ਤੇ ਮੌਤ ਦਾ ਸਾਇਆ ਲਟਕਦਾ ਰਹਿੰਦਾ ਹੈ। ਉਹ ਹਮੇਸ਼ਾ ਤਲਵਾਰ ਦੀ ਨੋਕ 'ਤੇ ਜ਼ਿੰਦਗੀ ਬਸਰ ਕਰ ਰਹੇ ਹਨ। ਹਰ ਵਕਤ ਮੌਤ ਦਾ ਡਰ ਹੁੰਦਾ ਹੈ। ਬਿਲਕੁਲ ਇਸੇ ਤਰ੍ਹਾਂ ਟੀ ਵੀ ਅਤੇ ਵੈਬ ਚੈਨਲਾਂ ਵਾਲਿਆਂ ਨੂੰ ਵੀ ਕੜਕ-ਕੜਕ ਕੇ ਲੋਕਾਂ ਨੂੰ ਉਕਸਾਉਣਾ ਨਹੀਂ ਚਾਹੀਦਾ। ਗ਼ਲਤ ਤੇ ਗੁੰਮਰਾਹਕੁਨ ਬਿਨਾ ਕਨਫਰਮ ਕੀਤੇ ਖ਼ਬਰਾਂ ਵੀ ਨਹੀਂ ਲਗਾਉਣੀਆਂ ਚਾਹੀਦੀਆਂ। ਅਖ਼ਬਾਰਾਂ ਦੇ ਪ੍ਰਤੀਨਿਧਾਂ ਨੂੰ ਵੀ ਖ਼ਬਰਾਂ ਭੇਜਣ ਲੱਗੇ ਸੁਣੀਆਂ ਸੁਣਾਈਆਂ ਖ਼ਬਰਾਂ ਨਹੀਂ ਲਗਾਉਣੀਆਂ ਚਾਹੀਦੀਆਂ। ਕੁਝ ਦੇਸ ਵਿਰੋਧੀ ਲੋਕ ਅਫ਼ਵਾਹਾਂ ਫੈਲਾਉਂਦੇ ਰਹਿੰਦੇ ਹਨ, ਜਿਹੜੀਆਂ ਲੋਕਾਂ ਵਿੱਚ ਡਰ ਪੈਦਾ ਕਰਦੀਆਂ ਹਨ। ਇਸ ਲਈ ਸਾਰਿਆਂ ਨੂੰ ਸੰਜੀਦਗੀ ਤੋਂ ਕੰਮ ਲੈਣਾ ਚਾਹੀਦਾ ਹੈ। ਪਹਿਲਗਾਮ ਵਿਖੇ ਮਾਰੇ ਗਏ ਸੈਲਾਨੀਆਂ ਦਾ ਦੁੱਖ ਹਰ ਭਾਰਤੀ ਨੂੰ ਹੈ, ਪ੍ਰੰਤੂ ਸਮੇਂ ਦੀ ਨਜ਼ਾਕਤ ਅਤੇ ਦੇਸ ਦੀ ਸਰਕਾਰ ਦੀਆਂ ਹਦਾਇਤਾਂ ਦੀ ਪਹਿਰੇਦਾਰੀ ਕਰਨਾ ਹਰ ਭਾਰਤੀ ਦਾ ਫ਼ਰਜ਼ ਬਣਦਾ ਹੈ।

# ਅਮਰੀਕਾ ਵਿੱਚ ਪੰਜਾਬੀ ਬੇਟੀ ਨੇ ਐਮ ਬੀ ਏ ਦੀ ਡਿਗਰੀ ਹਾਸਲ ਕਰਕੇ ਦੇਸ਼ ਅਤੇ ਪ੍ਰੀਵਾਰ ਦਾ ਨਾਮ ਰੌਸ਼ਨ ਕੀਤਾ

## ਬੇਟੀ ਇਲਾਕੇ ਭਰ ਚੋਂ ਪਹਿਲੀ ਲੜਕੀ ਹੈ ਜਿਸ ਅਮਰੀਕਨ ਯੂਨੀਵਰਸਿਟੀ ਤੱਕ ਪਹੁੰਚ ਕੇ ਕਾਮਯਾਬੀ ਦੇ ਝੰਡੇ ਗੱਡੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਬੰਗਾ( ਚਰਨਜੀਤ ਸੱਲ੍ਹਾਂ )ਅਮਰੀਕਾ ਦੀ ਪ੍ਰਸਿੱਧ ਯੂਨੀਵਰਸਿਟੀ "ਯੂਨੀਵਰਸਿਟੀ ਆਫ ਸੈਂਟਰਲ ਮਿਜ਼ੂਰੀ" ਵਿੱਚ ਪੰਜਾਬ ਦੇ ਸਧਾਰਨ ਪ੍ਰੀਵਾਰ ਦੀ ਹੋਣਹਾਰ ਬਹੂ /ਬੇਟੀ ਰੀਮਾ ਰਾਣੀ ਨੇ ਆਪਣੀ ਐਮ ਬੀ ਏ (ਮਾਸਟਰ ਆਫ਼ ਬਿਜਨਸ ਐਡਮਸਟੇਸਨ) ਦੀ ਪੜ੍ਹਾਈ ਸਖਤ ਮਿਹਨਤ ਅਤੇ ਲਗਨ ਨਾਲ ਪੂਰੀ ਕਰਦੇ ਹੋਏ ਪਹਿਲੇ ਸਥਾਨ (ਫਸ਼ਟ ਡਵੀਜ਼ਨ) ਤੇ ਪਾਸ ਕਰਕੇ ਦੇਸ਼ ਅਤੇ ਪੇਕੇ ਪਰਿਵਾਰ ਪਿੰਡ ਚੱਕ ਸਿੰਘਾ, ਸਹੁਰਾ ਪਰਿਵਾਰ ਪਿੰਡ ਹੀਉਂ (ਬੰਗਾ) ਦਾ ਨਾਮ ਰੌਸ਼ਨ ਕੀਤਾ ਹੈ। ਰੀਮਾ ਰਾਣੀ ਦੇ ਸਹੁਰਾ ਉੱਘੇ ਪੱਤਰਕਾਰ ਕਾਮਰੇਡ ਦਵਿੰਦਰ ਪਾਲ ਹੀਉਂ ਨੇ ਪ੍ਰੈੱਸ ਨਾਲ ਖੁਸ਼ੀ ਸਾਂਝੀ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਦੀ ਬਹੂ ਦਸੰਬਰ 2022 ਵਿੱਚ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਅਮਰੀਕਾ ਗਈ ਸੀ ਅਤੇ ਕੁੱਝ ਸਮੇਂ ਬਾਅਦ ਉਨ੍ਹਾਂ ਦਾ ਬੇਟਾ ਵਿਵੇਕ ਪਾਲ ਵੀ ਉਸ ਦੀ ਸਹਾਇਤਾ ਕਰਨ ਲਈ ਉਸ ਦੇ ਪਾਸ ਪਹੁੰਚ ਗਿਆ ਸੀ। ਉਨ੍ਹਾਂ ਨੇ ਦਿਨ ਰਾਤ ਮਿਹਨਤ ਕਰਕੇ ਇਹ ਮੁਕਾਮ ਹਾਸਲ ਕੀਤਾ ਹੈ। ਹੁਣ ਇਸ ਗ੍ਰੈਜੁਏਸ਼ਨ ਸਮਾਗਮ ਦੇ ਸ਼ੁੱਭ ਅਵਸਰ ਤੇ ਮੈਂ ਖੁਦ ਅਤੇ ਮੇਰੀ ਪਤਨੀ ਅਵਤਾਰ ਕੌਰ ਨੇ ਅਮਰੀਕਾ ਯੂਨੀਵਰਸਿਟੀ ਪਹੁੰਚ ਕੇ ਬੇਹੱਦ ਖ਼ੁਸ਼ੀ ਅਤੇ ਮਾਣ ਮਹਿਸੂਸ ਕੀਤਾ ਹੈ। ਰੀਮਾ ਦੇ ਪਿਤਾ ਬਲਵਿੰਦਰ ਰਾਮ ਅਤੇ ਮਾਤਾ ਰਸ਼ਪਾਲ ਕੌਰ ਨੇ ਆਪਣੀ ਖੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸਾਡੀ ਬੇਟੀ ਇਲਾਕੇ ਭਰ ਚੋਂ ਪਹਿਲੀ ਲੜਕੀ ਹੈ ਜਿਸ ਅਮਰੀਕਨ ਯੂਨੀਵਰਸਿਟੀ ਤੱਕ ਪਹੁੰਚ ਕੇ ਕਾਮਯਾਬੀ ਦੇ ਝੰਡੇ ਗੱਡੇ ਹਨ ਸਾਨੂੰ ਆਪਣੀ ਬੇਟੀ ਦੀ ਲਗਨ ਅਤੇ ਕੁੜਮ ਪ੍ਰੀਵਾਰ ਦੀ ਮਿਹਨਤ ਤੇ ਬਹੁਤ ਫ਼ਖਰ ਹੈ।

# ਕਿਸਾਨਾਂ ਵੱਲੋਂ ਪੰਜਾਬ ਨੈਸ਼ਨਲ ਬੈਂਕ ਦੇ ਬਾਹਰ ਧਰਨਾ

## ਬੈਂਕ ਸਟਾਫ 'ਤੇ ਆਮ ਲੋਕਾਂ ਦੀ ਧੋਖੇ ਨਾਲ ਐੱਫਡੀ ਕਰਨ ਦਾ ਦੋਸ਼; ਬੈਂਕ ਮੈਨੇਜਰ ਨੇ ਦੋਸ਼ ਨਕਾਰੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਅੱਜ ਇੱਥੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਦੀ ਅਗਵਾਈ ਹੇਠ ਕਿਸਾਨਾਂ ਨੇ ਪੰਜਾਬ ਨੈਸ਼ਨਲ ਬੈਂਕ ਦੀ ਬਰਾਂਚ ਤਲਵੰਡੀ ਹਾਲ ਅਜਨਾਲਾ ਵਿਰੁੱਧ ਸ਼ਹਿਰ ਦੇ ਬਜ਼ਾਰਾਂ ਵਿੱਚ ਰੋਸ ਪ੍ਰਦਰਸ਼ਨ ਕਰਦਿਆ ਬੈਂਕ ਦੇ ਸਾਹਮਣੇ ਵਿਸ਼ਾਲ ਧਰਨਾ ਲਾਇਆ। ਧਰਨੇ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਦੱਸਿਆ ਕਿ ਗਰੀਬ ਅਤੇ ਲੋੜਵੰਦ ਲੋਕਾਂ ਨੂੰ ਘੱਟ ਤੋਂ ਘੱਟ ਵਿਆਜ ਤੇ ਸ਼ਾਹੂਕਾਰਾਂ ਤੋਂ ਛੁਟਕਾਰਾ ਪਾਉਣ ਲਈ ਖੁੱਲ੍ਹੇ ਕਰਜ਼ੇ ਦੇਣਾ ਸਹਿਕਾਰੀ ਬੈਂਕਾਂ ਦਾ ਮੁੱਖ ਮਕਸਦ ਹੈ ਪਰ ਬੈਂਕ ਸਮੇਂ ਸਮੇਂ 'ਤੇ ਅਜਿਹਾ ਕਰਨ ਦੀ ਬਜਾਏ ਭਾਰੀ ਵਿਆਜ ਤੇ ਵਿਆਜ ਦਰ ਵਿਆਜ ਕਰਜ਼ੇ ਵਸੂਲਦੇ ਹਨ ਜੋ ਕਿ ਨਿੰਦਣਯੋਗ ਹੈ। ਉਨ੍ਹਾਂ ਦੋਸ਼ ਲਾਇਆ ਕਿ ਬੈਂਕ ਦੇ ਹੋਰ ਸਟਾਫ ਵੱਲੋਂ ਗਾਹਕਾਂ ਨਾਲ ਵੱਡੇ ਪੱਧਰ 'ਤੇ ਧੋਖਾਧੜੀ ਕਰਕੇ ਕੋਈ ਸਧਾਰਨ ਆਦਮੀ ਜਾਂ ਔਰਤ ਆਪਣੇ ਪੈਸੇ ਜਮ੍ਹਾਂ ਕਰਾਉਣ ਆਉਂਦਾ ਹੈ ਤਾਂ ਉਸ ਦੀ 5 ਸਾਲ ਦੀ ਐਫ਼ਡੀ ਬਣਾ ਦਿੱਤੀ ਜਾਂਦੀ ਹੈ । ਡਾ. ਅਜਨਾਲਾ ਨੇ ਕਿਹਾ ਕਿ ਬੈਂਕ ਵੱਲੋਂ ਯਕਮੁਸ਼ਤ ਕਰਜ਼ਾ ਨਬੇੜਾ ਸਕੀਮ ਆਈ ਹੈ ਉਸ ਵਿੱਚ ਕਰਜ਼ਾ ਧਾਰਕਾਂ ਨਾਲ ਵੱਡੀ ਬੇਇਨਸਾਫ਼ੀ ਕੀਤੀ ਜਾ ਰਹੀ ਹੈ ਅਜਿਹਾ ਹੀ ਇਕ ਕੇਸ ਤਸਬੀਰ ਸਿੰਘ ਹਾਸਮਪੁਰਾ ਤੇ ਉਸ ਦੇ ਪਰਿਵਾਰ ਦਾ ਯੱਕਮੁਸ਼ਤ ਨਿਬੇੜਾ ਕਰਦਿਆਂ 2 ਲੱਖ ਰੁਪਏ ਦੀ ਹੇਰਾਫੇਰੀ ਕੀਤੀ ਹੈ। ਧਰਨਾ ਕਾਰੀਆਂ ਨੇ ਬੈਂਕ ਅਧਿਕਾਰੀ ਨੂੰ ਕਿਹਾ ਕਿ ਇਸ ਦਾ ਤਰੁੰਤ ਇਨਸਾਫ ਕੀਤਾ ਜਾਵੇ ਨਹੀਂ ਤਾਂ ਦਿਨ ਰਾਤ ਦਾ ਧਰਨਾ ਜਾਰੀ ਰਹੇਗਾ। ਜ਼ਿਲ੍ਹਾ ਬੈਂਕ ਅਧਿਕਾਰੀ ਨੇ ਧਰਨੇ ਵਿੱਚ ਐਲਾਨ ਕੀਤਾ ਕਿ ਉਹ 15 ਮਈ ਤੱਕ ਇਸ ਕੇਸ ਦਾ ਹਾਂ ਪੱਖੀ ਨਿਬੇੜਾ ਕਰਵਾਉਣਗੇ।

ਇਸ ਸਬੰਧੀ ਬੈਂਕ ਦੇ ਮੈਨੇਜਰ ਅਮਨਬੀਰ ਸਿੰਘ ਨੇ ਦੱਸਿਆ ਕਿ ਕਿਸਾਨਾਂ ਵੱਲੋਂ ਕਰਜ਼ੇ ਨਾਲ ਸਬੰਧਤ ਜੋ ਸੈਟਲਮੈਂਟ ਦੀ ਗੱਲ ਕੀਤੀ ਗਈ ਹੈ ਉਹ ਬੈਂਕ ਵੱਲੋਂ ਪੂਰੇ ਨਿਯਮਾਂ ਅਤੇ ਸਰਕਾਰੀ ਹਦਾਇਤਾਂ ਨਾਲ ਕੀਤੀ ਗਈ ਹੈ ਜਿਸ ਵਿੱਚ ਕੋਈ ਬੇਨਿਯਮੀ ਨਹੀਂ ਹੋਈ। ਉਨ੍ਹਾਂ ਇਹ ਵੀ ਦੱਸਿਆ ਕਿ ਐੱਫਡੀ ਗਾਹਕਾਂ ਦੀ ਸਹਿਮਤੀ ਨਾਲ ਹੀ ਕੀਤੀ ਜਾਂਦੀ ਹੈ।

# ਮੈਂ ਦੇਸ਼ ਦਾ ਪਹਿਲਾ ਬੋਧੀ ਚੀਫ਼ ਜਸਟਿਸ ਬਣਾਂਗਾ - ਜਸਟਿਸ ਗਵਈ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

14 ਮਈ ਨੂੰ, ਬੀਆਰ ਗਵਈ ਦੇਸ਼ ਦੇ 52ਵੇਂ ਚੀਫ਼ ਜਸਟਿਸ ਵਜੋਂ ਸਹੁੰ ਚੁੱਕਣਗੇ। ਇਹ ਭਾਰਤੀ ਇਤਿਹਾਸ ਵਿੱਚ ਦੂਜੀ ਵਾਰ ਹੈ ਜਦੋਂ ਦਲਿਤ ਭਾਈਚਾਰੇ ਦਾ ਕੋਈ ਜੱਜ ਚੀਫ਼ ਜਸਟਿਸ ਬਣੇਗਾ। ਬੀਆਰ ਗਵਈ ਤੋਂ ਪਹਿਲਾਂ, ਜੀ ਬਾਲਕ੍ਰਿਸ਼ਨਨ ਦੇਸ਼ ਦੇ ਪਹਿਲੇ ਚੀਫ਼ ਜਸਟਿਸ ਬਣੇ ਸਨ। ਮੌਜੂਦਾ ਚੀਫ਼ ਜਸਟਿਸ ਸੰਜੀਵ ਖੰਨਾ ਨੇ ਚੀਫ਼ ਜਸਟਿਸ ਦੇ ਅਹੁਦੇ ਲਈ ਬੀਆਰ ਗਵਈ ਦਾ ਨਾਮ ਕਾਨੂੰਨ ਮੰਤਰਾਲੇ ਨੂੰ ਭੇਜਿਆ ਸੀ। ਜਿਸ ਤੋਂ ਬਾਅਦ ਇਹ ਖੁਲਾਸਾ ਹੋਇਆ ਕਿ ਜਸਟਿਸ ਬੀਆਰ ਗਵਈ 14 ਮਈ ਨੂੰ ਚੀਫ਼ ਜਸਟਿਸ ਵਜੋਂ ਸਹੁੰ ਚੁੱਕਣਗੇ।

ਇਸ ਦੌਰਾਨ, ਮੀਡੀਆ ਨਾਲ ਰਸਮੀ ਗੱਲਬਾਤ ਵਿੱਚ, ਬੀਆਰ ਗਵਈ ਨੇ ਕਿਹਾ, “ਮੇਰੇ ਪਿਤਾ ਨੇ ਬਾਬਾ ਸਾਹਿਬ ਅੰਬੇਡਕਰ ਦੇ ਨਾਲ ਬੁੱਧ ਧਰਮ ਅਪਣਾਇਆ ਸੀ। ਮੈਂ ਦੇਸ਼ ਦਾ ਪਹਿਲਾ ਬੋਧੀ ਚੀਫ਼ ਜਸਟਿਸ ਬਣਾਂਗਾ।” ਉਨ੍ਹਾਂ ਇਹ ਵੀ ਕਿਹਾ ਕਿ ਮੈਂ ਸਾਰੇ ਧਰਮਾਂ ਵਿੱਚ ਵਿਸ਼ਵਾਸ ਰੱਖਦਾ ਹਾਂ। ਮੈਂ ਮੰਦਰਾਂ, ਦਰਗਾਹਾਂ, ਜੈਨ ਮੰਦਰਾਂ, ਗੁਰਦੁਆਰਿਆਂ - ਹਰ ਜਗ੍ਹਾ ਜਾਂਦਾ ਹਾਂ।” ਉਨ੍ਹਾਂ ਨੂੰ ਦੇਸ਼ ਦੇ ਪਹਿਲੇ ਬੋਧੀ ਚੀਫ਼ ਜਸਟਿਸ ਬਣਨ ਦੀ ਦਹਿਲੀਜ਼ ‘ਤੇ ਹੋਣ ‘ਤੇ ਮਾਣ ਮਹਿਸੂਸ



ਹੋਇਆ। ਸੰਵਿਧਾਨਕ ਅਧਿਕਾਰੀਆਂ ਦੁਆਰਾ ਨਿਆਂਪਾਲਿਕਾ ਵਿਰੁੱਧ ਕਥਿਤ ਤੌਰ ‘ਤੇ ਸਖ਼ਤ ਸ਼ਬਦਾਂ ਦੀ ਵਰਤੋਂ ਦੇ ਮੁੱਦੇ ‘ਤੇ, ਜਸਟਿਸ ਗਵਈ ਨੇ ਕਿਹਾ, “ਲੋਕ ਕੁਝ ਵੀ ਕਹਿ ਸਕਦੇ ਹਨ, ਪਰ ਸੰਵਿਧਾਨ ਸਰਵਉੱਚ ਹੈ।

ਬੀ. ਆਰ. ਗਵਈ ਨੂੰ ਬਾਬਾ ਸਾਹਿਬ ਅੰਬੇਡਕਰ ਦੇ ਵਿਚਾਰਾਂ ਤੋਂ ਪ੍ਰੇਰਿਤ ਇੱਕ ਨਿਆਂਪੂਰਨ ਅਤੇ ਸੰਵੇਦਨਸ਼ੀਲ ਜੱਜ ਮੰਨਿਆ ਜਾਂਦਾ ਹੈ। ਬੀ. ਆਰ. ਗਵਈ ਮਹਾਰਾਸ਼ਟਰ ਦੇ ਇੱਕ ਦਲਿਤ ਪਰਿਵਾਰ ਤੋਂ ਹਨ। ਉਨ੍ਹਾਂ ਦੇ ਪਿਤਾ ਰਾਓਸਾਹਿਬ ਗਵਈ ਰਾਜ ਸਭਾ ਮੈਂਬਰ ਅਤੇ ਅੰਬੇਡਕਰਵਾਦੀ ਨੇਤਾ ਸਨ। ਉਹ ਆਪਣੇ ਸੰਘਰਸ਼, ਮਿਹਨਤ ਅਤੇ ਪ੍ਰਤਿਭਾ ਦੇ ਬਲ ‘ਤੇ ਦੇਸ਼ ਦੀ ਸਰਵਉੱਚ ਅਦਾਲਤ ਤੱਕ ਪਹੁੰਚੇ ਹਨ। ਉਨ੍ਹਾਂ ਨੇ 1985 ਵਿੱਚ ਆਪਣਾ ਕਰੀਅਰ ਸ਼ੁਰੂ ਕੀਤਾ ਸੀ, ਅਤੇ 2019 ਵਿੱਚ ਸੁਪਰੀਮ ਕੋਰਟ ਦੇ ਜੱਜ ਬਣੇ ਅਤੇ ਹੁਣ ਦੇਸ਼ ਦੇ 52ਵੇਂ ਚੀਫ਼ ਜਸਟਿਸ ਬਣਨਗੇ। ਉਨ੍ਹਾਂ ਨੂੰ ਇੱਕ ਨਿਰਪੱਖ, ਸਪੱਸ਼ਟ ਅਤੇ ਸੰਵੇਦਨਸ਼ੀਲ ਜੱਜ ਵਜੋਂ ਜਾਣਿਆ ਜਾਂਦਾ ਹੈ।

ਜਸਟਿਸ ਗਵਈ ਨੇ ਕਈ ਪਲੇਟਫਾਰਮਾਂ ‘ਤੇ ਕਿਹਾ ਹੈ ਕਿ “ਮੇਰਾ ਵਜੂਦ ਖੁਦ ਇਸ ਗੱਲ ਦਾ ਸਬੂਤ ਹੈ ਕਿ ਭਾਰਤੀ ਸੰਵਿਧਾਨ ਨੇ ਇੱਕ ਚਪੜਾਸੀ ਦੇ ਪੁੱਤਰ ਨੂੰ ਸੁਪਰੀਮ ਕੋਰਟ ਤੱਕ ਪਹੁੰਚਣ ਦਾ ਮੌਕਾ ਦਿੱਤਾ ਹੈ।” ਉਹ ਇਹ ਵੀ ਕਹਿੰਦੇ ਹਨ ਕਿ “ਸੰਵਿਧਾਨ ਸਿਰਫ਼ ਇੱਕ ਕਾਨੂੰਨ ਨਹੀਂ ਹੈ, ਇਹ ਇੱਕ ਸਮਾਜਿਕ ਕ੍ਰਾਂਤੀ ਦਾ ਦਸਤਾਵੇਜ਼ ਹੈ।” ਉਨ੍ਹਾਂ ਡਾ. ਅੰਬੇਡਕਰ ਨੂੰ ਆਪਣੀ ਬੌਧਿਕ ਪ੍ਰੇਰਨਾ ਦੱਸਿਆ ਅਤੇ ਕਿਹਾ ਕਿ “ਬਾਬਾ ਸਾਹਿਬ ਦੁਆਰਾ ਦਿਖਾਇਆ ਗਿਆ ਰਸਤਾ ਨਿਆਂਪਾਲਿਕਾ ਦਾ ਆਦਰਸ਼ ਹੋਣਾ ਚਾਹੀਦਾ ਹੈ।” ਹਾਲਾਂਕਿ ਸਾਡੀ ਨਿਆਂਪਾਲਿਕਾ, ਜੋ ਪੂਰੀ ਤਰ੍ਹਾਂ ਕਾਲਜੀਅਮ ਪ੍ਰਣਾਲੀ ਦੁਆਰਾ ਚਲਾਈ ਜਾਂਦੀ ਹੈ ਅਤੇ ਉੱਚ ਜਾਤੀ ਦੇ ਜੱਜਾਂ ਨਾਲ ਭਰੀ ਹੋਈ ਹੈ, ਇਹ ਖੁਸ਼ੀ ਦੀ ਗੱਲ ਹੈ ਕਿ ਇੱਕ ਦਲਿਤ ਜਾਂ ਬੋਧੀ ਜੱਜ ਚੀਫ਼ ਜਸਟਿਸ ਬਣਦਾ ਹੈ, ਪਰ ਇਸ ਦੇ ਬਾਵਜੂਦ, ਦਲਿਤ ਸਮਾਜ ਦੇ ਕੁਝ ਬੁੱਧੀਜੀਵੀ ਕਹਿ ਰਹੇ ਹਨ ਕਿ ਬੀ.ਆਰ. ਗਵਈ ਦਾ ਚੀਫ਼ ਜਸਟਿਸ ਬਣਨ ਨਾਲ ਦਲਿਤਾਂ ਨੂੰ ਕੋਈ ਖਾਸ ਫਾਇਦਾ ਨਹੀਂ ਹੈ। ਇਸ ਲਈ, ਦਲਿਤਾਂ ਨੂੰ ਕਿਸੇ ਹੋਰ ਦੇ ਵਿਆਹ ਵਿੱਚ ਅਬਦੁੱਲਾ ਦੀਵਾਨਾ ਨਹੀਂ ਬਣਨਾ ਚਾਹੀਦਾ। ਇਹ ਇਸ ਲਈ ਕਿਹਾ ਜਾ ਰਿਹਾ ਹੈ ਕਿਉਂਕਿ ਜਸਟਿਸ ਬੀ.ਆਰ. ਗਵਈ ਨੇ ਸਾਲ 2023 ਵਿੱਚ ਅਨੁਸੂਚਿਤ ਜਾਤੀਆਂ ਨੂੰ ਦਿੱਤੇ ਜਾਣ ਵਾਲੇ ਰਾਖਵੇਂਕਰਨ ਨੂੰ ਵਰਗੀਕ੍ਰਿਤ ਕਰਨ ਦੇ ਫੈਸਲੇ ਦਾ ਸਮਰਥਨ ਕੀਤਾ ਸੀ। ਜਿਸ ਤੋਂ ਬਾਅਦ ਦੇਸ਼ ਦੇ ਤਿੰਨ ਰਾਜਾਂ, ਤੇਲੰਗਾਨਾ, ਆਂਧਰਾ ਪ੍ਰਦੇਸ਼ ਅਤੇ ਹਰਿਆਣਾ ਵਿੱਚ ਐਸ.ਸੀ. ਰਾਖਵੇਂਕਰਨ ਵਿੱਚ ਵਰਗੀਕਰਨ ਲਾਗੂ ਕੀਤਾ ਗਿਆ ਹੈ। ਬੀ.ਆਰ. ਗਵਈ ਨੇ ਵਰਗੀਕਰਨ ਦੇ ਫੈਸਲੇ ਦਾ ਸਮਰਥਨ ਕਰਦੇ ਹੋਏ ਕਿਹਾ ਸੀ ਕਿ ਰਾਖਵੇਂਕਰਨ ਦਾ ਲਾਭ ਸਾਰੇ ਕਮਜ਼ੋਰ ਵਰਗਾਂ ਤੱਕ ਪਹੁੰਚਣਾ ਚਾਹੀਦਾ ਹੈ ਅਤੇ ਸਿਰਫ ਇੱਕ ਹਿੱਸੇ ਤੱਕ ਸੀਮਿਤ ਨਹੀਂ ਹੋਣਾ ਚਾਹੀਦਾ। ਇਸ ਫੈਸਲੇ ਤੋਂ ਬਾਅਦ, ਉਨ੍ਹਾਂ ਨੂੰ ਸੋਸ਼ਲ ਮੀਡੀਆ ‘ਤੇ ਟ੍ਰੋਲ ਕੀਤਾ ਗਿਆ ਸੀ। ਕੁਝ ਲੋਕਾਂ ਨੇ ਉਨ੍ਹਾਂ ਨੂੰ ‘ਸੰਵਿਧਾਨ ਵਿਰੋਧੀ’ ਅਤੇ ‘ਦਲਿਤ ਵਿਰੋਧੀ’ ਵੀ ਕਿਹਾ, ਜਿਸ ‘ਤੇ ਬੀਆਰ ਗਵਈ ਨੇ ਕਿਹਾ ਕਿ ਇਹ ਫੈਸਲਾ ਸੰਵਿਧਾਨ ਦੀ ਭਾਵਨਾ ਅਨੁਸਾਰ ਨਿਆਂ ਅਤੇ ਸਮਾਨਤਾ ਦੇ ਸਿਧਾਂਤ ‘ਤੇ ਅਧਾਰਤ ਸੀ।

# ਗੁਰੂ ਨਾਨਕ ਕਾਲਜ ਆਫ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ.ਐਸ. ਸੀ. ਨਰਸਿੰਗ (ਦੂਜਾ ਸਾਲ) ਦਾ ਸ਼ਾਨਦਾਰ ਸੌ ਫ਼ੀਸਦੀ ਨਤੀਜਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਬੰਗਾ 13 ਮਈ (ਚਰਨਜੀਤ ਸੱਲ੍ਹਾ) ਪੰਜਾਬ ਦੀ ਪ੍ਰਸਿੱਧ ਨਰਸਿੰਗ ਵਿਦਿਅਕ ਸੰਸਥਾ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ.ਐਸ.ਸੀ. ਨਰਸਿੰਗ ਦੂਜਾ ਸਾਲ (ਚੌਥਾ ਸਮੈਸਟਰ) ਦਾ ਸ਼ਾਨਦਾਰ ਸੌ ਫੀਸਦੀ ਨਤੀਜਾ ਆਇਆ ਹੈ। ਇਸ ਦੀ ਜਾਣਕਾਰੀ ਦਿੰਦੇ ਡਾ. ਸੁਰਿੰਦਰ ਜਸਪਾਲ ਪ੍ਰਿੰਸੀਪਲ ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਨੇ ਦੱਸਿਆ ਕਿ ਬੀ.ਐੱਸ.ਸੀ. ਨਰਸਿੰਗ (ਦੂਜਾ ਸਾਲ) ਕਲਾਸ ਵਿਚੋਂ ਪਹਿਲਾ ਸਥਾਨ ਪ੍ਰਿਯਾਂਸ਼ੀ



ਫੋਟੋ ਕੈਪਸ਼ਨ : ਗੁਰੂ ਨਾਨਕ ਕਾਲਜ ਆਫ਼ ਨਰਸਿੰਗ ਢਾਹਾਂ ਕਲੇਰਾਂ ਦੀ ਕਲਾਸ ਬੀ.ਐਸ.ਸੀ. ਨਰਸਿੰਗ ਦੂਜਾ ਸਾਲ (ਚੌਥਾ ਸਮੈਸਟਰ) ਦੇ ਟੌਪਰ ਵਿਦਿਆਰਥੀ।

ਲਖਵਾਰਾ ਪੁੱਤਰੀ ਸ੍ਰੀ ਅਜੇ ਲਖਵਾਰਾ- ਸ੍ਰੀਮਤੀ ਸੁਨੀਤਾ ਲਖਵਾਰਾ ਢਾਹਾਂ ਕਲੇਰਾਂ ਨੇ ਸ਼ਾਨਦਾਰ ਗਰੇਡ ਪ੍ਰਾਪਤ ਕਰਕੇ ਕੀਤਾ। ਜਦ ਕਿ ਦੂਜਾ ਸਥਾਨ ਦੋ ਵਿਦਿਆਰਥਣਾਂ ਜੈਸਮੀਨ ਕੌਰ ਪੁੱਤਰੀ ਸ. ਮੱਖਣ ਸਿੰਘ- ਸ੍ਰੀਮਤੀ ਪਰਮਰ ਕੁਮਾਰੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਅਤੇ ਸਿਮਰਨਜੀਤ ਕੌਰ ਪੁੱਤਰੀ ਸ੍ਰੀ ਕੁਲਦੀਪ ਚੰਦ - ਸ੍ਰੀਮਤੀ ਕਮਲੇਸ਼ ਕੁਮਾਰੀ ਜ਼ਿਲ੍ਹਾ ਰੂਪਨਗਰ ਨੇ ਇੱਕੋ ਜਿਹਾ ਗਰੇਡ ਪ੍ਰਾਪਤ ਕਰਕੇ ਕੀਤਾ। ਇਸੇ ਤਰ੍ਹਾਂ ਤੀਜਾ ਸਥਾਨ ਵੀ ਇੱਕੋ ਜਿੰਨੇ ਗਰੇਡ ਪ੍ਰਾਪਤ ਕਰਕੇ ਮਨਜੀਤ ਕੌਰ ਪੁੱਤਰੀ ਸ. ਜਸਵੀਰ ਸਿੰਘ- ਸ੍ਰੀਮਤੀ ਪਰਮਜੀਤ ਕੌਰ ਜ਼ਿਲ੍ਹਾ ਹੁਸ਼ਿਆਰਪੁਰ ਅਤੇ ਤਮੰਨਾ ਪੁੱਤਰੀ ਸ੍ਰੀ ਰਾਜੂ - ਸ੍ਰੀਮਤੀ ਨੀਸ਼ੂ ਗੜ੍ਹਸ਼ੰਕਰ ਨੇ ਹਾਸਲ ਕੀਤਾ ਹੈ।

ਕਾਲਜ ਦੇ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਸ. ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟੀਆਂ ਵੱਲੋਂ ਬੀ.ਐੱਸ.ਸੀ. ਨਰਸਿੰਗ (ਦੂਜਾ ਸਾਲ) ਚੌਥਾ ਸਮੈਸਟਰ ਦੇ ਸ਼ਾਨਦਾਰ ਨਤੀਜੇ ਲਈ ਸਮੂਹ ਨਰਸਿੰਗ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ, ਅਧਿਆਪਕਾਂ ਨੂੰ ਹਾਰਦਿਕ ਵਧਾਈਆਂ ਦਿੱਤੀਆਂ ਹਨ।

ਇਸ ਮੌਕੇ ਮੈਡਮ ਰਮਨਦੀਪ ਕੌਰ ਵਾਈਸ ਪ੍ਰਿੰਸੀਪਲ, ਮੈਡਮ ਸੁਖਮਿੰਦਰ ਕੌਰ ਉੱਭੀ, ਮੈਡਮ ਸਰਬਜੀਤ ਕੌਰ ਕਲਾਸ ਇੰਚਾਰਜ, ਮੈਡਮ ਮਨਦੀਪ ਕੌਰ, ਮੈਡਮ ਸੰਦੀਪ ਕੌਰ, ਮੈਡਮ ਮਨਪ੍ਰੀਤ ਕੌਰ, ਮੈਡਮ ਨਵਜੋਤ ਕੌਰ, ਸ੍ਰੀ ਗੁਰਮੀਤ ਸਿੰਘ ਤੇ ਨਰਸਿੰਗ ਵਿਦਿਆਰਥੀ ਹਾਜ਼ਰ ਸਨ।

# ਨਵ-ਨਿਯੁਕਤ ਈਟੀਟੀ ਅਧਿਆਪਕਾਂ ਦੇ ਦੋ-ਰੋਜ਼ਾ ਸਿਖਲਾਈ ਕੈਂਪ ਵਿੱਚ ਡੀਈਓ ਐਲੀਮੈਂਟਰੀ ਨੇ ਕੀਤਾ ਸੰਬੋਧਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਮੁਹਾਲੀ ਮਿਤੀ 13 ਮਈ () ਪੰਜਾਬ ਸਰਕਾਰ ਦੀ ਸਿੱਖਿਆ ਕ੍ਰਾਂਤੀ ਤਹਿਤ,ਸਿੱਖਿਆ ਮੰਤਰੀ ਪੰਜਾਬ ਸ਼੍ਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਅਤੇ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਨਵ-ਨਿਯੁਕਤ ਈਟੀਟੀ ਅਧਿਆਪਕਾਂ ਦੇ ਦੋ-ਰੋਜ਼ਾ ਸਿਖਲਾਈ ਕੈਂਪ ਦੀ ਸ਼ੁਰੂਆਤ ਹੋਈ,ਜੋ ਕਿ ਡਾਈਟ ਮੁਹਾਲੀ ਐਟ ਬੁੱਢਣਪੁਰ ਵਿਖੇ ਕਰਵਾਏ ਜਾ ਰਹੇ ਹਨ। ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਡੀਈਓ



ਐਲੀਮੈਂਟਰੀ ਪਰਮਿੰਦਰ ਕੌਰ ਨੇ ਦੱਸਿਆ ਸਕੂਲ ਸਿੱਖਿਆ ਵਿਭਾਗ ਪੰਜਾਬ ਅਤੇ ਐੱਸ ਸੀ ਈ ਆਰ ਟੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਹ ਸਿਖਲਾਈ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ ਉਚੇਚੇ ਤੌਰ ਤੇ ਡੀਈਓ ਐਲੀਮੈਂਟਰੀ ਦਰਸ਼ਨਜੀਤ ਸਿੰਘ ਵੱਲੋਂ ਦੌਰਾ ਕੀਤਾ ਗਿਆ। ਉਹਨਾਂ ਨੇ ਜ਼ਿਲ੍ਹਾ ਮੋਹਾਲੀ ਦੇ 60 ਦੇ ਕਰੀਬ ਨਵ-ਨਿਯੁਕਤ ਈਟੀਟੀ ਅਧਿਆਪਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਸਰਕਾਰੀ ਪ੍ਰਾਇਮਰੀ ਸਕੂਲਾਂ ਵਿੱਚ ਬੱਚਿਆਂ ਦੀ ਪੜ੍ਹਾਈ ਦੇ ਸਰਵਪੱਖੀ ਵਿਕਾਸ ਲਈ ਆਪਣੇ ਨਵੇਂ ਜੋਸ਼ ਨਾਲ ਜੁੱਟਕੇ ਉਪਰਾਲੇ ਕਰਨੇ ਹਨ। ਵਿਭਾਗ ਦੀਆਂ ਚੱਲ ਰਹੀਆਂ ਸਕੀਮਾਂ ਅਤੇ ਸਕੂਲ ਵਿੱਚ ਵਿਦਿਆਰਥੀ ਲਈ ਚਲਾਏ ਜਾਂਦੇ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ। ਇਸ ਕੈਂਪ ਵਿੱਚ ਅਧਿਆਪਕਾਂ ਨੂੰ ਮਿਸ਼ਨ ਸਮਰੱਥ, ਵਿੱਦਿਆ ਪ੍ਰਵੇਸ਼ ਅਤੇ ਪ੍ਰੀ ਪ੍ਰਾਇਮਰੀ ਜਮਾਤ ਦੇ ਵਿਦਿਆਰਥੀਆਂ ਲਈ ਕਰਵਾਈ ਜਾਂਦੀਆਂ ਗਤੀਵਿਧੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਜਾ ਰਹੀ ਹੈ। ਇਹ ਸਿਖਲਾਈ ਕੈਂਪ ਡਾਈਟ ਪ੍ਰਿੰਸੀਪਲ ਬਲਵਿੰਦਰ ਸਿੰਘ ਸੈਣੀ ਦੀ ਅਗਵਾਈ ਵਿੱਚ ਰਿਸੋਰਸ ਪਰਸਨ (ਅਕੈਡਮਿਕ ਸੁਪੋਰਟ ਟੀਮ) ਪਵਨ ਸੇਤੀਆ,ਲਿਆਕਤ ਅਲੀ,ਅਨੁਰਾਧਾ ਸੈਣੀ ਅਤੇ ਜਸਬੀਰ ਕੌਰ ਵੱਲੋਂ ਦਿੱਤੀ ਜਾ ਰਹੀ ਹੈ।

# ਕਣਕ ਦੀ ਕਟਾਈ ਉਪਰੰਤ ਨਾੜ ਨੂੰ ਅੱਗ ਨਾ ਲਗਾਈ ਜਾਵੇ - ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਪੰਜਾਬ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਗੜ੍ਹਸ਼ੰਕਰ (ਸਤਨਾਮ ਸਿੰਘ ਸਹੂੰਗੜਾ) ਕਣਕ ਦੀ ਫ਼ਸਲ ਦੀ ਕਟਾਈ ਹੋਣ ਦੇ ਨਾਲ ਹੀ ਖੇਤਾਂ ਚ ਨਾੜ ਨੂੰ ਅੱਗ ਲਾਉਣ ਦਾ ਸਿਲਸਿਲਾ ਵੀ ਸ਼ੁਰੂ ਹੋ ਗਿਆ ਹੈ। ਜੋ ਕਿ ਸਾਡੀ ਜਿੰਦਗੀ ਅਤੇ ਆਉਣ ਵਾਲੀਆਂ ਪੀੜੀਆਂ ਲਈ ਖਤਰਨਾਕ ਹੈ l ਇਹ ਵਿਚਾਰ ਆਦਰਸ਼ ਸੌਸ਼ਲ ਵੈਲਫੇਅਰ ਸੁਸਾਇਟੀ ਦੇ ਸੰਸਥਾਪਕ ਪ੍ਰਧਾਨ ਸਤੀਸ਼ ਕੁਮਾਰ ਸੋਨੀ ਅਤੇ ਜੁਆਇੰਟ ਸਕੱਤਰ ਬਲਾਕ ਸੰਤੋਖ ਸਿੰਘ ਨੇ ਪ੍ਰੈਸ ਨਾਲ ਗੱਲਬਾਤ ਕਰਦੇ ਹੋਏ ਕਹੇ। ਉਹਨਾਂ ਕਿਹਾ ਕਿ ਕਣਕ ਦੀ ਕਟਾਈ ਦੇ ਨਾਲ ਹੀ ਕਿਸਾਨ ਭਰਾਵਾਂ ਵਲੋਂ ਆਪਣੇ ਖੇਤਾਂ ਵਿਚ



ਕਣਕ ਦੀ ਨਾੜ ਨੂੰ ਅੱਗ ਲਾਉਣ ਦਾ ਸਿਲਸਿਲਾ ਸ਼ੁਰੂ ਹੋ ਗਿਆ ਹੈ। ਜੋ ਕਿ ਸਾਡੇ ਸਮਾਜ ਲਈ ਬਹੁਤ ਹੀ ਚਿੰਤਾ ਦਾ ਵਿਸ਼ਾ ਹੈ ਅਤੇ ਸਾਡੇ ਸਮਾਜ ਲਈ ਘਾਤਕ ਵੀ ਸਿੱਧ ਹੋ ਰਿਹਾ ਹੈ। ਉਹਨਾਂ ਕਿਹਾ ਕਿ ਸਾਡੀ ਸੰਸਥਾ ਵਲੋਂ ਵਾਤਾਵਰਨ ਬਚਾਉਣ ਲਈ ਵੱਖ ਵੱਖ ਸਮਿਆਂ ਤੇ ਉਪਰਾਲੇ ਕੀਤੇ ਜਾਂਦੇ ਹਨ ਅਤੇ ਵਾਤਾਵਰਨ ਬਚਾਓ, ਬੇਟੀ ਬਚਾਓ ਮੁਹਿੰਮ ਅਧੀਨ ਜਾਗ੍ਰਿਤੀ ਕੈਂਪ ਵੀ ਲਗਾਏ ਜਾਂਦੇ ਹਨ। ਪਰ ਜਦੋਂ ਤਕ ਕਿਸਾਨ ਵੀਰਾਂ ਵਲੋਂ ਖੇਤਾਂ ਵਿੱਚ ਕਣਕ ਦੀ ਨਾੜ ਨੂੰ ਅਤੇ ਝੋਨੇ ਦੇ ਸੀਜ਼ਨ ਵਿਚ ਝੋਨੇ ਦੀ ਪਰਾਲੀ ਨੂੰ ਅੱਗ ਲਾਈ ਜਾਂਦੀ ਹੈ ਤਾਂ ਸਾਡੀ ਸੁਸਾਇਟੀ ਅਤੇ ਹੋਰ ਸਮਜਿਕ ਸੰਸਥਾਵਾਂ ਵਲੋਂ ਵਾਤਾਵਰਨ ਬਚਾਉਣ ਲਈ ਕੀਤੇ ਜਾ ਰਹੇ ਉਪਰਾਲੇ ਧਰੇ ਦੇ ਧਰੇ ਰਹਿ ਜਾਂਦੇ ਹਨ। ਉਹਨਾਂ ਕਿਹਾ ਕਿ ਖੇਤਾਂ ਵਿੱਚ ਅੱਗ ਲਾਉਣ ਨਾਲ ਸਾਡੀ ਜਮੀਨ ਵਿੱਚ ਜਿਹੜੇ ਮਿੱਤਰ ਜੀਵ ਹੁੰਦੇ ਹਨ, ਜੋ ਕਿ ਸਾਡੇ ਖੇਤਾਂ ਦੀ ਉਪਜਾਊ ਸ਼ਕਤੀ ਨੂੰ ਵਧਾਉਣ ਵਿੱਚ ਮਦਦਗਾਰ ਹੁੰਦੇ ਹਨ, ਉਹ ਵੀ ਜਲ ਕੇ ਨਸ਼ਟ ਹੋ ਜਾਂਦੇ ਹਨ। ਇਸ ਲਈ ਸਾਨੂੰ ਉਹਨਾ ਨੂੰ ਬਚਾਉਣ ਲਈ ਖੇਤਾਂ ਵਿੱਚ ਅੱਗ ਲਾਉਣ ਤੇ ਗੁਰੇਜ ਕਰਨਾ ਚਾਹੀਦਾ ਹੈ। ਉਹਨਾਂ ਕਿਹਾ ਕਿ ਆਦਰਸ਼ ਸੋਸ਼ਲ ਵੈਲਫੇਅਰ ਸੁਸਾਇਟੀ ਪੰਜਾਬ ਪ੍ਰੈਸ ਦੇ ਮਾਧਿਅਮ ਰਾਹੀਂ ਕਿਸਾਨ ਭਰਾਵਾਂ ਅਤੇ ਸੂਬਾ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਖੇਤਾਂ ਵਿੱਚ ਕਣਕ ਦੀ ਨਾੜ ਨੂੰ ਅੱਗ ਲਾਉਣ ਅਤੇ ਫ਼ਸਲਾਂ ਵਿੱਚ ਖਾਦਾਂ ਅਤੇ ਜਹਿਰੀਲੇ ਕੀਟਨਾਸ਼ਕਾਂ ਦੀ ਵਰਤੋਂ ਕਰਨ ਤੇ ਸਖ਼ਤੀ ਨਾਲ ਪਾਬੰਧੀ ਲਾਈ ਜਾਵੇ ਤਾਂ ਜ਼ੋ ਸਾਡੇ ਆਲੇ ਦੁਆਲੇ ਦਾ ਵਾਤਾਵਰਨ ਸਾਫ ਸੁਥਰਾ ਅਤੇ ਸਿਹਤਮੰਦ ਬਣਿਆ ਰਹੇ।

# ਠਾਣੇ ਜ਼ਿਲ੍ਹੇ ਵਿੱਚ ਮਾਲ ਗੱਡੀ ਪਟੜੀ ਤੋਂ ਲੱਥੀ; ਕੋਈ ਨੁਕਸਾਨ ਨਹੀਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

Goods train derails in Thane ਮਹਾਰਾਸ਼ਟਰ ਦੇ ਠਾਣੇ ਜ਼ਿਲ੍ਹੇ ਦੇ ਭਿਵੰਡੀ ਅਤੇ ਖਰਬਾਵ ਸਟੇਸ਼ਨਾਂ ਵਿਚਕਾਰ ਅੱਜ ਦੇਰ ਸ਼ਾਮ ਨੂੰ ਇੱਕ ਮਾਲ ਗੱਡੀ ਪਟੜੀ ਤੋਂ ਲੱਥ ਗਈ। ਰੇਲਵੇ ਤੇ ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਘਟਨਾ



ਕਾਰਨ ਕੋਈ ਵੀ ਜ਼ਖਮੀ ਨਹੀਂ ਹੋਇਆ। ਜਾਣਕਾਰੀ ਅਨੁਸਾਰ ਮੰਗਲੋਰ-ਡਗਰੂ (ਪੰਜਾਬ) ਰੇਲਗੱਡੀ ਦਾ ਇੱਕ ਡੱਬਾ ਸ਼ਾਮ 6.32 ਵਜੇ ਦੇ ਕਰੀਬ ਪਟੜੀ ਤੋਂ ਉਤਰ ਗਿਆ। ਕੇਂਦਰੀ ਰੇਲਵੇ ਦੇ ਸੀਪੀਆਰਓ ਸਵਪਨਿਲ ਨੀਲਾ ਨੇ ਕਿਹਾ ਕਿ ਇਹ ਹਾਦਸਾ ਗੈਰ-ਉਪਨਗਰੀ ਸੈਕਸ਼ਨ ’ਚ ਵਾਪਰਿਆ ਜਿਸ ਨਾਲ ਲੰਬੀ ਦੂਰੀ ਦੀਆਂ ਰੇਲ ਗੱਡੀਆਂ ਦੀ ਆਵਾਜਾਈ ’ਤੇ ਕੋਈ ਅਸਰ ਨਹੀਂ ਪਿਆ। ਇਹ ਹਾਦਸੇ ਵਿਚ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਰਿਪੋਰਟ ਨਹੀਂ ਹੈ। ਜ਼ਿਕਰਯੋਗ ਹੈ ਕਿ ਇਹ ਹਾਦਸਾ ਵਸਈ-ਦੀਵਾ ਸੈਕਸ਼ਨ ’ਤੇ ਵਾਪਰਿਆ ਜੋ ਪੱਛਮੀ ਰੇਲਵੇ, ਮੱਧ ਰੇਲਵੇ ਅਤੇ ਕੋਂਕਣ ਰੇਲਵੇ ਵਿਚਕਾਰ ਇੱਕ ਮਹੱਤਵਪੂਰਨ ਲਿੰਕ ਹੈ। ਕੋਂਕਣ ਰੂਟ ਰਾਹੀਂ ਉੱਤਰੀ ਅਤੇ ਦੱਖਣੀ ਭਾਰਤ ਦੀਆਂ ਸਾਰੀਆਂ ਰੇਲਗੱਡੀਆਂ ਇਸ ਸੈਕਸ਼ਨ ਵਿੱਚੋਂ ਲੰਘਦੀਆਂ ਹਨ। ਪੀਟੀਆਈ

# ਮੁੱਖ ਮੰਤਰੀ ਨਿਤੀਸ਼ ਕੁਮਾਰ SC/ST ਭਾਈਚਾਰਿਆਂ ਲਈ ਭਲਾਈ ਯੋਜਨਾਵਾਂ ਦੀ ਸਮੀਖਿਆ ਕਰਨਗੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਭਾਗਲਪੁਰ: ਮੁੱਖ ਮੰਤਰੀ ਨਿਤੀਸ਼ ਕੁਮਾਰ ਮੰਗਲਵਾਰ ਨੂੰ ਅਨੁਸੂਚਿਤ ਜਾਤੀ (SC) ਅਤੇ ਅਨੁਸੂਚਿਤ ਜਨਜਾਤੀ (ST) ਭਾਈਚਾਰਿਆਂ ਨੂੰ ਜ਼ਰੂਰੀ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ 22 ਵਿਕਾਸ ਯੋਜਨਾਵਾਂ ਦੇ ਲਾਗੂਕਰਨ ਦੀ ਸਮੀਖਿਆ ਕਰਨਗੇ। ਭਾਗਲਪੁਰ ਜ਼ਿਲ੍ਹੇ ਦੇ ਜਗਦੀਸ਼ਪੁਰ ਬਲਾਕ ਦੀ ਖੀਰੀ ਬਾਂਦ ਪੰਚਾਇਤ ਵਿੱਚ ਸਥਿਤ ਮੁਖੇਰੀਆ ਪਿੰਡ ਦਾ ਉਨ੍ਹਾਂ ਦਾ ਦੌਰਾ, ਡਾ. ਬੀ.ਆਰ. ਅੰਬੇਡਕਰ ਦੀ ਜਨਮ ਵਰ੍ਹੇਗੰਢ ਮਨਾਉਣ ਲਈ 14 ਅਪ੍ਰੈਲ ਨੂੰ ਸ਼ੁਰੂ ਕੀਤੀ ਗਈ ਰਾਜ ਵਿਆਪੀ ਪਹਿਲਕਦਮੀ, ਚੱਲ ਰਹੀ ‘ਡਾ. ਅੰਬੇਡਕਰ ਸਮਗ੍ਰ ਸੇਵਾ ਅਭਿਆਨ’ (DASSA) ਦਾ ਹਿੱਸਾ ਹੈ। DASSA ਦੇ ਤਹਿਤ, ਸਰਕਾਰੀ ਯੋਜਨਾਵਾਂ ਦੀ ਘਰ-ਘਰ ਪਹੁੰਚ ਯਕੀਨੀ ਬਣਾਉਣ ਲਈ 60,000 ਤੋਂ ਵੱਧ SC/ST ਪਿੰਡਾਂ ਵਿੱਚ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਨ੍ਹਾਂ ਵਿੱਚ ਆਯੁਸ਼ਮਾਨ ਭਾਰਤ, ਉੱਜਵਲਾ ਯੋਜਨਾ, ਰਾਸ਼ਨ ਕਾਰਡ ਵੰਡ, ਪੈਨਸ਼ਨ, ਹੁਨਰ ਸਿਖਲਾਈ, ਸਕੂਲ ਦਾਖਲਾ, ਮਨਰੇਗਾ ਜੌਬ ਕਾਰਡ, ਬੈਂਕਿੰਗ ਅਤੇ ਬੀਮਾ ਸੇਵਾਵਾਂ ਸ਼ਾਮਲ ਹਨ। 22 ਕਵਰ ਕੀਤੀਆਂ ਗਈਆਂ ਯੋਜਨਾਵਾਂ ਵਿੱਚ ਜਨਤਕ ਵੰਡ, ਸਿਹਤ ਸੰਭਾਲ, ਸਿੱਖਿਆ, ਰਿਹਾਇਸ਼, ਰੁਜ਼ਗਾਰ, ਜ਼ਮੀਨੀ ਅਧਿਕਾਰ, ਪਾਣੀ ਸਪਲਾਈ, ਬਿਜਲੀ, ਸੈਨੀਟੇਸ਼ਨ ਅਤੇ ਪੇਂਡੂ ਸੰਪਰਕ ਵਰਗੇ ਖੇਤਰ ਸ਼ਾਮਲ ਹਨ। ਇੱਕ ਅਧਿਕਾਰੀ ਨੇ ਕਿਹਾ। ਮੁੱਖ ਮੰਤਰੀ ਦੇ ਦੌਰੇ ਦੀ ਤਿਆਰੀ ਵਿੱਚ, ਜ਼ਿਲ੍ਹਾ ਅਧਿਕਾਰੀ 24 ਘੰਟੇ ਕੰਮ ਕਰ ਰਹੇ ਹਨ। ਉਨ੍ਹਾਂ ਦੇ ਆਉਣ ਲਈ ਜ਼ੀਰੋ ਮਾਈਲ ਹਵਾਈ ਪੱਟੀ ਅਤੇ ਮੁਖੇਰੀਆ ਪਿੰਡ ਵਿੱਚ ਹੈਲੀਪੈਡ ਬਣਾਏ ਜਾ ਰਹੇ ਹਨ। ਮੁੱਖ ਮੰਤਰੀ ਦੇ ਭਾਗਲਪੁਰ ਵਿੱਚ ਸੈਂਡੀ ਦੇ ਕੰਪਾਊਂਡ ਗਰਾਊਂਡ ਕੰਪਲੈਕਸ ਦਾ ਵੀ ਦੌਰਾ ਕਰਨ ਦੀ ਉਮੀਦ ਹੈ ਜਿੱਥੇ ਖੇਲੋ ਇੰਡੀਆ ਯੂਥ ਗੇਮਜ਼ 2025 ਬੈਡਮਿੰਟਨ ਚੈਂਪੀਅਨਸ਼ਿਪ ਚੱਲ ਰਹੀ ਹੈ। ਜ਼ਿਲ੍ਹਾ ਮੈਜਿਸਟ੍ਰੇਟ ਨਵਲ ਕਿਸ਼ੋਰ ਚੌਧਰੀ ਨੇ ਕਿਹਾ ਕਿ ਐਸਸੀ/ਐਸਟੀ ਨਿਵਾਸੀਆਂ ਲਈ ਭਲਾਈ ਯੋਜਨਾਵਾਂ ਦੀ ਪਹੁੰਚ ਅਤੇ ਪ੍ਰਭਾਵ ਦਾ ਮੁਲਾਂਕਣ ਕਰਨ



ਲਈ ਨਿਤੀਸ਼ ਦੇ ਮੁਖੇਰੀਆ ਪਿੰਡ ਦੇ ਦੌਰੇ ਦੀਆਂ ਤਿਆਰੀਆਂ ਪੂਰੇ ਜ਼ੋਰਾਂ ’ਤੇ ਹਨ। “ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਕੋਈ ਵੀ ਯੋਗ ਲਾਭਪਾਤਰੀ ਵਾਂਝਾ ਨਾ ਰਹੇ,” ਉਨ੍ਹਾਂ ਅੱਗੇ ਕਿਹਾ। ਡੀਐਮ ਨੇ ਕਿਹਾ, “ਦਾਸਾ ਹਾਸ਼ੀਏ ’ਤੇ ਪਏ ਭਾਈਚਾਰਿਆਂ ਦੇ ਸਸ਼ਕਤੀਕਰਨ ਲਈ ਮੁੱਖ ਮੰਤਰੀ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਅਸੀਂ ਉਨ੍ਹਾਂ ਨੂੰ ਇੱਕ ਵਿਆਪਕ ਰਿਪੋਰਟ ਪੇਸ਼ ਕਰਨ ਲਈ ਪ੍ਰਗਤੀ ਦੀ ਨੇੜਿਓਂ ਨਿਗਰਾਨੀ ਕਰ ਰਹੇ ਹਾਂ।”

# ਮੇਜਰ ਸਿੰਘ ਵਜੀਦਪੁਰ ਨੂੰ ਬਤੌਰ ਬਲਾਕ ਸਿੱਖਿਆ ਅਫਸਰ ਤਰੱਕੀ ਹੋਣ ਉਪਰੰਤ ਕੀਤਾ ਸਨਮਾਨਿਤ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਨਾਭਾ 13 ਮਈ ਬਾਗਾਂ/ ਬੇਅੰਤ ਸਿੰਘ ਰੋਹਟੀ ਖਾਸ) ਪਿਛਲੇ ਦਿਨ ਮਿਤੀ 12 ਮਈ 2025 ਨੂੰ ਗੁਰਦੁਆਰਾ ਡੇਰਾ ਸ੍ਰੀ ਗੁਰੂ ਰਵਿਦਾਸ ਬੌੜਾ ਗੇਟ ਨਾਭਾ ਵਿਖੇ ਹਰ ਮਹੀਨੇ ਦੀ ਤਰ੍ਹਾਂ ਪੂਰਨਮਾਸ਼ੀ ਦਾ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਬੀਬੀਆ ਭੈਣਾ ਦੁਆਰਾ 4.30 ਤੋਂ 6 ਵਜੇ ਤੱਕ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕੀਤੇ ਗਏ ਉਪਰੰਤ ਭਾਈ ਜਤਿੰਦਰ



ਸਿੰਘ , ਬੇਟੀ ਨਵਕਿਰਨ ਕੌਰ ਵਲੋਂ ਸ਼ਬਦ ਕੀਰਤਨ ਨਾਲ ਸੰਗਤਾ ਨੂੰ ਨਿਹਾਲ ਕੀਤਾ। ਅੰਤ ਵਿੱਚ ਸ. ਮੇਜਰ ਸਿੰਘ ਵਜੀਦਪੁਰ ਨੂੰ ਬਤੌਰ ਬਲਾਕ ਸਿੱਖਿਆ ਅਫਸਰ ਤਰੱਕੀ ਹੋਣ ਤੇ ਉਹਨਾਂ ਦੇ ਨਾਲ ਪਹੁੰਚੇ ਉਨਾਂ ਦੇ ਧਰਮ ਪਤਨੀ ਸ੍ਰੀਮਤੀ ਜਸਵੰਤ ਕੌਰ ਨੂੰ ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਰਜਿ. ਨਾਭਾ ਦੇ ਮੈਂਬਰਾ ਵਲੋਂ ਸਨਮਾਨ ਚਿੰਨ੍ਹ ਅਤੇ ਸਿਰੋਪਾ ਦੇ ਕੇ ਸਨਮਾਨਿਤ ਕੀਤਾ। ਸ. ਮੇਜਰ ਸਿੰਘ ਨੇ ਗੁਰੂ ਘਰ ਦੀ ਕਾਰਸੇਵਾ ਲਈ 2100/- ਦਾ ਸਹਿਯੋਗ ਦਿੱਤਾ। ਇਸ ਮੌਕੇ ਤੇ ਸੁਸਾਇਟੀ ਦੇ ਜਨਰਲ ਸੱਕਤਰ ਅਮਰ ਸਿੰਘ ਟੇਡਰਵਾਲ ਵਲੋਂ ਆਈਆ ਸੰਗਤਾਂ ਦਾ ਧੰਨਵਾਦ ਕੀਤੀ ਅਤੇ ਅੰਤ ਵਿੱਚ ਚਾਹ ਪਾਣੀ, ਮੱਠੀਆ, ਲੱਡੂਆ ਦੇ ਲੰਗਰ ਵਰਤਾਏ ਗਏ। ਫੋਟੋ ਕੈਪਸ਼ਨ:- ਸ੍ਰੀ ਗੁਰੂ ਰਵਿਦਾਸ ਸੇਵਾ ਸੁਸਾਇਟੀ ਦੇ ਮੈਂਬਰ ਸ. ਮੇਜਰ ਸਿੰਘ ਵਜੀਦਪੁਰ ਨੂੰ ਬਤੌਰ ਬਲਾਕ ਸਿੱਖਿਆ ਅਫਸਰ ਤਰੱਕੀ ਹੋਣ ਤੇ ਸਨਮਾਨਿਤ ਕਰਦੇ ਹੋਏ।

# ਮਹਿੰਦਵਾਣੀ ਤੇ ਭੜਿਆਰ ਪਿੰਡਾਂ ਨੂੰ ਪਾਣੀ ਦੀ ਸਪਲਾਈ ਵਾਲੀ ਜਲ ਸਪਲਾਈ ਸਕੀਮ ਤਹਿਤ ਪਿੰਡ ਬਿਲੜੋਂ ਵਿਖੇ ਡਿਪਟੀ ਸਪੀਕਰ ਨੇ ਲਿਆ ਜਾਇਜ਼ਾ

## 96 ਲੱਖ ਦੀ ਲਾਗਤ ਨਾਲ ਨਵੀਆਂ ਪਾਇਪ ਲਾਇਨਾ ਪਾਈਆਂ ਜਾਣਗੀਆਂ - ਡਿਪਟੀ ਸਪੀਕਰ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਸਿੰਘ ਸਹੂੰਗੜਾ) ਗੜ੍ਹਸ਼ੰਕਰ ਤੋਂ ਹਲਕਾ ਵਿਧਾਇਕ ਤੇ ਡਿਪਟੀ ਸਪੀਕਰ ਨੇ ਬੀਤ ਦੇ ਪਿੰਡਾਂ ਮਹਿੰਦਵਾਣੀ ਤੇ ਭੜਿਆਰ ਆਦਿ ਪਿੰਡ ਨੂੰ ਪਾਣੀ ਸਪਲਾਈ ਕਰਨ ਵਾਲੀ ਜਲ ਸਪਲਾਈ ਸਕੀਮ ਬਿਲੜੋਂ ਦਾ ਮਹਿੰਦਵਾਣੀ ਦੇ ਸਰਪੰਚ ਤੇ ਬਲਾਕ ਪ੍ਰਧਾਨ ਨਰੇਸ਼ ਕੁਮਾਰ ਰਾਣਾ ਦੇ ਨਾਲ



ਕੀਤਾ । ਇਸ ਮੌਕੇ ਡਿਪਟੀ ਸਪੀਕਰ ਸਾਹਿਬ ਨੇ ਕਿਹਾ ਕਿ ਇਹ ਸਕੀਮ ਬਹੁਤ ਪੁਰਾਣੀ ਹੋਣ ਕਰਕੇ ਵਾਟਰ ਸਪਲਾਈ ਦੀਆਂ ਪਾਇਪਾਂ ਅਕਸਰ ਲੀਕਜ਼ ਰਹਿੰਦੀਆਂ ਹਨ। ਜਿਸ ਨਾਲ ਪਾਣੀ ਸਪਲਾਈ ਦੀ ਸਪਲਾਈ ਦੀ ਸਮੱਸਿਆ ਰਹਿੰਦੀ ਸੀ। ਇਹਨਾਂ ਕਿਹਾ ਕਿ 96 ਲੱਖ ਦੀ ਲਾਗਤ ਨਾਲ ਨਵੀਆਂ ਪਾਇਪ ਲਾਇਨਾਂ ਪਾਈਆਂ ਜਾਣਗੀਆਂ। ਡਿਪਟੀ ਸਪੀਕਰ ਨੇ ਕਿਹਾ ਕਿ ਹਲਕਾ ਗੜ੍ਹਸ਼ੰਕਰ ਦੀਆਂ ਸਾਰੀਆਂ ਵਾਟਰ ਸਪਲਾਈ ਸਕੀਮਾਂ ਲਈ ਵਾਧੂ ਮੋਟਰਾਂ ਮੁਹੱਈਆ ਕਰਵਾਈਆਂ ਗਈਆਂ। ਜਿਸ ਨਾਲ ਪੀਣ ਵਾਲੇ ਪਾਣੀ ਦੀ ਨਿਰਵਿਘਨ ਸਪਲਾਈ ਹੋਵੇਗੀ। ਇਸ ਦੌਰਾਨ ਓ.ਐਸ.ਡੀ. ਚਰਨਜੀਤ ਸਿੰਘ ਚੰਨੀ, ਯੂਥ ਪ੍ਰਧਾਨ ਪ੍ਰਿੰਸ ਚੌਧਰੀ, ਹਰਜਿੰਦਰ ਸਿੰਘ ਧੰਜਲ, ਧਰਮਪ੍ਰੀਤ ਸਿੰਘ, ਸਹਿਬਾਜ ਅਤੇ ਸਮੂਹ ਨਗਰ ਨਿਵਾਸੀ ਸ਼ਾਮਿਲ ਸਨ|

# ਫਗਵਾੜਾ ਵਿੱਚ ਕੂੜਾ ਚੁੱਕਣ ਅਤੇ ਸੀਵਰੇਜ ਦੀ ਸਮੱਸਿਆ ਦਾ ਸਥਾਈ ਹੱਲ ਹੋਵੇਗਾ - ਡਾ. ਰਵਜੋਤ ਸਿੰਘ

*ਫਗਵਾੜਾ ਸ਼ਹਿਰ ਵਿੱਚ ਸਫਾਈ ਅਤੇ ਸੀਵਰੇਜ ਪ੍ਰਬੰਧਨ ਦੀ ਸਮੀਖਿਆ ਕੀਤੀ ਗਈ,,

*ਹਰ ਘਰ ਤੋਂ ਕੂੜਾ ਇਕੱਠਾ ਕਰਨ ਦੀ ਪ੍ਰਣਾਲੀ ਸ਼ੁਰੂ ਕਰਨ ਦੇ ਨਿਰਦੇਸ਼।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਫਗਵਾੜਾ, 13 ਮਈ (ਸ਼ਿਵ ਕੌੜਾ) ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਫਗਵਾੜਾ ਸ਼ਹਿਰ ਦੀ ਤਸਵੀਰ ਬਦਲਣ ਲਈ, ਸਫਾਈ ਪ੍ਰਣਾਲੀ, ਕੂੜੇ ਦੇ ਸਹੀ ਨਿਪਟਾਰੇ ਅਤੇ ਰਿਹਾਇਸ਼ੀ ਖੇਤਰਾਂ ਵਿੱਚ ਸੀਵਰੇਜ ਸਥਾਪਤ ਕਰਨ ਦਾ ਕੰਮ ਜਲਦੀ ਹੀ ਪਹਿਲ ਦੇ ਆਧਾਰ ’ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਫਗਵਾੜਾ ਵਿੱਚ ਕੂੜਾ ਚੁੱਕਣ ਦੀ ਸਮੱਸਿਆ ਦਾ ਸਥਾਈ ਹੱਲ ਜਲਦੀ ਹੀ ਲੱਭ ਲਿਆ ਜਾਵੇਗਾ। ਫਗਵਾੜਾ ਸ਼ਹਿਰ ਵਿੱਚ ਜ਼ਮੀਨੀ ਪੱਧਰ ’ਤੇ ਲੋਕਾਂ ਨਾਲ ਸਿੱਧਾ ਸੰਪਰਕ ਸਥਾਪਿਤ ਕਰਦੇ ਹੋਏ ਸਥਾਨਕ ਸਰਕਾਰਾਂ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਦੌਰੇ ਦਾ ਮੁੱਖ ਉਦੇਸ਼ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝਣਾ ਅਤੇ ਉਨ੍ਹਾਂ ਦਾ ਢੁਕਵਾਂ ਹੱਲ ਲੱਭਣ ਲਈ ਇੱਕ ਵਿਆਪਕ ਯੋਜਨਾ ਬਣਾਉਣਾ ਸੀ, ਜਿਸ ਲਈ



ਨਗਰ ਨਿਗਮ, ਸੀਵਰੇਜ ਬੋਰਡ ਅਤੇ ਜਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਨੂੰ ਜੰਗੀ ਪੱਧਰ ’ਤੇ ਕੰਮ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ। ਕੈਬਨਿਟ ਮੰਤਰੀ ਨੇ ਬੱਸ ਸਟੈਂਡ, ਜੇ.ਜੇ. ਦਾ ਉਦਘਾਟਨ ਵੀ ਕੀਤਾ। ਉਨ੍ਹਾਂ ਸਕੂਲ, ਗੁਰੂ ਨਾਨਕ ਨਗਰ, ਅਰਬਨ ਅਸਟੇਟ, ਬਸੰਤ ਨਗਰ ਵਰਗੇ ਇਲਾਕਿਆਂ ਦਾ ਦੌਰਾ ਕੀਤਾ ਅਤੇ ਸਫਾਈ ਪ੍ਰਣਾਲੀ ਦਾ ਜਾਇਜ਼ਾ ਲਿਆ। ਉਨ੍ਹਾਂ ਨਿਗਮ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਹਰ ਘਰ ਤੋਂ ਕੂੜਾ ਇਕੱਠਾ ਕਰਨਾ ਸ਼ੁਰੂ ਕਰਨ ਤਾਂ ਜੋ ਕੂੜੇ ਦਾ ਸਹੀ ਨਿਪਟਾਰਾ ਸਿਰਫ਼ ਨਿਰਧਾਰਤ ਡੰਪਿੰਗ ਥਾਵਾਂ ’ਤੇ ਹੀ ਯਕੀਨੀ ਬਣਾਇਆ ਜਾ ਸਕੇ। ਸਫ਼ਾਈ ਵੱਲ ਵਿਸ਼ੇਸ਼ ਧਿਆਨ ਦੇਣ ਦੇ ਨਿਰਦੇਸ਼ ਦਿੰਦੇ ਹੋਏ ਮੰਤਰੀ ਨੇ ਕਿਹਾ ਕਿ “ਇਸ ਸਬੰਧੀ ਨਿਗਮ ਦੇ ਅਧਿਕਾਰੀਆਂ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ।” ਸ਼ਹਿਰ ਵਿੱਚ ਕੰਮ ਨਾ ਕਰਨ ਵਾਲੀਆਂ ਸਟਰੀਟ ਲਾਈਟਾਂ ਬਾਰੇ ਉਨ੍ਹਾਂ ਦੱਸਿਆ ਕਿ 4000 ਨਵੀਆਂ ਐਲਈਡੀ ਲਾਈਟਾਂ ਲਗਾਈਆਂ ਜਾ ਰਹੀਆਂ ਹਨ ਜਿਸ ਨਾਲ ਰਾਤ ਨੂੰ ਰੋਸ਼ਨੀ ਦੀ ਸਮੱਸਿਆ ਹੱਲ ਹੋ ਜਾਵੇਗੀ। ਨਿਗਮ ਅਧਿਕਾਰੀਆਂ ਨੇ ਦੱਸਿਆ ਕਿ ਇਸ ਸਬੰਧੀ ਟੈਂਡਰ ਪ੍ਰਕਿਰਿਆ ਪੂਰੀ ਹੋ ਗਈ ਹੈ। ਸ਼ਹਿਰ ਵਿੱਚ ਜੇਜੇ ਲਾਈਟਾਂ। ਸਕੂਲ ਦੇ ਨੇੜੇ ਸਥਿਤ ਡੰਪ ਦਾ ਦੌਰਾ ਕਰਦੇ ਹੋਏ, ਮੰਤਰੀ ਨੇ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਉਹ ਇਸ ਡੰਪ ਨੂੰ ਤਬਦੀਲ ਕਰਨ ਲਈ ਇੱਕ ਢੁਕਵੀਂ ਜਗ੍ਹਾ ਲੱਭਣ ਤਾਂ ਜੋ ਇਸਨੂੰ ਸਕੂਲ ਦੇ ਨੇੜੇ ਤੋਂ ਹਟਾਇਆ ਜਾ ਸਕੇ। ਗੁਰੂ ਨਾਨਕ ਨਗਰ ਵਿੱਚ ਸੀਵਰੇਜ ਦੀ ਘਾਟ ਕਾਰਨ ਪਾਣੀ ਇਕੱਠਾ ਹੋਣ ਦੀ ਸਮੱਸਿਆ ਦਾ ਜਾਇਜ਼ਾ ਲੈਂਦੇ ਹੋਏ, ਉਨ੍ਹਾਂ ਨਗਰ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਜੈਨ ਨੂੰ ਸੀਵਰੇਜ ਬੋਰਡ ਦੇ ਅਧਿਕਾਰੀਆਂ ਨਾਲ ਮੁਲਾਕਾਤ ਕਰਨ ਅਤੇ ਇੱਕ ਹਫ਼ਤੇ ਦੇ ਅੰਦਰ ਇੱਕ ਵਿਆਪਕ ਯੋਜਨਾ ਤਿਆਰ ਕਰਨ ਅਤੇ ਇੱਕ ਪ੍ਰਸਤਾਵ ਪੇਸ਼ ਕਰਨ ਦੇ ਨਿਰਦੇਸ਼ ਦਿੱਤੇ। ਇਸ ਮੌਕੇ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ, ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਲਲਿਤ ਸਕਲਾਨੀ, ਮੇਅਰ ਰਾਮਪਾਲ ਉੱਪਲ, ਆਮ ਆਦਮੀ ਪਾਰਟੀ ਦੇ ਬੁਲਾਰੇ ਹਰਜੀ ਮਾਨ, ਚੇਅਰਮੈਨ ਨਗਰ ਸੁਧਾਰ ਟਰੱਸਟ ਜਰਨੈਲ ਨੰਗਲ, ਐਸ.ਡੀ.ਐਮ. ਹਾਜ਼ਰ ਸਨ। ਜਸ਼ਨਜੀਤ ਸਿੰਘ ਅਤੇ ਹੋਰ ਹਾਜ਼ਰ ਸਨ।

# ਸ਼੍ਰੀ ਗੁਰੂ ਰਵਿਦਾਸ ਸਭਾ ਅਰਬਨ ਅਸਟੇਟ ਫਗਵਾੜਾ ਵਲੋਂ ਮਨਾਇਆ ਗਿਆ ਬੁੱਧ ਪੂਰਨਿਮਾ ਮਹਾਂਉਤਸਵ।

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਅੱਜ ਸ਼੍ਰੀ ਗੁਰੂ ਰਵਿਦਾਸ ਸਭਾ ਅਰਬਨ ਅਸਟੇਟ ਫਗਵਾੜਾ ਵਲੋਂ ਡਾ ਅੰਬੇਡਕਰ ਭਵਨ ਵਿਖੇ ਬੁੱਧ ਪੂਰਨਿਮਾ ਮਹਾਂ ਉਤਸਵ ਬਹੁਤ ਧੂਮਧਾਮ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਵਿਚ ਮੁੱਖ ਬੁਲਾਰੇ ਡਾ ਐਸ ਐਲ ਵਿਰਦੀ ਐਡਵੋਕੇਟ , ਪ੍ਰਸਿੱਧ ਮਿਸ਼ਨਰੀ ਲੇਖਕ ਸੋਹਣ ਸਹਿਜਲ ਤੋਂ ਇਲਾਵਾ ਸਤੀਸ਼ ਕੁਮਾਰ , ਨੇ ਤਥਾਗਤ ਬੁੱਧ ਦੀਆਂ ਸਿੱਖਿਆਵਾਂ ਤੇ ਵਿਚਾਰ ਪੇਸ਼ ਕੀਤੇ। ਮਿਸ਼ਨਰੀ ਕਲਾਕਾਰ ਗੁਰਮੁਖ ਲੋਕਪ੍ਰੇਮੀ ਨੇ ਸਰੋਤਿਆਂ ਨੂੰ ਗੀਤ ਸੰਗੀਤ ਰਾਹੀਂ ਤਥਾਗਤ ਬੁੱਧ ਅਤੇ ਬਾਬਾ ਸਾਹਿਬ ਦੇ ਮਿਸ਼ਨ ਤੋਂ



ਜਾਣੂ ਕਰਵਾਇਆ। ਪ੍ਰਸਿੱਧ ਮਿਸ਼ਨਰੀ ਲੇਖਕ ਸੋਹਣ ਸਹਿਜਲ ਨੇ ਆਪਣੀਆਂ ਕਵਿਤਾਵਾ ਰਾਹੀਂ ਤਥਾਗਤ ਬੁੱਧ ਜੀ ਦੇ ਜੀਵਨ ਮਿਸ਼ਨ ਤੇ ਚਾਨਣਾ ਪਾਇਆ। ਸਭਾ ਵਲੋਂ ਮੁੱਖ ਬੁਲਾਰੇ ਅਤੇ ਕਲਾਕਾਰਾਂ ਤੋ ਇਲਾਵਾ ਹੋਰ ਦਾਨੀ ਸੱਜਣਾ ਨੂੰ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ। ਸਭਾ ਦੇ ਕਾਰਜਕਾਰੀ ਪ੍ਰਧਾਨ ਅਵਤਾਰ ਸਿੰਘ ਦਰਦੀ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਸਰੋਤਿਆਂ ਦਾ ਧੰਨਵਾਦ ਕੀਤਾ। ਸਟੇਜ ਦਾ ਸੰਚਾਲਨ ਕਰਦੇ ਹੋਏ ਸਭਾ ਦੇ ਜਨਰਲ ਸਕੱਤਰ ਘਨਸ਼ਾਮ ਨੇ ਸਭਾ ਵਲੋਂ ਸਮਾਜ ਭਲਾਈ ਲਈ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਜਿਵੇ ਕੇ ਸਰਕਾਰੀ ਨੌਕਰੀਆਂ ਪ੍ਰਾਪਤ ਕਰਨ ਵਾਸਤੇ ਕੋਚਿੰਗ ਸੈਂਟਰ,ਕੰਪਿਊਟਰ ਸੈਂਟਰ,ਫ੍ਰੀ ਡਿਸਪੈਂਸਰੀ, ਚੈਰੀਟੇਬਲ ਲੈ ਬੋ ਰ ਟ ਰੀ , ਲਾ ਇ ਬ੍ਰੇ ਰੀ , ਇਨਡੋਰ ਖੇਡਾਂ , ਜਿੰਮ, ਸਿਲਾਈ ਸੈਂਟਰ ਅਤੇ ਵਿਆਹ ਸ਼ਾਦੀਆਂ ਅਤੇ ਹੋਰ ਸਮਾਜਿਕ ਪ੍ਰੋਗਰਾਮ ਲਈ ਹਾਲ ਦੀ ਵਿਵਸਥਾ ਆਦਿ ਬਾਰੇ ਜਾਣਕਾਰੀ ਦਿੱਤੀ। ਇਸ ਸਮਾਰੋਹ ਵਿਚ ਗੁਰਦਾਵਰ ਬੰਗਾ,ਰਾਮਜੀ ਬਾਂਸਲ , ਸਿੰਗਾਰਾ ਰਾਮ ਬਿਰਦੀ,ਪਰਸ਼ੋਤਮ ਜੱਖੂ ,ਸਰਵਣ ਬਿਰਹਾ, ਪਵਨ ਬੀਸਲਾ ਡਿਪਟੀ ਚੀਫ਼ ਇੰਜੀਨੀਅਰ, ਕੁਲਵਿੰਦਰ ਦੁਸਾਂਝ, ਪਰਵਿੰਦਰ ਰਾਜੂ, ਆਰ ਕੇ ਸੰਧੂ,ਤਰਸੇਮ ਸਲੂਨ,ਰਾਮ ਰਤਨ, ਆਰ ਕੇ ਭੱਟੀ,ਐਸ ਐਲ ਬਾਗਲਾ, ਭਾਗਮਲ, ਗੁਰਮੇਜ ਸਿੰਘ,ਸੁਬੇਦਾਰ ਕਿਸ਼ਨ ਸਿੰਘ,ਮਹੇਸ਼ ਪਾਲ,ਰਾਜ ਕੁਮਾਰ, ਜੋਗਾ ਰਾਮ, ਚਮਨ ਲਾਲ, ਜੀਤ ਸਿੰਘ, ਨਸੀਬ ਚੰਦ, ਚੈਨ ਰਾਮ, ਰੰਜੀਵ ਕੁਮਾਰ, ਬਲਦੇਵ ਸਿੰਘ, ਰੇਸ਼ਮ ਲਾਲ, ਗੁਰਦਿਆਲ ਮਹੇ, ਭਾਗਮਲ , ਪ੍ਰੇਮ ਲਾਲ, ਸੰਤੋਸ਼ ਚੰਦ, ਅਤੇ ਬਹੁਤ ਵੱਡੀ ਗਿਣਤੀ ਵਿਚ ਬੁਧੀਜੀਵੀ, ਸਾ ਹਿ ਤ ਕਾ ਰ , ਸ ਮਾ ਜਿ ਕ ਕਾਰਜਕਰਤਾ ਅਤੇ ਸ਼੍ਰੀ ਗੁਰੂ ਰਵਿਦਾਸ ਸਭਾ ਦੇ ਮੈਂਬਰ ਪਰਿਵਾਰ ਸਮੇਤ ਹਾਜ਼ਰ ਸਨ।

# ਐਡਵੋਕੇਟ ਘਈ ਨੂੰ ਜਿਲਾ ਪ੍ਰਧਾਨ ਲਗਾਉਣਾ ਸਲਾਘਾਯੋਗ : ਗੋਲਡੀ ਪੁਰਖਾਲੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਰੋਪੜ( ਚਰਨਜੀਤ ਸੱਲ੍ਹਾਂ )ਬਹੁਜਨ ਸਮਾਜ ਪਾਰਟੀ ਜਿਲਾ ਰੋਪੜ ਦੇ ਸਾਬਕਾ ਜਿਲਾ ਪ੍ਰਧਾਨ ਗੋਲਡੀ ਪੁਰਖਾਲੀ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਐਡਵੋਕੇਟ ਚਰਨਜੀਤ ਸਿੰਘ ਘਈ ਜੀ ਦੀ ਬਤੌਰ ਜਿਲਾ ਪ੍ਰਧਾਨ ਨਿਯੁਕਤੀ ਕੀਰਤੀਮਾਨ ਸਾਬਤ ਹੋਵੇਗੀ। ਕਿਉ ਕਿ ਐਡਵੋਕੇਟ ਚਰਨਜੀਤ ਸਿੰਘ ਘਈ ਬਹੁਤ ਪੜੇ ਲਿਖੇ ਸੀਨੀਅਰ ਵਕੀਲ ਅਤੇ ਉਸਾਰੂ ਸੋਚ ਦੇ ਮਾਲਕ ਹਨ। ਪੂਰਾ ਰੋਪੜ ਜਿਲਾ ਸਮੁੱਚੇ ਵਰਕਰ ਅਤੇ ਲੀਡਰਸ਼ਿਪ ਉਨਾ ਦੀ ਇਸ ਨਿਯੁਕਤੀ ਤੋਂ ਬਾਗੋ ਬਾਗ ਹਨ। ਰੋਪੜ ਦੀ ਵਿਧਾਨ ਸਭਾ ਸੀਟ ਲਈ ਵੀ ਮਾਨਯੋਗ ਘਈ ਸਾਹਿਬ ਹੀ ਯੋਗ ਉਮੀਦਵਾਰ ਹਨ। ਬਸਪਾ ਰੋਪੜ ਦੀ ਸਮੁੱਚੀ ਟੀਮ ਨੂੰ 2027 ਦੀ ਇਲੈਕਸਨ ਲਈ ਹੁਣ ਤੋ ਹੀ ਮਾਨਯੋਗ ਘਈ ਸਾਹਿਬ ਦੇ ਹੱਕ ਵਿੱਚ ਝੰਡਾ ਚੁੱਕ ਲੈਣਾ ਚਾਹੀਦਾ ਹੈ।

# ਭਾਰਤੀ ਮਿਆਰ ਬਿਊਰੋ ਵੱਲੋਂ ਨਾਭਾ ਬਲਾਕ ਵਿਖੇ ਪੰਚਾਂ ਸਰਪੰਚਾਂ ਅਤੇ ਸਕੱਤਰਾਂ ਲਈ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਨਾਭਾ, 13 ਮਈ:ਬਾਂਗਾਂ/ ਬੇਅੰਤ ਸਿੰਘ ਰੋਹਟੀ ਖਾਸ) ਭਾਰਤੀ ਮਿਆਰ ਬਿਊਰੋ (ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਮੰਤਰਾਲਾ, ਭਾਰਤ ਸਰਕਾਰ) ਵਲੋਂ ਬੀ ਡੀ ਪੀ ਦਫਤਰ ਨਾਭਾ ਵਿਖੇ ਪਰਵਾਣੂ ਬ੍ਰਾਂਚ ਦੇ ਡਾਇਰੈਕਟਰ ਸ੍ਰੀ ਐਸ ਸੀ ਨਾਇਕ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕਿਸਾਨਾਂ ਲਈ ਖੇਤੀ ਦੇ ਅਧਾਰਿਤ ਅਤੇ ਹੋਰ ਲੋੜਾਂ ਅਨੁਸਾਰ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ ਜਿਸ ਵਿਚ ਤਕਰੀਬਨ 70 ਸਰਪੰਚਾਂ , ਪੰਚਾਂ ਅਤੇ ਸਕੱਤਰਾਂ ਨੂੰ ਜਾਣਕਾਰੀ ਅਧਾਰਿਤ ਈ- ਕਿਤਾਬਚਾ ਵੰਡਿਆ ਗਿਆ। ਇਹ ਜਾਗਰੂਕਤਾ ਲੜੀ ਅਧੀਨ ਜ਼ਿਲ੍ਹਾ ਪਟਿਆਲਾ ਵਿੱਚ 9ਵਾਂ ਪ੍ਰੋਗਰਾਮ ਸੀ ।

ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਅਤੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਇਸ਼ਾ ਸਿੰਗਲ ਦੇ ਸਹਿਯੋਗ ਨਾਲ ਨਾਭਾ ਬਲਾਕ ਵਿਖੇ ਆਯੋਜਿਤ ਇਸ ਸਮਾਗਮ ਦੌਰਾਨ ਭਾਗੀਦਾਰਾਂ ਨੂੰ ਕਿਸੇ ਵੀ ਵਿਕਾਸ ਗਤੀਵਿਧੀ ਜਾਂ ਨਿੱਜੀ ਲੋੜਾਂ ਲਈ ਗੁਣਵੱਤਾ ਵਾਲੀਆਂ ਚੀਜ਼ਾਂ ਦੀ ਖਰੀਦ ਲਈ ਮਿਆਰਾਂ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ ਗਿਆ ਅਤੇ ਭਾਗੀਦਾਰਾਂ ਨੇ ਬੀ ਆਈ ਐਸ ਕੇਅਰ ਐਪ ਨੂੰ ਵੀ ਆਪਣੇ ਮੋਬਾਈਲ ਉੱਪਰ ਡਾਊਨਲੋਡ ਕੀਤਾ ਅਤੇ ਅਸਲ ਆਈ ਐਸ ਆਈ ਮਾਰਕ ਦੀ ਪ੍ਰਮਾਣਿਕਤਾ ਦੀ ਪੁਸ਼ਟੀ ਕਰਨ ਲਈ ਇਸ ਐਪ ਦੀ ਵਰਤੋਂ ਕਰਨਾ ਸਿੱਖਿਆ ਤਾਂ ਜੋ ਰੋਜ਼ਾਨਾ ਜੀਵਨ ਵਿੱਚ ਮਿਆਰਾਂ ਬਾਰੇ ਉਹਨਾਂ ਦੇ ਗਿਆਨ ਵਿੱਚ ਵਾਧਾ ਕੀਤਾ ਜਾ ਸਕੇ।ਭਾਗੀਦਾਰਾਂ ਦੀ ਰਜਿਸਟ੍ਰੇਸ਼ਨ ਕੀਤੀ ਗਈ ਅਤੇ ਬੀਆਈਐਸ ਦੁਆਰਾ ਪ੍ਰਦਾਨ ਕੀਤੀ ਗਈ ਸਰੋਤ ਸਮੱਗਰੀ ਭਾਗੀਦਾਰਾਂ ਵਿੱਚ ਵੰਡੀ ਗਈ। ਪ੍ਰੋਗਰਾਮ ਦੀ ਸ਼ੁਰੂਆਤ ਬੀ ਆਈ ਐਸ ਦੇ ਰਿਸੋਰਸ ਪਰਸਨ ਦੁਆਰਾ ਪੰਚਾਇਤ ਪੱਧਰ 'ਤੇ ਮਿਆਰਾਂ ਦੀ ਮਹੱਤਤਾ ਬਾਰੇ ਦੱਸ ਕੇ ਕੀਤੀ ਗਈ। ਭਾਗੀਦਾਰਾਂ ਨੂੰ ਦੱਸਿਆ ਗਿਆ ਕਿ ਭਾਰਤੀ ਮਿਆਰ ਬਿਊਰੋ ਵੱਲੋਂ ਗੁਣਵੱਤਾ ਵਾਲੇ ਉਤਪਾਦਾਂ ਨੂੰ ਉਤਸ਼ਾਹਿਤ ਕਰਨ ਲਈ ਵੱਖ-ਵੱਖ ਪੱਧਰਾਂ 'ਤੇ ਨਵੇਂ ਯਤਨ ਕੀਤੇ ਜਾ ਰਹੇ ਹਨ। ਪੰਚਾਇਤ ਪੱਧਰ 'ਤੇ ਨਿਰਮਾਣ ਅਤੇ ਖਰੀਦਦਾਰੀ ਵਿੱਚ ਭਾਰਤੀ ਮਿਆਰਾਂ ਨੂੰ ਉਤਸ਼ਾਹਿਤ ਕਰਨ ਲਈ, ਸੰਵੇਦਨਸ਼ੀਲਤਾ ਵਰਕਸ਼ਾਪਾਂ ਦੌਰਾਨ ਪੰਚਾਇਤਾਂ ਅਤੇ ਆਮ ਲੋਕਾਂ ਦੁਆਰਾ ਵਰਤੀਆਂ ਜਾਂਦੀਆਂ ਸਮੱਗਰੀਆਂ ਨਾਲ ਸਬੰਧਤ ਮਿਆਰਾਂ ਨੂੰ ਸਪੱਸ਼ਟ ਤੌਰ 'ਤੇ ਸਮਝਾਇਆ ਗਿਆ ਹੈ।

ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਮਹਿਲਾ ਪੰਚਾਇਤ ਮੈਂਬਰਾਂ ਨੇ ਹਾਲ ਮਾਰਕਿੰਗ ਅਤੇ ਬੀ ਆਈ ਐਸ ਕੇਅਰ ਐਪ 'ਤੇ ਚਰਚਾ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ । ਭਾਗੀਦਾਰਾਂ ਨੇ ਬੜੇ ਜੋਸ਼ ਨਾਲ 'ਜਾਗੋ ਗਰਾਹਕ ਜਾਗੋ' ਦਾ ਨਾਅਰਾ ਵੀ ਲਗਾਇਆ।

ਭਾਗੀਦਾਰਾਂ ਨੇ ਵਰਕਸ਼ਾਪ ਦੌਰਾਨ ਪ੍ਰਾਪਤ ਕੀਤੀ ਜਾਣਕਾਰੀ ਦੀ ਪ੍ਰਭਾਵੀ ਵਰਤੋਂ ਕਰਨ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਭਾਗੀਦਾਰ ਇਹ ਜਾਣ ਕੇ ਹੈਰਾਨ ਰਹਿ ਗਏ ਕਿ ਉਹ ਬੀ ਆਈ ਐਸ ਕੇਅਰ ਐਪ 'ਤੇ ਸਿੱਧੇ ਤੌਰ 'ਤੇ ਸ਼ਿਕਾਇਤ ਕਰ ਸਕਦੇ ਹਨ ਅਤੇ ਸਟੈਂਡਰਡ ਮਾਰਕ ਦੀ ਦੁਰਵਰਤੋਂ ਦੀ ਜਾਂਚ ਕਰ ਸਕਦੇ ਹਨ। ਹਾਜ਼ਰੀਨ ਨੇ ਬੀ.ਆਈ. ਐਸ. ਮਾਰਕਿੰਗ ਅਤੇ ਪ੍ਰਮਾਣਿਕਤਾ ਦੀ ਜਾਂਚ ਕਰਨ ਦੇ ਸਾਧਨਾਂ 'ਤੇ ਪ੍ਰਾਪਤ ਕੀਤੇ ਨਵੇਂ ਗਿਆਨ ਬਾਰੇ ਚਾਨਣਾ ਪਾਉਣ ਲਈ ਧੰਨਵਾਦ ਕੀਤਾ ਅਤੇ ਆਪਣੇ-ਆਪਣੇ ਪਿੰਡਾਂ ਵਿੱਚ ਅਜਿਹੇ ਹੋਰ ਪ੍ਰੋਗਰਾਮ ਕਰਵਾਉਣ ਦੀ ਮੰਗ ਕੀਤੀ।

ਬੀ.ਡੀ.ਪੀ.ਓ. ਨਾਭਾ ਬਲਜੀਤ ਕੌਰ ਨੇ ਬੀ.ਆਈ. ਐਸ. ਦੇ ਰਿਸੋਰਸ ਪਰਸਨ ਦਲਬੀਰ ਸਿੰਘ ਦਾ ਜਾਗਰੂਕਤਾ ਪ੍ਰੋਗਰਾਮ ਲਈ ਧੰਨਵਾਦ ਕੀਤਾ। ਬੀਡੀਪੀਓ ਆਫਿਸ ਤੋਂ ਕਰਨਬੀਰ ਸਿੰਘ ਨੇ ਇਸ ਪ੍ਰੋਗਰਾਮ ਨੂੰ ਸਫਲਤਾ ਪੂਰਵਕ ਕਰਨ ਲਈ ਅਹਿਮ ਯੋਗਦਾਨ ਪਾਇਆ ।

# ਪੰਜਾਬ ਸਰਕਾਰ ਦੀ ਕਾਨੂੰਨ ਵਿਵਸਥਾ ਦਾ ਜਨਾਜਾ ਨਿਕਲਿਆ : ਖੰਨਾ

## ਕਿਹਾ, ਅੰਮ੍ਰਿਤਸਰ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਲੋਕਾਂ ਦੀ ਮੌਤ ਪੰਜਾਬ ਸਰਕਾਰ ਦੀ ਨਾਕਾਮੀ ਦਾ ਨਤੀਜਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਸੰਗਰੂਰ, 13 ਮਈ (ਜਗਸੀਰ ਲੌਂਗੋਵਾਲ)- ਭਾਜਪਾ ਦੇ ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ ਦੀਆਂ ਨਾਕਾਮੀਆਂ ਦਾ ਨਤੀਜਾ ਪੰਜਾਬ ਦੇ ਲੋਕ ਭੁਗਤ ਰਹੇ ਹਨ। ਖੰਨਾ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਨਕਲੀ ਸ਼ਰਾਬ ਪੀਣ ਕਾਰਨ ਮਰਨ ਵਾਲਿਆਂ ਦੀ ਜਾਨ ਪੰਜਾਬ ਸਰਕਾਰ ਦੀ ਘੋਰ ਨਾਕਾਮੀ ਕਾਰਨ ਗਈ ਹੈ। ਮ੍ਰਿਤਕਾਂ ਦੇ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਖੰਨਾ ਨੇ ਕਿਹਾ ਕਿ ਇੱਕ ਪਾਸੇ ਪੰਜਾਬ ਸਰਕਾਰ ਨਸ਼ਿਆਂ ਦੀ ਦੁਰਵਰਤੋਂ ਨੂੰ ਖਤਮ ਕਰਨ ਦੀਆਂ ਸ਼ੇਖ਼ੀਆਂ ਮਾਰ ਰਹੀ ਹੈ ਅਤੇ ਦੂਜੇ ਪਾਸੇ ਆਪਣੀਆਂ ਆਬਕਾਰੀ ਨੀਤੀਆਂ ਦੀ ਆੜ ਹੇਠ ਚੱਲ ਰਹੇ ਨਕਲੀ ਸ਼ਰਾਬ ਦੇ ਕਾਰੋਬਾਰ ਵੱਲ ਧਿਆਨ ਨਾ ਦੇਣ ਕਾਰਨ ਲੋਕਾਂ ਦੀਆਂ ਮੌਤਾਂ ਹੋ ਰਹੀਆਂ ਹਨ। ਖੰਨਾ ਨੇ ਕਿਹਾ ਕਿ ਪੰਜਾਬ ਵਿੱਚ ਕਾਨੂੰਨ ਵਿਵਸਥਾ ਢਹਿ-ਢੇਰੀ ਹੋ ਗਈ ਹੈ। ਆਪਣੇ ਸਵਾਰਥਾਂ ਲਈ ਲੋਕਾਂ ਦੀਆਂ ਵੋਟਾਂ ਪ੍ਰਾਪਤ ਕਰਨ ਤੋਂ ਬਾਅਦ, ਪੰਜਾਬ ਦੀ ਭਗਵੰਤ ਮਾਨ ਸਰਕਾਰ ਹੁਣ ਸੱਤਾ ਦੇ ਸੁੱਖ ਭੋਗਣ ਵਿੱਚ ਰੁੱਝੀ ਹੋਈ ਹੈ ਅਤੇ ਇਸਨੂੰ ਆਮ ਲੋਕਾਂ ਦੀ ਸੁਰੱਖਿਆ ਦੀ ਕੋਈ ਪਰਵਾਹ ਨਹੀਂ ਹੈ। ਖੰਨਾ ਨੇ ਭਗਵੰਤ ਮਾਨ ਨੂੰ ਚੇਤਾਵਨੀ ਦਿੱਤੀ ਕਿ ਸਿਰਫ਼ ਵੱਡੀਆਂ-ਵੱਡੀਆਂ ਗੱਲਾਂ ਕਰਨ ਨਾਲ ਲੋਕਾਂ ਦੀ ਸੁਰੱਖਿਆ ਯਕੀਨੀ ਨਹੀਂ ਹੋਵੇਗੀ। ਜਿਸ ਤਰ੍ਹਾਂ ਜ਼ਹਿਰੀਲੀ ਸ਼ਰਾਬ ਪੀਣ ਤੋਂ ਬਾਅਦ ਲੋਕਾਂ ਦੀ ਮੌਤ ਹੋਈ ਹੈ, ਅਜਿਹੀਆਂ ਘਟਨਾਵਾਂ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਕਾਰਵਾਈਆਂ ਦਾ ਸਬੂਤ ਹਨ।

# ਮਨਰੇਗਾ ਮਜ਼ਦੂਰ 20 ਮਈ ਦੀ ਦੇਸ਼ ਵਿਆਪੀ ਹੜਤਾਲ ਨੂੰ ਪੂਰੇ ਜੋਸ਼ ਖਰੋਸ਼ ਨਾਲ ਬਣਾਉਣਗੇ ਸਫਲ - ਕੂੰਮਕਲਾਂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਲੌਂਗੋਵਾਲ,13 ਮਈ (ਜਗਸੀਰ ਸਿੰਘ) -

ਮਨਰੇਗਾ ਮਜ਼ਦੂਰ ਯੂਨੀਅਨ ਪੰਜਾਬ (ਸੀਟੂ) ਦੇ ਜਨਰਲ ਸਕੱਤਰ ਸਾਥੀ ਅਮਰਨਾਥ ਕੂੰਮਕਲਾਂ ਨੇ ਪ੍ਰੈਸ ਬਿਆਨ ਰਾਹੀਂ ਕਿਹਾ ਕਿ ਜਿਸ ਤਰ੍ਹਾਂ ਕੇਂਦਰ ਦੀ ਮੋਦੀ ਹਕੂਮਤ ਵੱਲੋਂ 29 ਮਜ਼ਦੂਰ ਪੱਖੀ ਕਾਨੂੰਨਾਂ ਨੂੰ ਤੋੜਕੇ ਚਾਰ ਮਜ਼ਦੂਰ ਵਿਰੋਧੀ ਕੋਡ ( ਲੇਬਰ ਜ਼ਾਬਤਾ) ਲਾਗੂ ਕਰਨ ਦੀ ਤਿਆਰੀ ਕਰ ਲਈ ਹੈ। ਇਨ੍ਹਾਂ ਦਾ ਉਦੇਸ਼ ਮਜ਼ਦੂਰ ਜਮਾਤ ਵੱਲੋਂ ਭਾਰੀ ਕੁਰਬਾਨੀਆਂ ਦੇ ਕੇ ਹਾਸਲ ਕੀਤੇ ਹੱਕਾਂ ਅਤੇ ਅਧਿਕਾਰਾਂ ਨੂੰ ਖਤਮ ਕਰਨਾ ਹੈ। ਜਿਵੇਂ ਕੰਮ ਕਰਨ ਸਮਾਂ 8 ਘੰਟੇ ਤੋਂ ਵਧਾ ਕੇ 12 ਘੰਟੇ ਕਰ ਦਿੱਤਾ ਜਾਵੇਗਾ, ਘੱਟੋ ਘੱਟ ਉਜ਼ਰਤਾਂ ਦੇ ਕਾਨੂੰਨ, ਸਮਾਜਿਕ ਸੁਰੱਖਿਆ, ਟਰੇਡ ਯੂਨੀਅਨਾਂ ਦੇ ਅਧਿਕਾਰਾਂ, ਇੱਕਠੇ ਹੋ ਕੇ ਮੀਟਿੰਗ ਕਰਨੀ, ਰੈਲੀ ਮੁਜ਼ਾਹਰਾ ਕਰਨ ਅਤੇ ਅਪਣੇ ਹੱਕਾਂ ਅਤੇ ਸੰਵਿਧਾਨਕ ਟਰੇਡ ਯੂਨੀਅਨਜ ਅਧਿਕਾਰਾਂ ਲਈ ਅਵਾਜ਼ ਬੁਲੰਦ ਕਰਨ ਤੇ ਪਾਬੰਦੀ ਲਾ ਦਿੱਤੀ ਜਾਵੇਗੀ। ਜਿਵੇਂ ਕਿ ਤੁਹਾਨੂੰ ਪਤਾ ਹੀ ਹੈ ਕਿ ਮਨਰੇਗਾ ਕਾਨੂੰਨ ਤਹਿਤ ਕੰਮ ਕਰਨ ਵਾਲੇ ਮਜ਼ਦੂਰਾਂ ਨੂੰ ਸਾਲ ਵਿੱਚ 100 ਦਿਨ ਕੰਮ ਦੇਣਾ ਲਾਜ਼ਮੀ ਹੈ, ਕੰਮ ਨਾ ਦੇਣ ਦੀ ਸੂਰਤ ਵਿੱਚ ਬੇ-ਰੁਜਗਾਰੀ ਭੱਤਾ ਦਿੱਤਾ ਜਾਵੇਗਾ, ਕੰਮ ਕਰਨ ਵਾਲੇ ਔਜ਼ਾਰ ਜਿਵੇਂ ਦਾਤੀ, ਖੁਰਪਾ, ਬੱਠਲ,ਕਹੀ, ਹੱਥਾਂ ਵਿੱਚ ਪਾਉਣ ਦਸਤਾਨੇ ਆਦਿ ਸਰਕਾਰ ਮੁੱਹਈਆ ਕਰਵਾਏਗੀ, ਕੰਮ ਦੀਆਂ ਹਾਲਤਾਂ ਨੂੰ ਸੁਖਾਲਾ ਬਣਾਉਣ ਵੱਜੋਂ ਮਜ਼ਦੂਰਾਂ ਲਈ ਛਾਂ,ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰਨਾ, ਫਸਟਏਡ ਕਿੱਟ, ਮਜ਼ਦੂਰਾਂ ਦੇ ਬੱਚਿਆਂ ਲਈ ਖਿਡਾਉਣੇ ਆਦਿ ਦਾ ਪ੍ਰਬੰਧ ਕਰਨਾ ਲਾਜ਼ਮੀ ਹੈ। ਕੀਤੇ ਕੰਮਾਂ ਦੀ ਪੇਮੈਂਟ 15 ਦਿਨਾਂ ਤੋਂ ਬਾਅਦ ਕੀਤੀ ਜਾਣੀ ਚਾਹੀਦੀ ਹੈ। ਕੰਮ ਲਈ ਅਰਜ਼ੀ ( ਡੀਮਾਂਡ) ਦੇਣ ਤੋਂ ਬਾਅਦ 15 ਦਿਨਾਂ ਦੇ ਅੰਦਰ ਅੰਦਰ ਮਸਟਰੋਲ ਕੱਢਣਾ ਜ਼ਰੂਰੀ ਹੈ। ਮਨਰੇਗਾ ਮੁਲਾਜ਼ਮਾਂ ਜੀ.ਆਰ. ਐਸ. ਦੀ ਡਿਊਟੀ 8 ਪਿੰਡਾਂ ਪਿੱਛੇ ਇਕ ਗ੍ਰਾਮ ਰੁਜ਼ਗਾਰ ਸੈਕਟਰੀ ਚਾਹੀਦਾ ਹੈ ਪ੍ਰੰਤੂ ਇਥੇ ਤਾਂ ਇੱਕ ਬਲਾਕ ਵਿੱਚ 2-2 ਹੀ ਜੀ.ਆਰ. ਐਸ ਹਨ। ਇਨ੍ਹਾਂ ਨੂੰ ਬੱਝਵੀਂ ਤਨਖਾਹ ਵੀ ਨਹੀਂ ਦਿੱਤੀ ਜਾ ਰਹੀ, ਠੇਕੇਦਾਰੀ ਸਿਸਟਮ ਦੀ ਤਰ੍ਹਾਂ ਹੀ ਉੱਕਾ ਪੁੱਕਾ ਤਨਖਾਹ ਦਿੱਤੀ ਜਾ ਰਹੀ ਹੈ ਜਦ ਕਿ ਚੋਣਾਂ ਦੌਰਾਨ ਇਹ ਵਾਅਦਾ ਕੀਤਾ ਗਿਆ ਸੀ ਕਿ ਕੱਚੇ ਵਰਕਰਾਂ ਨੂੰ ਪੱਕੇ ਕੀਤਾ ਜਾਵੇਗਾ ਅਤੇ ਪੰਚਾਇਤ ਸਕੱਤਰਾਂ ਦੇ ਬਰਾਬਰ ਗਰੇਡ ਦਿੱਤੇ ਜਾਣਗੇ ਤਿੰਨ ਸਾਲ ਬੀਤ ਜਾਣ ਤੋਂ ਬਾਅਦ “ ਪੰਚਾਂ ਦਾ ਕਿਹਾ ਸਿਰ ਮੱਥੇ,ਪ੍ਰਣਾਲਾ ਉਥੇ ਦਾ ਉਥੇ” ਸਗੋਂ ਹੁਣ ਤਾਂ ਮਨਰੇਗਾ ਦੇ ਕੰਮ ਤੋਂ ਇਲਾਵਾ ਇਨ੍ਹਾਂ ਤੋਂ ਸਰਕਾਰੀ ਸਰਵੇਖਣ ਕਰਾਉਣਾ, ਕੱਚੇ ਮਕਾਨਾਂ ਦੀ ਗਿਣਤੀ ਕਰਕੇ ਉਨ੍ਹਾਂ ਦਾ ਸਰਵੇ ਆਦਿ ਦੇ ਕੰਮਾਂ ਦਾ ਵਾਧੂ ਬੋਝ ਪਾਇਆ ਜਾ ਰਿਹਾ ਹੈ। ਤਿੰਨ ਤੋਂ ਚਾਰ ਮਹੀਨੇ ਤੱਕ ਤਨਖਾਹ ਨਹੀਂ ਦਿੱਤੀ ਜਾਂਦੀ



ਸਰਕਾਰ ਵੱਲੋਂ ਉਪਰੋਕਤ ਕਾਨੂੰਨਾਂ ਅਤੇ ਵਾਅਦਿਆਂ ਦੀਆਂ ਧੱਜੀਆਂ ਉਡਾਈਆਂ ਜਾ ਰਹੀਆਂ ਹਨ। ਜਦੋਂ ਚਾਰੇ ਲੇਬਰ ਕੋਡ (ਲੇਬਰ ਜ਼ਾਬਤਾ ) ਲਾਗੂ ਕਰ ਦਿੱਤੇ ਗਏ ਫੇਰ ਸੰਵਿਧਾਨਕ ਸੰਸਥਾਵਾਂ, ਸੰਵਿਧਾਨਕ ਹੱਕਾਂ ਅਤੇ ਸੰਵਿਧਾਨਕ ਅਤੇ ਟਰੇਡ ਯੂਨੀਅਨ ਅਧਿਕਾਰਾਂ ਲਈ ਕੋਈ ਵੀ ਬੋਲ ਨਹੀਂ ਸਕੇਗਾ ਜਿਹੜਾ ਬੋਲੇਗਾ ਉਸ ਵਿਰੁੱਧ ਮੁਕੱਦਮਾ ਦਰਜ ਕਰਕੇ ਜੇਲ੍ਹਾਂ ਵਿੱਚ ਬੰਦ ਕਰ ਦਿੱਤਾ ਜਾਵੇਗਾ ਅਤੇ ਅਵਾਜ਼ ਬੁਲੰਦ ਕਰਨ ਵਾਲੇ ਆਗੂਆਂ ਤੇ ਸੰਗੀਨ ਦੋਸ਼ਾਂ ਤਹਿਤ ਕੇਸ ਦਰਜ ਕਰਕੇ ਭਾਰੀ ਜ਼ੁਰਮਾਨੇ ਅਤੇ ਸਖ਼ਤ ਸਜ਼ਾਵਾਂ ਦਿੱਤੀਆਂ ਜਾਣਗੀਆਂ। ਇਸ ਮੌਕੇ “ਸਮੇਂ ਦੀ ਇਤਿਹਾਸਕ ਲੋੜ, ਵਿਸ਼ਾਲ ਏਕਤਾ ਤਿੱਖੇ ਘੋਲ” ਦੇ ਨਾਹਰੇ ਦੀ ਪੂਰਤੀ ਲਈ ਵਿਸ਼ਾਲ ਏਕਤਾ ਦਾ ਸਬੂਤ ਦਿੰਦੇ ਹੋਏ ਮੰਗ ਕਰੀਏ ਕਿ ਮਨਰੇਗਾ ਮਜ਼ਦੂਰਾਂ ਨੂੰ ਸਾਲ ਵਿੱਚ 200 ਦਿਨ ਕੰਮ ਦੀ ਗਰੰਟੀ ਕੀਤੀ ਜਾਵੇ, ਘੱਟੋ ਘੱਟ ਉਜ਼ਰਤਾਂ ਵਿਚ ਵਾਧਾ ਅਤੇ 700/- ਰੁਪਏ ਦਿਹਾੜੀ ਦਿੱਤੀ ਜਾਵੇ, ਜਿਨੀਂ ਦੇਰ ਇਹ ਦਿਹਾੜੀ ਨਹੀਂ ਦਿੱਤੀ ਜਾਂਦੀ ਉਨੀਂ ਦੇਰ ਖੇਤ ਮਜ਼ਦੂਰਾਂ ਦੇ ਬਰਾਬਰ ਦਿਹਾੜੀ ਦਿੱਤੀ ਜਾਵੇ, ਮਨਰੇਗਾ ਮਜ਼ਦੂਰਾਂ ਨੂੰ 1996 ਦੇ ਕਾਨੂੰਨ ਅਨੁਸਾਰ ਨਿਰਮਾਣ ਮਜ਼ਦੂਰਾਂ ਨੂੰ ਮਿਲਣ ਵਾਲੇ ਲਾਭ ਮਨਰੇਗਾ ਮਜ਼ਦੂਰਾਂ ਨੂੰ ਦਿੱਤੇ ਜਾਣ, 60 ਸਾਲ ਦੀ ਉਮਰ ਤੋਂ ਬਾਅਦ ਹਰ ਕਿਰਤੀ ਨੂੰ 10 ਹਜ਼ਾਰ ਰੁਪਏ ਪੈਨਸ਼ਨ ਦਿੱਤੀ ਜਾਵੇ, ਕਾਨੂੰਨ ਅਨੁਸਾਰ ਪੂਰੇ ਦਿਨ ਕੰਮ ਦੇਣ ਦੀ ਜ਼ੁੰਮੇਵਾਰੀ ਨੋਡਲ ਅਧਿਕਾਰੀ/ ਬੀ.ਡੀ.ਪੀ.ਓ ਦੀ ਜਵਾਬ ਦੇਹੀ ਤੈਅ ਕੀਤੀ ਜਾਵੇ, ਕੰਮ ਕਰਦੇ ਸਮੇਂ ਕਿਸੇ ਵਰਕਰ ਦੇ ਸੱਟ ਲੱਗ ਜਾਵੇ ਜਾਂ ਕੰਮ ਕਰਦੇ ਹੋਏ ਮੌਤ ਹੋ ਜਾਂਦੀ ਹੈ ਤਾਂ ਉਸ ਦਾ ਇਲਾਜ ਫਰੀ ਕਰਾਇਆ ਜਾਵੇ ਅਤੇ ਮੌਤ ਹੋ ਜਾਣ ਵਾਲੇ ਕਿਰਤੀ ਦੇ ਪਰਿਵਾਰ ਨੂੰ ਮੁਆਵਜ਼ਾ ਦਿੱਤਾ ਜਾਵੇ, ਅਤੇ ਪਰਿਵਾਰ ਦੇ ਇਕ ਮੈਂਬਰ ਨੂੰ ਸਰਕਾਰੀ ਨੌਕਰੀ ਦਿੱਤੀ ਜਾਵੇ,ਮਨਰੇਗਾ ਕਿਰਤੀਆਂ ਦਾ 60-60 ਲੱਖ ਰੁਪਏ ਦਾ ਬੀਮਾਂ ਕਰਵਾਇਆ ਜਾਵੇ, ਮਨਰੇਗਾ ਵਰਗਾ ਕਾਨੂੰਨ ਸ਼ਹਿਰਾਂ ਵਿੱਚ ਵੀ ਲਾਗੂ ਕੀਤਾ ਜਾਵੇ।

ਆਉ 20 ਮਈ ਨੂੰ ਇਕੱਠੇ ਹੋ ਕੇ ਰੋਹ ਭਰਪੂਰ ਅਵਾਜ਼ ਬੁਲੰਦ ਕਰੀਏ ਅਤੇ ਦੇਸ਼ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਅਤੇ ਲੋਕਾਂ ਦੀ ਅਵਾਜ਼ ਵਿੱਚ ਅਵਾਜ਼ ਮਿਲਾਕੇ ਅਪਣੀ ਬਣਦੀ ਜ਼ਿੰਮੇਵਾਰੀ ਨੂੰ ਬਾਖੂਬੀ ਨਿਭਾਉਂਦੇ ਹੋਏ ਕੇਂਦਰ ਦੀ ਮੋਦੀ ਸਰਕਾਰ ਨੂੰ ਕਾਰਪੋਰੇਟ ਪੱਖੀ ਚਾਰ ਲੇਬਰ ਕੋਡ ( ਲੇਬਰ ਜ਼ਾਬਤੇ) ਰੱਦ ਕਰਨ ਲਈ ਮਜਬੂਰ ਕਰ ਦੇਈਏ ਅਤੇ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੂੰ ਵਿਧਾਨ ਸਭਾ ਵਿੱਚ ਚਾਰ ਲੇਬਰ ਕੋਡ ( ਲੇਬਰ ਜ਼ਾਬਤੇ) ਰੱਦ ਕਰਨ ਦਾ ਮਤਾ ਪਾਸ ਕਰਨ ਲਈ ਮਜਬੂਰ ਕਰ ਦੇਈਏ।

# ਪੰਜਾਬ ਪੁਲਿਸ ਨੇ ਵੱਖ-ਵੱਖ ਮੁਕਦਮਿਆਂ ਵਿੱਚ ਦੋ ਵਿਅਕਤੀਆ ਨੂੰ ਕੀਤਾ ਗ੍ਰਿਫਤਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 13 ਮਈ ( ਤਰਸੇਮ ਦੀਵਾਨਾ ) ਸੰਦੀਪ ਕੁਮਾਰ ਮਲਿਕ ਆਈ.ਪੀ.ਐਸ ਸੀਨੀਅਰ ਪੁਲਿਸ ਕਪਤਾਨ ਦੇ ਦਿਸ਼ਾ ਨਿਰਦੇਸ਼ਾ ਤੇ ਮੁਕੇਸ਼ ਕੁਮਾਰ ਐਸ.ਪੀ ਇੰਨਵੈਸਟੀਗੇਸ਼ਨ ਅਤੇ ਡੀ ਐਸ ਪੀ ਦਸੂਹਾ ਦੀਆ ਹਦਾਇਤਾਂ ਮੁਤਾਬਿਕ ਇੰਸਪੈਕਟਰ ਰਜਿੰਦਰ ਸਿੰਘ ਮੁੱਖ ਅਫਸਰ ਥਾਣਾ ਦਸੂਹਾ ਦੀ ਅਗਵਾਈ ਹੇਠ ਨਸ਼ਾ ਵੇਚਣ ਵਾਲਿਆ ਖਿਲਾਫ ਚਲਾਈ ਗਈ ਮੁਹਿੰਮ “ਯੁੱਧ ਨਸ਼ਿਆ ਵਿਰੁੱਧ “ ਤਹਿਤ ਏ.ਐਸ.ਆਈ ਗੁਰਬਚਨ ਸਿੰਘ ਅਤੇ ਪੁਲਿਸ ਪਾਰਟੀ ਨੇ ਮੁਲਜਮ ਗਗਨ ਮੁਹੰਮਦ ਨੂੰ ਕਾਬੂ ਕਰਕੇ ਉਸ ਪਾਸੋ 36 ਗੋਲੀਆ ਨਸ਼ੀਲੀਆ ਬ੍ਰਾਮਦ ਕਰਕੇ ਐਨ.ਡੀ.ਪੀ.ਐਸ ਐਕਟ ਤਹਿਤ ਮੁਕੱਦਮਾ ਦਰਜ ਕੀਤਾ ਗਿਆ ਹੈ। ਉਹਨਾਂ ਦੱਸਿਆ ਕਿ ਉਕਤ ਮੁਲਜਮ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਲੈਕੇ ਉਸ ਪਾਸੋ ਡੁਘਾਈ ਨਾਲ ਪੁੱਛਗਿੱਛ ਕੀਤੀ ਜਾਵੇਗੀ ।ਇਸੇ ਤਰਾਂ ਥਾਣਾ ਦਸੂਹਾ ਵਿੱਚ ਲੋੜੀਦੇ ਮੁਲਜਮ ਮਨੋਹਰ ਲਾਲ ਨੂੰ ਏ ਐਸ ਆਈ ਅਨਿਲ ਕੁਮਾਰ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਿਸਨੂੰ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਲਿਆ ਜਾਵੇਗਾ ਅਤੇ ਇਲਾਕੇ ਵਿੱਚ ਹੋਈਆ ਚੋਰੀਆ ਬਾਰੇ ਪੁੱਛ ਗਿੱਛ ਕੀਤੀ ਜਾਵੇਗੀ।

# ਅਕੈਡਮਿਕ ਵਰਲਡ ਸਕੂਲ ਖੋਖਰ ਦਾ ਨਤੀਜਾ ਸ਼ਾਨਦਾਰ ਰਿਹਾ



ਹਰਮਨਪ੍ਰੀਤ ਕੌਰ ਪੁੱਤਰੀ ਮਲਕੀਤ ਸਿੰਘ (93%) | ਜੈਸਿਕਾ ਰਾਣੀ ਪੁੱਤਰੀ ਮਨੋਹਰਲਾਲ (89%) | ਕਿਰਨਪ੍ਰੀਤ ਕੌਰ ਪੁੱਤਰੀ ਬਲਵਿੰਦਰ ਸਿੰਘ | ਕ੍ਰਿਸ਼ਨਕਾਂਤ ਪੁੱਤਰ ਵਿਸ਼ਾਲ ਕੁਮਾਰ(86%) | ਪ੍ਰਨੀਤ ਕੌਰ ਪੁੱਤਰੀ ਅਜੈਬ ਸਿੰਘ(85%) | ਕ੍ਰਿਸ਼ਨਾ ਪੁੱਤਰੀ ਪਵਨ ਕੁਮਾਰ(85) | ਉਜਸਵੀ ਸਿੰਗਲਾ ਪੁੱਤਰੀ ਉਪਿੰਦਰ ਸਿੰਗਲਾ(84%) | ਦੇਸਨਾ ਜੈਨ ਪੁੱਤਰੀ ਮੁਨੀਸ਼ ਜੈਨ(83%) | ਗਰੀਮਾ ਪੁੱਤਰੀ ਅਮਨਦੀਪ(83)

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਲਹਿਰਾਗਾਗਾ,13 ਮਈ (ਜਗਸੀਰ ਲੌਂਗੋਵਾਲ)- ਸੀਬੀਐਸਈ ਵਲੋਂ ਘੋਸ਼ਿਤ ਕੀਤੇ 12ਵੀਂ ਜਮਾਤ ਦੇ ਨਤੀਜੇ ਵਿੱਚ ਅਕੈਡਮਿਕ ਵਰਲਡ ਸਕੂਲ ਖੋਖਰ ਦਾ ਨਤੀਜਾ 100 ਫ਼ੀਸਦ ਰਿਹਾ । ਜਿਸ ਵਿੱਚ ਸਾਰੇ ਸਟਰੀਮਸ ਦੇ ਵਿਦਿਆਰਥੀਆਂ ਨੇ ਬਹੁਤ ਚੰਗਾ ਪ੍ਰਦਰਸ਼ਨ ਕੀਤਾ। ਅਕੈਡਮਿਕ ਵਰਲਡ ਸਕੂਲ ਦੀ ਵਿਦਿਆਰਥਣ ਹਰਮਨਪ੍ਰੀਤ ਕੌਰ ਪੁੱਤਰੀ ਮਲਕੀਤ ਸਿੰਘ ਪਿੰਡ ਹਰਿਆਊ ਨੇ ਕਾਮਰਸ ਸਟਰੀਮ 93% ਨੰਬਰ ਲੈ ਕੇ ਪਹਿਲਾਂ ਸਥਾਨ ਪ੍ਰਾਪਤ ਕੀਤਾ| ਜੈਸਿਕਾ ਰਾਣੀ ਪੁੱਤਰੀ ਮਨੋਹਰ ਲਾਲ ਸ਼ਰਮਾ ਪਿੰਡ ਲਹਿਰਾਗਾਗਾ ਨੇ ਆਰਟਸ 89% ਵਿੱਚੋ ਦੂਸਰਾ ਸਥਾਨ ਹਾਸਲ ਕੀਤਾ, ਕਿਰਨਪ੍ਰੀਤ ਕੌਰ ਪੁੱਤਰੀ ਬਲਵਿੰਦਰ ਸਿੰਘ ਪਿੰਡ ਗਿਦੜਿਆਣੀ ਨੇ ਕਾਮਰਸ 86% ਤੀਸਰਾ ਸਥਾਨ ਹਾਸਲ ਕੀਤਾ, ਕ੍ਰਿਸ਼ਨ ਕਾਂਤ ਗੋਇਲ ਪੁੱਤਰ ਵਿਸ਼ਾਲ ਕੁਮਾਰ ਨੇ ਨਾਨ ਮੈਡੀਕਲ ਵਿੱਚੋਂ 86% ਪ੍ਰਾਪਤ ਕਰਕੇ ਚੌਥਾ ਸਥਾਨ ਹਾਸਲ ਕੀਤਾ ਅਤੇ ਪ੍ਰਨੀਤ ਕੌਰ ਪੁੱਤਰੀ ਅਜੈਬ ਸਿੰਘ ਨੇ ਕਾਮਰਸ ਵਿੱਚ 85% ਪ੍ਰਾਪਤ ਕਰਕੇ ਪੰਜਵਾ ਸਥਾਨ ਹਾਸਲ ਕੀਤਾ ਕ੍ਰਿਸ਼ਨਾ ਪੁੱਤਰੀ ਪਵਨ ਕੁਮਾਰ ਬਾਂਸਲ 85% (ਨਾਨ-ਮੈਡੀਕਲ), ਉਜਸਵੀ ਸਿੰਗਲਾ ਪੁੱਤਰੀ ਉਪਿੰਦਰ ਸਿੰਗਲਾ 84% (ਕਾਮਰਸ) ਦੇਸਨਾ ਜੈਨ ਪੁੱਤਰੀ ਮੁਨੀਸ਼ ਜੈਨ 83 %, ਗਰੀਮਾ ਪੁੱਤਰੀ ਅਮਨਦੀਪ 83% ਨੰਬਰ ਲੈ ਕੇ ਮੱਲਾ ਮਾਰੀਆਂ। ਸਕੂਲ ਦੇ ਪ੍ਰਿੰਸਪਲ ਬਬੀ ਵਰਗੇਸ ਨੇ ਬੱਚਿਆਂ ਨੂੰ ਅਤੇ ਓਹਨਾ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਓਹਨਾ ਨੂੰ ਬੱਚਿਆਂ ਦੇ ਉੱਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਦੇ ਅਕੈਡਮਿਕ ਡਰੈਕਟਰ ਜਸਵਿੰਦਰ ਚੀਮਾਂ ਨੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਅਤੇ ਬੱਚਿਆਂ ਦੇ ਅਧਿਆਪਕਾ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਆਉਣ ਵਾਲੇ ਸਾਲ ਵਿੱਚ ਬੱਚੇ ਇਸ ਹੋਰ ਵਧੀਆ ਨਤੀਜਾ ਲੈ ਕੇ ਆਉਣਗੇ|ਇਸ ਮੌਕੇ ਸਕੂਲ ਚੇਅਰਮੈਨ ਸ੍ਰੀ ਸੰਜੇ ਸਿੰਗਲਾ ਨੇ ਬੱਚਿਆਂ ਨੂੰ ਓਹਨਾ ਦੇ ਮਾਤਾ ਪਿਤਾ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਓਹ ਇਸੇ ਤਰਾਂ ਸਖ਼ਤ ਮਿਹਨਤ ਕਰਕੇ ਆਪਣੇ ਮਾਤਾ ਪਿਤਾ , ਸਕੂਲ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕਰਦੇ ਰਹਿਣ। ਇਸ ਮੌਕੇ ਸਕੂਲ ਦੇ ਚੇਅਰਮੈਨ ਸੰਜੈ ਸਿੰਗਲਾ ਨੇ ਸਭ ਸਟਰੀਮ ਦੇ ਅਧਿਆਪਕਾ ਨੂੰ ਸੋਨੀਆ, ਰਾਜਿੰਦਰ,ਸੋਨਿਕਾ, ਸੁਰਭੀ, ਅਨੁਕੂਲ,ਨੇਵੀ, ਗੁਰਵਿੰਦਰ ਨੂੰ ਵਧਾਈ ਦਿੱਤੀ ।

# ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਦਾ ਨਤੀਜਾ ਸ਼ਾਨਦਾਰ ਰਿਹਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com



ਲੌਂਗੋਵਾਲ,13 ਮਈ (ਜਗਸੀਰ ਸਿੰਘ) - ਸੀ.ਬੀ. ਐਸ.ਈ ਨਵੀਂ ਦਿੱਲੀ ਵੱਲੋਂ ਐਲਾਨੇ ਬਾਰ੍ਹਵੀਂ ਜਮਾਤ ਦੇ ਨਤੀਜੇ ਵਿੱਚ ਸ਼ਹੀਦ ਭਾਈ ਦਿਆਲਾ ਜੀ ਪਬਲਿਕ ਸਕੂਲ ਲੌਂਗੋਵਾਲ ਦਾ ਨਤੀਜਾ ਇਸ ਵਾਰ ਵੀ 100 ਪ੍ਰਤੀਸ਼ਤ ਰਿਹਾ। ਸਕੂਲ ਦੇ ਵਿਦਿਆਰਥੀ ਜਸ਼ਨਪ੍ਰੀਤ ਸਿੰਘ ਨੇ 96.8, ਭੁਪਿੰਦਰ ਸਿੰਘ 96.2, ਅਤੇ ਪ੍ਰਭਸਿਮਰਨ ਕੌਰ ਨੇ 92.8 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ ਦੂਜਾ ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਕੂਲ ਦੀ ਖੁਸ਼ਪ੍ਰੀਤ ਕੌਰ, ਸਾਹਿਲ ਬਾਵਾ, ਪੁਸ਼ਪਦੀਪ ਸਿੰਘ ਸਿੱਧੂ, ਅਰਸ਼ਵੀਰ ਕੌਰ, ਗੁਰਮੀਨ ਕੌਰ, ਜਸਕਰਨ ਸਿੰਘ, ਹਰਮਨਪ੍ਰੀਤ ਸਿੰਘ, ਰਵਨੀਤ ਕੌਰ, ਅਰਸ਼ਦੀਪ ਸਿੰਘ ਕੁੰਨਰ, ਅਰਸ਼ਦੀਪ ਕੌਰ, ਜਸ਼ਨਪ੍ਰੀਤ ਸਿੰਘ, ਖੁਸ਼ਪ੍ਰੀਤ ਕੌਰ, ਅਸ਼ਮਨਦੀਪ ਸਿੰਘ, ਜਸਪ੍ਰੀਤ ਕੌਰ, ਅਸ਼ਮੀਤ ਕੌਰ, ਹਰਮਨਜੀਤ ਸਿੰਘ, ਆਸ਼ੂ, ਖੁਸ਼ਪ੍ਰੀਤ ਕੌਰ, ਕਮਲਪ੍ਰੀਤ ਕੌਰ, ਹਰਸ਼ਦੀਪ ਕੌਰ, ਸਿਮਰਜੀਤ ਕੌਰ, ਹਸਨਪ੍ਰੀਤ ਸਿੰਘ, ਅਰਸ਼ਦੀਪ ਸਿੰਘ ਨੇ 80% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ ਹਨ ਸਕੂਲ ਦੇ ਪ੍ਰਿੰਸੀਪਲ ਸ. ਨਰਪਿੰਦਰ ਸਿੰਘ ਢਿੱਲੋਂ ਵਾਈਸ ਪ੍ਰਿੰਸੀਪਲ ਸ੍ਰੀਮਤੀ ਸੀਮਾ ਠਾਕੁਰ ਅਤੇ ਸਕੂਲ ਪ੍ਰਬੰਧਕਾਂ ਅਤੇ ਸਟਾਫ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੰਦਿਆਂ ਉਹਨਾਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।

# ਸਰਕਾਰ ਦੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਹੋਈ ਤਾਰ ਤਾਰ : ਅਮਨ ਪੂਨੀਆ, ਪਵਨ ਗਰਗ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com



ਸੰਗਰੂਰ,13 ਮਈ (ਜਗਸੀਰ ਲੌਂਗੋਵਾਲ)-ਇੱਕ ਪਾਸੇ ਪੰਜਾਬ ਸਰਕਾਰ ਯੁੱਧ ਨਸ਼ਿਆਂ ਵਿਰੁੱਧ ਵਰਗੀਆਂ ਮੁਹਿੰਮ ਚਲਾ ਕੇ ਲੋਕਾਂ ਨੂੰ ਇਹ ਦੱਸਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਸਰਕਾਰ ਨਸ਼ਿਆਂ ਦੇ ਖਿਲਾਫ ਵੱਡੀਆਂ ਕਾਰਵਾਈਆਂ ਕਰ ਰਹੀ ਹੈ ਪਰ ਮਜੀਠਾ ਨੇੜੇ ਜਹਿਰੀਲੀ ਸ਼ਰਾਬ ਪੀਣ ਨਾਲ ਹੋਈ 14 ਜਣਿਆਂ ਦੀ ਹੋਈ ਮੌਤ ਸਰਕਾਰ ਨੇ ਦੀ ਇਸ ਮੁਹਿੰਮ ਨੂੰ ਤਾਰ ਤਾਰ ਕਰਕੇ ਰੱਖ ਦਿੱਤਾ ਹੈ। ਇਹ ਪ੍ਰਗਟਾਵਾ ਭਾਜਪਾ ਦੇ ਸੀਨੀਅਰ ਆਗੂ ਅਮਨਦੀਪ ਸਿੰਘ ਪੂਨੀਆ ਅਤੇ ਪਵਨ ਕੁਮਾਰ ਗਰਗ ਵੱਲੋਂ ਗੱਲਬਾਤ ਦੌਰਾਨ ਕੀਤਾ। ਪੂਨੀਆ ਅਤੇ ਗਰਗ ਨੇ ਇਕਸੁਰ ਹੁੰਦਿਆਂ ਕਿਹਾ ਕਿ ਇਕ ਪਾਸੇ ਪੰਜਾਬ ਸਰਕਾਰ ਨਸ਼ੇ ਦੇ ਕਾਰੋਬਾਰੀਆਂ ਦੇ ਘਰ ਢਾਹ ਰਹੀ ਹੈ ਦੂਜੇ ਪਾਸੇ ਅਜਿਹੇ ਕਾਂਡ ਹੋ ਰਹੇ ਹਨ ਪਰ ਅਸੀਂ ਸ਼ੁਰੂ ਤੋਂ ਹੀ ਕਹਿ ਰਹੇ ਹਾਂ ਕਿ ਸਿਰਫ ਛੋਟੇ ਮੋਟੇ ਨਸ਼ੇ ਦੇ ਵਪਾਰ ਕਰਨ ਵਾਲਿਆਂ ਦੇ ਹੀ ਘਰ ਢਾਹੇ ਜਾ ਰਹੇ ਹਨ ਜਦੋਂ ਕਿ ਵੱਡੀਆਂ ਮਛਲੀਆਂ ਨੂੰ ਹੱਥ ਨਹੀਂ ਪਾਇਆ ਜਾ ਰਿਹਾ। ਜੇਕਰ ਸਰਕਾਰ ਨੇ ਨਸ਼ੇ ਦੇ ਇਹਨਾਂ ਵੱਡੇ ਮਗਰਮੱਛਾਂ ਨੂੰ ਹੱਥ ਪਾਇਆ ਹੁੰਦਾ ਤਾਂ ਅੱਜ ਮਜੀਠਾ ਵਰਗਾ ਕਾਂਡ ਕਦੇ ਨਾ ਵਾਪਰਦਾ ਤੇ 14 ਗਰੀਬ ਲੋਕਾਂ ਦੀਆਂ ਜਾਨਾਂ ਬਚ ਸਕਦੀਆਂ ਸਨ। ਭਾਜਪਾ ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਇਸ ਮਾਮਲੇ ਦੀ ਉੱਚ ਪੱਧਰੀ ਜਾਂਚ ਹੋ ਕੇ ਦੋਸ਼ੀਆਂ ਦੇ ਖਿਲਾਫ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਇਸ ਕਾਲੇ ਕਾਰੋਬਾਰ ਨਾਲ ਜੁੜੇ ਲੋਕਾਂ ਦੇ ਚਿਹਰੇ ਸਾਹਮਣੇ ਆਉਣੇ ਚਾਹੀਦੇ ਹਨ ਕਿਉਂਕਿ ਕੁਝ ਚਿਰ ਪਹਿਲਾਂ ਜ਼ਿਲਾ ਸੰਗਰੂਰ ਵਿੱਚ ਵੀ ਜਹਿਰੀਲੀ ਸ਼ਰਾਬ ਪੀਣ ਕਾਰਨ ਅਰਜਨ ਤੋਂ ਵੱਧ ਲੋਕ ਆਪਣੀ ਜਾਨ ਗਵਾ ਚੁੱਕੇ ਹਨ। ਉਸ ਮਾਮਲੇ ਵਿੱਚ ਵੀ ਕੁਝ ਸਾਹਮਣੇ ਨਹੀਂ ਆ ਸਕਿਆ। ਇਸ ਮੌਕੇ ਉਹਨਾਂ ਦੇ ਨਾਲ ਭੁਪਿੰਦਰ ਸਿੰਘ ਰਾਣਾ, ਅਜੈ ਪ੍ਰਤਾਪ ਸਿੰਘ, ਗੁਰਸੇਵਕ ਸਿੰਘ ਕਾਕੂ, ਸੁਮਿਤ ਗਰਗ ਤੋਂ ਇਲਾਵਾ ਹੋਰ ਵੀ ਆਗੂ ਮੌਜੂਦ ਸਨ।

# "ਅੱਖਾਂ ਦਾਨ ਮਹਾਂਦਾਨ" ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com



ਫਗਵਾੜਾ 13 ਮਈ (ਸ਼ਿਵ ਕੌੜਾ) ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਧਨੀ ਪਿੰਡ ਵਿਖੇ ਪ੍ਰਿੰਸੀਪਲ ਹਰਮੇਸ਼ ਲਾਲ ਘੇੜ੍ਹਾ (ਸਟੇਟ ਅਵਾਰਡੀ) ਦੀ ਅਗਵਾਈ ਵਿੱਚ 'ਅੱਖਾਂ ਦਾਨ ਮਹਾਂਦਾਨ' ਵਿਸ਼ੇ 'ਤੇ ਜਾਗਰੂਕਤਾ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਵਿੱਚ ਪੁਨਰਜੋਤ ਸੰਸਥਾ ਦੇ ਇੰਟਰਨੈਸ਼ਨਲ ਕੋਡੀਨੇਟਰ ਅਸ਼ੋਕ ਮਹਿਰਾ ਮਹਿਰਾ ਆਪਣੀ ਧਰਮ ਪਤਨੀ ਕਮਾਲ ਮਹਿਰਾ ਤੇ ਬੇਟੀ ਮੁਸਕਾਨ ਮਹਿਰਾ ਨਾਲ ਹਾਜ਼ਰ ਹੋਏ। ਅਸ਼ੋਕ ਮਹਿਰਾ ਨੇ ਅੱਖਾਂ ਦਾਨ ਕਰਨ ਦੀ ਮਹੱਤਤਾ ਅਤੇ ਲੋੜ ਬਾਰੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵਡਮੁੱਲੀ ਜਾਣਕਾਰੀ ਦਿੱਤੀ। ਸੈਮੀਨਾਰ ਨੂੰ ਮੁੱਖ ਤੌਰ 'ਤੇ ਮੁਸਕਾਨ ਮਹਿਰਾ ਜੋ ਕਿ ਬੀ.ਐਸ ਸੀ ਆ ਨ ਰ ਜ਼ - ਸਾ ਈ ਕਾ ਲੋ ਜੀ ਅਤੇ ਬਿਹੇਵਿਅਰ ਦੀ ਪੜ੍ਹਾਈ ਦੇਹਰਾਦੂਨ ਯੂਨੀਵਰਸਿਟੀ ਤੋਂ ਕੇ ਰਹੇ ਹਨ, ਨੇ ਕੰਡਕਟ ਕੀਤਾ। ਇਸ ਮੌਕੇ 'ਤੇ ਮੁਸਕਾਨ ਮਹਿਰਾ ਨੇ ਵਿਦਿਆਰਥੀਆਂ ਨੂੰ ਦੱਸਿਆ ਕਿ ਇਸ ਵੇਲੇ ਭਾਰਤ ਵਿੱਚ ਹਜ਼ਾਰਾਂ ਲੋਕ ਅਜਿਹੇ ਹਨ,ਜਿਨਾਂ ਦੀ ਅੱਖਾਂ ਦੀ ਰੌਸ਼ਨੀ ਨਹੀਂ ਹੈ ਅਤੇ ਉਹ ਇਸ ਰੰਗਲੀ ਦੁਨੀਆਂ ਨੂੰ ਦੇਖ ਨਹੀਂ ਸਕਦੇ। ਜੇਕਰ ਅਸੀਂ ਅੱਖਾਂ ਦਾਨ ਕਰਨ ਦਾ ਪ੍ਰਣ ਕਰੀਏ ਤਾਂ ਹਜ਼ਾਰਾਂ ਲੋਕਾਂ ਨੂੰ ਇਹ ਦੁਨੀਆ ਦੇਖਣ ਦਾ ਮੌਕਾ ਮਿਲੇਗਾ ਅਤੇ ਸਾਡੀ ਮੌਤ ਤੋਂ ਬਾਅਦ ਵੀ ਸਾਡੀਆਂ ਅੱਖਾਂ ਜਿਉਂਦੀਆਂ ਰਹਿਣਗੀਆਂ। ਇਸ ਮੌਕੇ ਤੇ ਕਈ ਅਧਿਆਪਕਾਂ ਨੇ ਅੱਖਾਂ ਦਾਨ ਕਰਨ ਦੇ ਫਾਰਮ ਭਰੇ। ਪ੍ਰਿੰਸੀਪਲ ਹਰਮੇਸ਼ ਘੇੜਾ ਨੇ ਆਪਣੇ ਸੰਬੋਧਨ ਵਿੱਚ ਕਿਹਾ,ਕਿ ਅੱਖਾਂ ਕੁਦਰਤ ਦੀ ਬਖ਼ਸ਼ੀ ਹੋਈ ਇੱਕ ਵਡਮੁੱਲੀ ਦਾਤ ਹੈ ਅਤੇ ਇਨਸਾਨ ਦੀ ਮੌਤ ਤੋਂ ਬਾਅਦ ਇਹ ਉਸ ਦੇ ਨਾਲ ਹੀ ਸੜ ਕੇ ਸੁਆਹ ਹੋ ਜਾਂਦੀਆਂ ਹਨ,ਸੋ ਸਾਨੂੰ ਇਹਨਾਂ ਨੂੰ ਦਾਨ ਕਰਕੇ ਕਿਸੇ ਦੀ ਜ਼ਿੰਦਗੀ ਨੂੰ ਰੌਸ਼ਨ ਕਰਨਾ ਚਾਹੀਦਾ ਹੈ। ਇਸ ਮੌਕੇ ਤੇ ਰਿਸ਼ੀ ਕੁਮਾਰ ਵਾਈਸ ਪ੍ਰਿੰਸੀਪਲ, ਲੈਕ. ਕੁਲਵੰਤ ਰਾਮ, ਲੈਕ.ਤੀਰਥ ਸਿੰਘ ਬਾਸੀ, ਲੈਕ.ਵਿਦਿਆ ਸਾਗਰ, ਕੋਚ ਹਰਮੇਸ਼ ਲਾਲ, ਮੁਨੀਸ਼ ਕੁਮਾਰ, ਜਸਵਿੰਦਰ ਸਾਂਪਲਾ, ਮਦਨ ਲਾਲ ,ਮੰਜੂ ਰਾਣੀ, ਸੀਮਾ ਦੇਵੀ, ਅੰਜੂ ਸੱਭਰਵਾਲ, ਸਰਬਜੀਤ ਕੌਰ, ਸਰੁਚੀ ਲੂਥਰਾ, ਸੁਖਵੀਰ ਕੌਰ, ਜਸਵੀਰ ਕੌਰ, ਰਜਨੀ ਸੂਦ ਤੋਂ ਇਲਾਵਾ ਸਮੂਹ ਵਿਦਿਆਰਥੀ ਹਾਜ਼ਰ ਸਨ।

# ਨਾੜ ਦੀ ਅੱਗ ਬੁਝਾਉਂਦਿਆਂ ਮੁਲਾਜ਼ਮ ਦੀ ਮੌਤ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com

ਅੱਗ ਬੁਝਾਊ ਅਮਲੇ ਦਾ ਮੁਲਾਜ਼ਮ ਗਗਨਦੀਪ ਸਿੰਘ ਲੁਧਿਆਣਾ ਦੇ ਨਿੱਜੀ ਹਸਪਤਾਲ ਵਿੱਚ ਅੱਜ ਦਮ ਤੋੜ ਗਿਆ। ਉਹ ਕਣਕ ਦੇ ਨਾੜ ਨੂੰ ਅੱਗ ਬੁਝਾਉਂਦਾ ਹੋਇਆ ਬੁਰੀ ਤਰ੍ਹਾਂ ਝੁਲਸ ਗਿਆ ਸੀ। ਜਾਣਕਾਰੀ ਅਨੁਸਾਰ ਗਗਨਦੀਪ ਸਿੰਘ ਵਾਸੀ ਖੋਟੇ ਨਿਹਾਲ ਸਿੰਘ ਵਾਲਾ ਫਾਇਰ ਬ੍ਰਿਗੇਡ ਵਿੱਚ ਮੁਲਾਜ਼ਮ ਸੀ ਤੇ ਮੋਗਾ ਨੇੜੇ ਮਹਿਮਾ ਸਿੰਘ ਵਾਲੇ ਲੱਗੀ ਕਣਕ ਦੀ ਨਾੜ ਦੀ ਅੱਗ ਨੂੰ ਬੁਝਾਉਣ ਲਈ ਦਲੇਰੀ ਨਾਲ ਅੱਗ ਵਿੱਚ ਕੁੱਦ ਪਿਆ ਪ੍ਰੰਤੂ ਅਚਾਨਕ ਹਵਾ ਦਾ ਰੁਖ ਬਦਲਣ ਕਾਰਨ ਅੱਗ ਦੀ ਲਪੇਟ ਵਿੱਚ ਆ ਕੇ ਝੁਲਸਿਆ ਗਿਆ। ਉਹ ਲੁਧਿਆਣਾ ਵਿਖੇ ਜ਼ਿੰਦਗੀ ਤੇ ਮੌਤ ਨਾਲ ਲੜਦਾ ਹਾਰ ਗਿਆ। ਨਗਰ ਨਿਗਮ ਮੋਗਾ ਦੇ ਮੇਅਰ ਬਲਜੀਤ ਸਿੰਘ ਚਾਨੀ ਨੇ ਉਸ ਦੇ ਇਲਾਜ ਲਈ ਵਿੱਤੀ ਸਹਾਇਤਾ ਵੀ ਇਕੱਠੀ ਕੀਤੀ ਸੀ। ਗਗਨਦੀਪ ਸਿੰਘ ਪ੍ਰਾਈਵੇਟ ਮੁਲਾਜ਼ਮ ਸੀ ਅਤੇ ਉਸ ਦਾ ਦੋ ਕ ਮਹੀਨੇ ਪਹਿਲਾਂ



ਵਿਆਹ ਹੋਇਆ ਸੀ। ਪਿੰਡ ਵਾਸੀਆਂ ਨੇ ਪਰਿਵਾਰ ਦੇ ਇਕ ਜੀਅ ਨੂੰ ਸਰਕਾਰੀ ਨੌਕਰੀ ਤੇ ਮੁਆਵਜ਼ੇ ਦੀ ਮੰਗ ਕੀਤੀ ਹੈ।

# ਸ੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਬਾਹੜੇਵਾਲ ਦੇ ਪਹਿਲਵਾਨਾਂ ਨੇ ਸੂਬਾ ਪੱਧਰੀ ਕੁਸ਼ਤੀ ਚੈਪੀਅਨਸ਼ਿੱਪ ਵਿਚੋਂ 03 ਕਾਂਸੀ ਦੇ ਮੈਡਲ ਜਿੱਤੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 13 ਮਈ INTERNATIONAL PAPER, 94636 01616 hardipchumber57@gmail.com



ਬੰਗਾ 13 ਮਈ (ਚਰਨਜੀਤ ਸੱਲ੍ਹਾ) ਬੀਤੇ ਦਿਨੀਂ ਮਲੇਰਕੋਟਲਾ ਵਿਖੇ ਹੋਈ ਫਰੀ ਸਟਾਈਲ ਕੁਸ਼ਤੀ ਚੈਪੀਅਨਸ਼ਿੱਪ (ਅੰਡਰ 17 ਲੜਕੇ) ਵਿਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਕੁਸ਼ਤੀ ਅਖਾੜੇ ਸ੍ਰੀ ਗੁਰੂ ਹਰਗੋਬਿੰਦ ਸਪੋਰਟਸ ਕਲੱਬ ਬਾਹੜੇਵਾਲ ਦੇ ਪਹਿਲਵਾਨਾਂ ਵੱਲੋਂ ਤਿੰਨ ਕਾਂਸੀ ਦੇ ਮੈਡਲ ਜਿੱਤਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਪਹਿਲਵਾਨ ਜਸਕਰਨਦੀਪ ਪੁੱਤਰ ਸ੍ਰੀ ਲਵਲੀ ਪਿੰਡ ਬਹਿਰਾਮ ਨੇ 45 ਕਿਲੋ ਭਾਰ ਵਰਗ ਵਿਚੋਂ, ਪਹਿਲਵਾਨ ਯੁਵਰਾਜ ਪੁੱਤਰ ਦੇਸ ਰਾਜ ਪੱਲੀ ਝਿੱਕੀ ਨੇ 48 ਕਿਲੋਗ੍ਰਾਮ ਭਾਰ ਵਰਗ ਵਿਚੋਂ ਅਤੇ ਦਿਲਸ਼ਾਨ ਸਿੰਘ ਪੁੱਤਰ ਮਾਸਟਰ ਗੁਰਨਾਮ ਰਾਮ ਭਰੋ ਮਜਾਰਾ ਨੇ 60 ਕਿਲੋ ਭਾਰ ਵਰਗ ਵਿਚੋਂ ਕਾਂਸੀ ਦੇ ਮੈਡਲ ਜਿੱਤ ਕੇ ਸੂਬਾ ਪੱਧਰੀ ਕੁਸ਼ਤੀ ਮੁਕਾਬਲਿਆਂ ਵਿਚ ਸ਼ਾਨਦਾਰ ਕੁਸ਼ਤੀ ਦਾ ਪ੍ਰਦਰਸ਼ਨ ਕਰਕੇ ਆਪਣਾ, ਆਪਣੇ ਮਾਪਿਆਂ ਦਾ, ਆਪਣੇ ਅਖਾੜੇ ਦਾ ਅਤੇ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਦਾ ਨਾਮ ਰੋਸ਼ਨ ਕੀਤਾ ਹੈ । ਇਸ ਮੌਕੇ ਚੇਅਰਮੈਨ ਮਲਕੀਅਤ ਸਿੰਘ ਬਾਹੜੇਵਾਲ ਨੇ ਆਪਣੇ ਕਰ ਕਮਲਾਂ ਨਾਲ ਜੇਤੂ ਪਹਿਲਵਾਨਾਂ ਦਾ ਸਨਮਾਨ ਕੀਤਾ ਅਤੇ ਸ਼ਾਨਦਾਰ ਪ੍ਰਾਪਤੀ ਲਈ ਵਧਾਈਆਂ ਵੀ ਦਿੱਤੀਆਂ । ਤਿੰਨੇ ਨੌਜਵਾਨ ਪਹਿਲਵਾਨਾਂ ਦੇ ਸਨਮਾਨ ਸਮਾਰੋਹ ਮੌਕੇ ਚੇਅਰਮੈਨ ਮਲਕੀਅਤ ਸਿੰਘ ਬਾਹੜੇਵਾਲ, ਸਰਬਜੀਤ ਸਿੰਘ ਸੱਭਾ ਸਾਬਕਾ ਸਰਪੰਚ ਬਾਹੜੇਵਾਲ, ਬਲਬੀਰ ਸੋਂਧੀ ਕੋਚ ਮਾਸਟਰ ਗੁਰਨਾਮ ਰਾਮ, ਮਾਸਟਰ ਸੁਖਵਿੰਦਰ ਸਿੰਘ , ਬਲਜੀਤ ਸਿੰਘ ਕੰਗ, ਕੁਲਵੰਤ ਰਾਮ ਗਹਿਲ ਮਜਾਰੀ ਅਤੇ ਹੋਰ ਪਤਵੰਤੇ ਸੱਜਣ ਵੀ ਹਾਜ਼ਰ ਸਨ । ਫੋਟੋ ਕੈਪਸ਼ਨ : ਸਕੂਲ ਪੱਧਰੀ ਕੁਸ਼ਤੀ ਮੁਕਾਬਲਿਆਂ ਵਿਜੇਤਾ ਨੌਜਵਾਨ ਪਹਿਲਵਾਨਾਂ ਨਾਲ ਯਾਦਗਾਰੀ ਤਸਵੀਰ ਵਿਚ ਚੇਅਰਮੈਨ ਸ. ਮਲਕੀਅਤ ਸਿੰਘ ਬਾਹੜੇਵਾਲ ਤੇ ਪਤਵੰਤੇ ਸੱਜਣ

# ਸੀ.ਬੀ.ਐੱਸ.ਈ. ਬਾਰ੍ਹਵੀਂ ਦੇ ਨਤੀਜੇ ਵਿੱਚ ਪੈਰਾਮਾਉਂਟ ਪਬਲਿਕ ਸਕੂਲ ਚੀਮਾਂ ਦੇ ਬੱਚਿਆਂ ਦਾ ਨਤੀਜਾ 100% ਰਿਹਾ



“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਚੀਮਾ ਮੰਡੀ, 14 ਮਈ (ਜਗਸੀਰ ਸਿੰਘ) -ਸੀ. ਬੀ.ਐੱਸ.ਈ. ਦਿੱਲੀ ਵੱਲੋਂ ਬਾਰਵੀਂ ਜਮਾਤ ਦਾ ਨਤੀਜਾ ਘੋਸ਼ਿਤ ਕੀਤਾ ਗਿਆ ਜਿਸ ਵਿੱਚ ਪੈਰਾਮਾਉਂਟ ਪਬਲਿਕ ਸਕੂਲ, ਚੀਮਾਂ ਦੇ ਬੱਚਿਆਂ ਦਾ ਪਾਸ ਨਤੀਜਾ 100 % ਰਿਹਾ। ਇਨ੍ਹਾਂ ਵਿੱਚ ਨਾਨ-ਮੈਡੀਕਲ ਸਟਰੀਮ ਵਿੱਚ ਵਿਵੇਕ ਗੋਇਲ (96.2%), ਅਵਨੀਤ ਸਿੰਘ (88.4%), ਮਨਪ੍ਰੀਤ ਕੌਰ (87.2), ਕਮਲਪ੍ਰੀਤ ਕੌਰ (86.4%), ਹਰਸਿਮਰਨ ਕੌਰ (85%), ਪ੍ਰੀਆ ਗੋਇਲ (83.4%) ਤੇ ਮੈਡੀਕਲ ਸਟਰੀਮ ਵਿੱਚ ਅਵਨੀਤ ਕੌਰ (93.8%), ਕਮਲਪ੍ਰੀਤ ਕੌਰ (93%), ਨਵਜੋਤ ਸਿੰਘ (89.6%), ਖੁਸ਼ਪ੍ਰੀਤ ਕੌਰ (88.2%), ਰਸ਼ਮੀ ਸ਼ਰਮਾ (82.2%), ਹੁਸਨਪ੍ਰੀਤ ਕੌਰ (82%), ਹਰਮਨ ਸ਼ਰਮਾ (80.6%), ਹਰਨੀਲ ਸਿੰਘ ਜਵੰਧਾ (80.4%), ਹਰਮਨਪ੍ਰੀਤ ਕੌਰ (80.2%), ਰਮਨਦੀਪ ਕੌਰ (80%) ਅਤੇ ਕਾਮਰਸ ਸਟਰੀਮ ਵਿੱਚ ਤਰਨਦੀਪ ਕੌਰ (90%), ਪਰਨੀਤ ਕੌਰ (89.8%), ਹਰਜੋਤ ਕੌਰ (89%), ਜੈਸਮੀਨ ਕੌਰ (88.4%), ਅਮ੍ਰਿੰਤਪਾਲ ਸਿੰਘ (87.8%), ਰਮਨਦੀਪ ਕੌਰ (87.6%), ਕਰਨ ਸਿੰਘ ਸਿੱਧੂ (87.2%), ਗੁਰਪ੍ਰੀਤ ਕੌਰ (85.8%), ਪਵਨੀਤ ਕੌਰ (85.2%), ਹਰਮਨਵੀਰ ਕੌਰ (84.8%), ਹਰਮਨਪ੍ਰੀਤ ਕੌਰ (84.6%), ਮਨਜੋਤ ਸਿੰਘ (84%), ਜਯੋਤੀ ਕੌਰ (82.8%), ਹੁਸਮਨਪ੍ਰੀਤ ਕੌਰ (82.6%), ਗੁਰਨੂਰ ਸਿੰਘ (82.4%), ਮਨਿੰਦਰਜੀਤ ਕੌਰ (81.8%), ਪਰਮਿੰਦਰ ਕੌਰ (81.2%), ਅਮਨਿੰਦਰ ਸਿੰਘ (81.2%), ਜੈਸਮੀਨ ਕੌਰ (81%), ਗਗਨਦੀਪ ਕੌਰ (81%), ਰਮਨਦੀਪ ਕੌਰ (81%), ਸਹਿਜਦੀਪ ਸਿੰਘ (80.8%), ਅਮਾਨਤ ਜੌਤ ਕੌਰ (80.6%) ਅਤੇ ਜੈਸਮੀਨ ਕੌਰ (80%) ਨੇ ਅੰਕ ਪ੍ਰਾਪਤ ਕਰਕੇ ਸਕੂਲ, ਇਲਾਕੇ ਅਤੇ ਆਪਣੇ ਮਾਤਾ-ਪਿਤਾ ਦਾ ਨਾਮ ਰੋਸ਼ਨ ਕੀਤਾ। ਨਤੀਜਾ ਘੋਸ਼ਤ ਹੋਣ ਤੇ ਸਾਰੇ ਬੱਚਿਆਂ, ਮਾਪਿਆਂ ਅਤੇ ਅਧਿਆਪਕਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਗਈ। ਸਕੂਲ ਦੇ ਐਮ. ਡੀ. ਸ. ਜਸਵੀਰ ਸਿੰਘ ਚੀਮਾਂ ਅਤੇ ਮੈਡਮ ਕਿਰਨਪਾਲ ਕੌਰ ਨੇ ਬੱਚਿਆਂ ਨੂੰ ਚੰਗੇ ਨਤੀਜੇ ਲਈ ਵਧਾਈ ਅਤੇ ਸ਼ੁਭ-ਕਾਮਨਾਵਾਂ ਦਿੱਤੀਆਂ । ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਸੰਜੇ ਕੁਮਾਰ, ਵਾਇਸ-ਪ੍ਰਿੰਸੀਪਲ ਭੁਸ਼ਪਿੰਦਰ ਕੌਰ ਅਤੇ ਸਮੂਹ ਸਟਾਫ ਹਾਜ਼ਰ ਸਨ।

# ਐਲ ਆਈ ਸੀ ਨੇ ਆਪਣੇ ਗ੍ਰਾਹਕਾਂ ਨੂੰ ਨਵੀਆਂ ਪਾਲਸੀਆਂ ਸਬੰਧੀ ਕੀਤਾ ਜਾਗਰੂਕ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਜ਼ੀਰਾ 13 ਮਈ ( ਅੰਗਰੇਜ਼ ਬਰਾੜ ) ਭਾਰਤੀਯ ਜੀਵਨ ਬੀਮਾ ਨਿਗਮ ਦੇ ਉਚ ਅਧਿਕਾਰੀਆਂ ਦੇ ਆਦੇਸ਼ਾਂ ਤਹਿਤ ਲੋਕਾਂ ਨੂੰ ਕੰਪਨੀ ਵੱਲੋਂ ਸੁਰੱਖਿਆ ਦੇ ਘੇਰੇ ਵਿੱਚ ਲਿਆਉਣ ਦੇ ਮਕਸਦ ਤਹਿਤ ਗ੍ਰਾਹਕ ਜਾਗਰੂਕਤਾ ਸੈਮੀਨਾਰ ਨਰਿੰਦਰ ਕੁਮਾਰ ਨਾਰੰਗ ਚੀਫ ਐਡਵਾਈਜ਼ਰ ਐਲ ਆਈ ਸੀ ਬ੍ਰਾਂਚ ਜ਼ੀਰਾ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ ਤੇ ਸੰਜੀਵ ਕੁਮਾਰ ਚਾਵਲਾ ਮੈਨੇਜਰ ਭਾਰਤੀ ਜੀਵਨ ਬੀਮਾ ਨਿਗਮ ਅੰਮ੍ਰਿਤਸਰ , ਪਰਮਜੀਤ ਸਿੰਘ ਖੋਸਾ ਬ੍ਰਾਂਚ ਮੈਨੇਜਰ ਜ਼ੀਰਾ ਅਤੇ ਉੱਘੇ ਕਾਰੋਬਾਰੀ ਤੇ ਸਮਾਜ ਸੇਵੀ ਸੁਖਦੇਵ ਬਿੱਟੂ ਵਿੱਜ ਸਾਬਕਾ ਵਾਈਸ ਪ੍ਰਧਾਨ ਨਗਰ ਕੌਂਸਲ ਜ਼ੀਰਾ ਨੇ ਸ਼ਿਰਕਤ ਕੀਤੀ। ਇਸ ਮੌਕੇ ਪਹੁੰਚੇ ਐਲ ਆਈ ਸੀ ਦੇ ਸੀਨੀਅਰ ਅਧਿਕਾਰੀਆਂ ਨੇ ਭਾਰਤੀਯ ਜੀਵਨ ਬੀਮਾ ਨਿਗਮ ਵੱਲੋਂ ਜਾਰੀ ਕੀਤੀਆਂ ਲੋਕ ਹਿੱਤ ਵਿੱਚ ਬੀਮਾ ਪੋਲਸੀਆਂ ਬਾਰੇ ਲੋਕਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਜ ਦੇ ਮਹਿਗਾਈ ਭਰੇ ਯੁੱਗ ਵਿੱਚ ਇੱਕ ਵਿਅਕਤੀ ਆਪਣੇ ਪਰਿਵਾਰ ਦੇ ਮੈਂਬਰਾਂ ਨੂੰ ਚੰਗੀਆਂ ਸੁੱਖ ਸਹੂਲਤਾਂ ਦੇਣ ਲਈ ਦੇਸ਼ ਅਤੇ ਵਿਦੇਸ਼ਾਂ ਵਿੱਚ ਦਿਨ ਰਾਤ ਸਖ਼ਤ ਮਿਹਨਤ ਨਾਲ ਪੈਸਾ ਕਮਾਉਂਦਾ ਜਾਂਦਾ ਹੈ। ਜੇਕਰ ਖ਼ੁਦਾ ਨਾ ਖਾਸਤਾ ਉਸ ਵਿਅਕਤੀ ਨਾਲ ਕੋਈ ਅਣਸੁਖਾਵੀ ਘਟਨਾ ਵਾਪਰ ਜਾਂਦੀ ਹੈ, ਤਾਂ ਪਿੱਛੇ ਪਰਿਵਾਰ ਦਾ ਗੁਜ਼ਾਰਾ ਚਲਾਉਣ ਲਈ ਕੋਈ ਵਸੀਲਾ ਨਹੀਂ ਹੁੰਦਾ। ਉਨ੍ਹਾਂ ਕਿਹਾ ਕਿ ਇਹਨਾਂ ਪ੍ਰਸਥਿਤੀਆਂ ਨੂੰ ਵੇਖਦਿਆਂ ਭਾਰਤੀ ਜੀਵਨ ਬੀਮਾ ਨਿਗਮ ਵੱਲੋਂ ਆਜੀਵਨ ਪੈਨਸ਼ਨ ਯੋਜਨਾ ਅਤੇ ਰਿਸਕ ਕਵਰ ਪਾਲਸੀ ਲੋਕਾਂ ਦੀ ਲੋੜ ਨੂੰ ਵੇਖਦਿਆਂ ਬਣਾਈ ਹੈ। ਉਹਨਾਂ ਕਿਹਾ ਕਿ ਇਸ ਪਾਲਸੀ ਦਾ ਵੱਧ ਤੋਂ ਵੱਧ ਲਾਭ ਉਠਾ ਕੇ ਆਪਣੇ ਪਰਿਵਾਰ ਨੂੰ ਆਪਣੇ ਜੀਵਨ ਦੌਰਾਨ ਅਤੇ ਬਾਅਦ ਵਿੱਚ ਵੀ ਕੋਈ ਤਕਲੀਫ ਨਾ ਆਵੇ ਇਹ ਪੋਲਿਸੀ ਨੂੰ ਜ਼ਰੂਰ ਅਪਣਾਇਆ ਜਾਵੇ। ਇਸ ਮੌਕੇ ਉਘੇ ਕਾਰੋਬਾਰੀ ਸੁਖਦੇਵ ਬਿੱਟੂ ਵਿੱਜ ਨੇ ਭਾਰਤੀਯ ਜੀਵਨ ਬੀਮਾ ਨਿਗਮ ਦੀ ਪੈਨਸ਼ਨ ਯੋਜਨਾ ਪਾਲਸੀ ਅਤੇ ਰਿਸਕ ਕਵਰ ਦੀ ਸਲਾਘਾ ਕਰਦਿਆਂ ਕਿਹਾ ਕਿ ਹਰ ਇੱਕ ਵਿਅਕਤੀ ਨੂੰ ਚਾਹੇ ਉਹ ਅਮੀਰ ਹੋਵੇ ਜਾ ਗਰੀਬ ਇਹ ਯੋਜਨਾ ਲੈਣੀ ਚਾਹੀਦੀ ਹੈ। ਇਸ ਉਪਰੰਤ ਨਰਿੰਦਰ ਕੁਮਾਰ ਨਾਰੰਗ ਨੇ ਆਏ ਸਮੂਹ ਅਧਿਕਾਰੀਆਂ ਅਤੇ ਸਮਾਜ ਸੇਵੀ ਸੰਸਥਾਵਾਂ ਦੇ ਆਗੂਆਂ ਦਾ ਧੰਨਵਾਦ ਕੀਤਾ।

# ਬਾਰਵੀਂ ਜਮਾਤ ਦਾ ਨਤੀਜਾ ਰਿਹਾ ਸ਼ਾਨਦਾਰ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਭੀਖੀ,13 ਮਈ (ਕਮਲ ਜਿੰਦਲ)

ਸੀ. ਬੀ. ਐਸ. ਈ ਬੋਰਡ ਵੱਲੋਂ ਬਾਰਵੀਂ ਜਮਾਤ ਦਾ ਨਤੀਜਾ ਐਲਾਨਿਆ ਗਿਆ ਜਿਸ ਵਿੱਚ ਸਿਲਵਰ ਵਾਟਿਕਾ ਪਬਲਿਕ ਸਕੂਲ ਸਮਾਉ ਦੇ ਵਿਦਿਆਰਥੀਆਂ ਵਿੱਚੋਂ ਪੱਲਵੀ ਰਾਣੀ 96.4, ਹਰਮਨਪ੍ਰੀਤ ਸਿੰਘ 92.4,ਮਨਪ੍ਰੀਤ ਕੌਰ 90 ਅਤੇ ਨਵਪ੍ਰੀਤ ਕੌਰ ਨੇ 90 , ਅਰਸ਼ਦੀਪ ਕੌਰ 87.5,ਮਨੀਸ਼ਾ ਰਾਣੀ 86,ਜਸ਼ਨਦੀਪ ਕੌਰ 81,ਕੋਮਲਪ੍ਰੀਤ ਕੌਰ 79,ਲਵਪ੍ਰੀਤ ਕੌਰ 79, ਹਰਮਨਪ੍ਰੀਤ ਕੌਰ 77 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਂ ਰੌਸ਼ਨ ਕੀਤਾ

ਬਾਕੀ ਹੋਰ ਸਾਰੇ ਵਿਦਿਆਰਥੀਆਂ ਨੇ ਵੀ ਆਪਣੇ ਵਿਸ਼ੇ ਮੁਤਾਬਿਕ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ ਹਨ।ਸਕੂਲ ਦੇ ਚੇਅਰਮੈਨ ਸ਼੍ਰੀ ਜਿਵੇਸ਼ ਨੂੰ ਸਿੰਗਲਾ ਜੀ ਨੇ ਇਹਨਾਂ ਬੱਚਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਨਾਲ ਹੀ ਇਹਨਾਂ ਦੀ ਹੌਸਲਾਅਫਜ਼ਾਈ ਕਰਦੇ ਹੋਏ ਕਿਹਾ ਕਿ ਇਹ ਬੱਚੇ ਅੱਗੇ ਜਾ ਕੇ ਜਰੂਰ ਕੋਈ ਵਧੀਆ ਮੁਕਾਮ ਹਾਸਿਲ ਕਰਨਗੇ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮੈਡਮ ਕਰਨ ਰਤਨ ਜੀ ਨੇ ਵੀ ਇਹਨਾਂ ਬੱਚਿਆਂ ਨੂੰ ਉਤਸਾਹਿਤ ਕੀਤਾ ਅਤੇ ਵਧਾਈ ਦਿੱਤੀ। ਸਮੂਹ ਸਟਾਫ ਵੱਲੋਂ ਇਹਨਾਂ ਬੱਚਿਆਂ ਨੂੰ ਵਧਾਈਆਂ ਦਿੱਤੀਆਂ

# ਦਿਆਨੰਦ ਹਸਪਤਾਲ ਵਿਖੇ ਅੰਤਰਰਾਸ਼ਟਰੀ ਨਰਸ ਦਿਵਸ ਮਨਾਇਆ ਗਿਆ

## ਜਸ਼ਨ ਦਾ ਇੱਕ ਵਿਸ਼ੇਸ਼ ਆਕਰਸ਼ਣ ਸਰਵੋਤਮ ਵਾਰਡ ਅਵਾਰਡ ਸੀ,

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਲੁ ਧਿ ਆ ਣਾ (ਗੁਰਦੀਪ ਸਿੰਘ₹

ਦਿਆਨੰਦ ਹਸਪਤਾਲ ਨੇ ਨੇ ਹੀਰੋ ਡੀਐਮਸੀ ਹਾਰਟ ਇੰਸਟੀਚਿਊਟ ( ਐ ਚ ਡੀ ਐ ਚ ਆ ਈ ) , ਡੀਐਮਸੀ ਐਂਡ ਐਚ ਕੈਂਸਰ ਕੇਅਰ ਸੈਂਟਰ, ਅਤੇ ਡੀਐਮਸੀ ਐਂਡ ਐਚ ਕਾਲਜ ਆਫ਼ ਨਰਸਿੰਗ ਦੇ ਨਰਸਿੰਗ ਵਿਭਾਗ ਦੁਆਰਾ ਸਹਿਯੋਗੀ ਤੌਰ ‘ਤੇ ਆਯੋਜਿਤ ਇੱਕ ਸਾਂਝੇ ਪ੍ਰੋਗਰਾਮ ਰਾਹੀਂ ਅੰਤਰਰਾਸ਼ਟਰੀ ਨਰਸ ਦਿਵਸ ਬਹੁਤ ਉਤਸ਼ਾਹ ਨਾਲ ਮਨਾਇਆ। ਪ੍ਰੋਗਰਾਮ ਵਿੱਚ ਸ਼੍ਰੀ ਬਿਪਿਨ ਗੁਪਤਾ, ਸਕੱਤਰ, ਡੀਐਮਸੀ ਐਂਡ ਐਚ ਮੈਨੇਜਿੰਗ ਸੋਸਾਇਟੀ, ਸ਼੍ਰੀ ਮੁਕੇਸ਼ ਵਰਮਾ, ਖਜ਼ਾਨਚੀ, ਡੀਐਮਸੀ ਐਂਡ ਐਚ ਮੈਨੇਜਿੰਗ ਸੋਸਾਇਟੀ, ਡਾ. ਜੀ.ਐਸ. ਵਾਂਡਰ, ਪ੍ਰਿੰਸੀਪਲ, ਡੀਐਮਸੀ ਐਂਡ ਐਚ, ਡਾ. ਅਸ਼ਵਨੀ ਕੇ. ਚੌਧਰੀ ਅਤੇ ਡਾ. ਸੰਦੀਪ ਸ਼ਰਮਾ, ਮੈਡੀਕਲ ਸੁਪਰਡੈਂਟ; ਡਾ. ਸੰਦੀਪ ਕੌਸ਼ਲ, ਡੀਨ ਅਕਾਦਮਿਕ ਅਤੇ ਸ਼੍ਰੀ ਅਨਿਤ ਜੋਸਫ਼, ਡਿਪਟੀ ਨਰਸਿੰਗ ਸੁਪਰਡੈਂਟ ਸਮੇਤ ਸਤਿਕਾਰਯੋਗ ਪਤਵੰਤਿਆਂ ਨੇ ਸ਼ਿਰਕਤ ਕੀਤੀ।ਡੀਐਮਸੀ ਐਂਡ ਐਚ, ਐਚਡੀਐਚਆਈ, ਡੀਐਮਸੀ ਐਂਡ ਐਚ ਕੈਂਸਰ ਕੇਅਰ ਸੈਂਟਰ ਅਤੇ ਡੀਐਮਸੀ ਐਂਡ ਐਚ ਕਾਲਜ ਆਫ਼ ਨਰਸਿੰਗ ਦੇ ਨਰਸਿੰਗ ਸਟਾਫ ਨੇ ਵੀ ਇਸ ਮੌਕੇ ਦੀ ਸ਼ੋਭਾ ਵਧਾਈ। ਇਸ ਸਾਲ ਦਾ ਥੀਮ ‘ਸਾਡੀਆਂ ਨਰਸਾਂ। ਸਾਡਾ ਭਵਿੱਖ। ਨਰਸਾਂ ਦੀ ਦੇਖਭਾਲ ਅਰਥਵਿਵਸਥਾ ਨੂੰ ਮਜ਼ਬੂਤ ਕਰਦੀ ਹੈ’ ਸ਼੍ਰੀ ਬਿਬਿਨ, ਇੰਚਾਰਜ ਵੀਆਰਐਸ ਓਟੀ ਦੁਆਰਾ ਉਜਾਗਰ ਕੀਤਾ ਗਿਆ। ਆਪਣੇ ਸੰਬੋਧਨ ਵਿੱਚ, ਸ਼੍ਰੀ ਬਿਪਿਨ ਗੁਪਤਾ ਨੇ ਹਸਪਤਾਲ ਵਿੱਚ ਨਰਸਾਂ ਦੀ ਮਹੱਤਵਪੂਰਨ ਭੂਮਿਕਾ ‘ਤੇ ਜ਼ੋਰ ਦਿੱਤਾ ਅਤੇ ਮਰੀਜ਼ਾਂ ਨੂੰ ਬੇਮਿਸਾਲ ਦੇਖਭਾਲ ਪ੍ਰਦਾਨ ਕਰਨ ਵਿੱਚ ਨਿਰੰਤਰ ਯਤਨਾਂ ਲਈ ਸਾਰੀਆਂ ਨਰਸਾਂ ਨੂੰ ਦਿਲੋਂ ਵਧਾਈਆਂ ਅਤੇ ਧੰਨਵਾਦ ਕੀਤਾ। ਪ੍ਰਿੰਸੀਪਲ ਡਾ. ਜੀ.ਐਸ. ਵਾਂਡਰ ਨੇ ਆਪਣੇ ਭਾਸ਼ਣ ਵਿੱਚ, ਅੰਤਰਰਾਸ਼ਟਰੀ ਨਰਸ ਦਿਵਸ ਦੇ 2025 ਦੇ ਥੀਮ ਨੂੰ ਉਜਾਗਰ ਕੀਤਾ ਅਤੇ ਨਰਸਾਂ ਦੀ ਹਿੰਮਤ ਨੂੰ ਸਵੀਕਾਰ ਕੀਤਾ ਜੋ ਆਪਣੇ ਨਿੱਜੀ ਜੀਵਨ ਦੇ ਨਾਲ ਮੰਗ ਕਰਨ ਵਾਲੇ ਪੇਸ਼ੇਵਰ ਫਰਜ਼ਾਂ ਨੂੰ ਸੰਤੁਲਿਤ ਕਰਦੀਆਂ ਹਨ।ਜਸ਼ਨ ਦਾ ਇੱਕ ਵਿਸ਼ੇਸ਼ ਆਕਰਸ਼ਣ ਸਰਵੋਤਮ ਵਾਰਡ ਅਵਾਰਡ ਸੀ, ਜਿਸ ਨੇ ਟੀਮ ਵਰਕ, ਸਫਾਈ, ਮਰੀਜ਼ਾਂ ਦੀ ਯਦੇਖਭਾਲ, ਦਸਤਾਵੇਜ਼ੀਕਰਨ ਅਤੇ ਹੋਰ ਮੁੱਖ ਮਾਪਦੰਡਾਂ ਵਿੱਚ ਉੱਤਮਤਾ ਨੂੰ ਮਾਨਤਾ ਦਿੱਤੀ।

ਪਹਿਲੇ ਪੰਜ ਇਨਾਮ ਹੇਠ ਲਿਖੇ ਵਿਭਾਗਾਂ ਨੂੰ ਦਿੱਤੇ ਗਏ:

ਯੂ ਰੋ ਲੋ ਜੀ , ਨਿਊਰੋਸਰਜਰੀ 1, ਪੀ ਡੀ ਆ ਟ੍ਰਿ ਕ ਸ , ਮੈਡੀਕਲ ਯੂਨਿਟ 2,ਅਤੇ ਓਨਕੋਲੋਜੀ ਮੈਡੀਸਨ। ਇਸ ਪ੍ਰੋਗਰਾਮ ਦਾ ਅੰਤ ਇਨਾਮ ਵੰਡ ਸਮਾਰੋਹ ਨਾਲ ਹੋਇਆ ਜਿਸ ਵਿੱਚ ਸਿਸਟਰ ਇੰਚਾਰਜਾਂ ਨੂੰ ਉਨ੍ਹਾਂ ਦੇ ਸਬੰਧਤ ਵਾਰਡਾਂ ਵਿੱਚ ਸ਼ਾਨਦਾਰ ਸੇਵਾ ਲਈ ਸਨਮਾਨਿਤ ਕੀਤਾ ਗਿਆ।

# ਜ਼ਹਿਰੀਲੀ ਸ਼ਰਾਬ ਕਾਂਡ : ਸੁਰਿੰਦਰ ਸਿੰਘ ਜੌੜਾ ਨੇ ਮੰਗੀ ਸਖ਼ਤ ਜਾਂਚ, ਪੀੜ੍ਤ ਪਰਿਵਾਰਾਂ ਨਾਲ ਜਤਾਈ ਹਮਦਰਦੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਜ਼ੀਰਾ 13 ਮਈ ( ਅੰਗਰੇਜ਼ ਬਰਾੜ ) - ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਮੈਂਬਰ ਸੁਰਿੰਦਰ ਸਿੰਘ ਜੌੜਾ ਨੇ ਮਾਝਾ ਖੇਤਰ ਦੇ ਮਜੀਠਾ ਇਲਾਕੇ ਵਿੱਚ ਜ਼ਹਿਰੀਲੀ ਸ਼ਰਾਬ ਪੀਣ ਕਾਰਨ 14 ਵਿਅਕਤੀਆਂ ਦੀ ਮੌਤ ਅਤੇ 6 ਦੇ ਹਸਪਤਾਲ ਵਿੱਚ ਦਾਖ਼ਲ ਹੋਣ ਦੀ ਘਟਨਾ ‘ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾਂ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਜਤਾਉਂਦਿਆਂ ਇਸ ਦੁਖਦਾਈ ਘਟਨਾ ਦੀ ਤੁਰੰਤ ਅਤੇ ਸਖ਼ਤ ਜਾਂਚ ਦੀ ਮੰਗ ਕੀਤੀ ਹੈ।

ਸੁਰਿੰਦਰ ਸਿੰਘ ਜੋੜਾ ਨੇ ਕਿਹਾ ਕਿ ਮਾਝਾ ਖੇਤਰ ਵਿੱਚ ਜ਼ਹਿਰੀਲੀ ਸ਼ਰਾਬ ਨਾਲ ਮੌਤਾਂ ਦਾ ਇਹ ਪਹਿਲਾ ਮਾਮਲਾ ਨਹੀਂ ਹੈ। ਪਹਿਲਾਂ ਵੀ ਅਜਿਹੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ, ਜੋ ਪ੍ਰਸ਼ਾਸਨ ਦੀ ਨਾਕਾਮੀ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਨੇ ਸਰਕਾਰ ਅਤੇ ਪ੍ਰਸ਼ਾਸਨ ਨੂੰ ਅਪੀਲ ਕੀਤੀ ਕਿ ਨਕਲੀ ਅਤੇ ਜ਼ਹਿਰੀਲੀ ਸ਼ਰਾਬ ਦੀ ਵਿਕਰੀ ਤੇ ਸਪਲਾਈ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣ। ਉਨ੍ਹਾਂ ਨੇ ਜ਼ੋਰ ਦੇ ਕੇ ਕਿਹਾ ਕਿ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਪੁਲਿਸ ਤੇ ਆਬਕਾਰੀ ਵਿਭਾਗ ਦੀ ਜਵਾਬਦੇਹੀ ਤੈਅ ਕੀਤੀ ਜਾਵੇ। ਜੌੜਾ ਨੇ ਮੰਗ ਕੀਤੀ ਕਿ ਅਜਿਹੀਆਂ ਘਟਨਾਵਾਂ ਦੀ ਪੁਨਰਾਵ੍ਰਿਤੀ ਨੂੰ ਰੋਕਣ ਲਈ ਸਰਕਾਰ ਪੱਕੀ ਨੀਤੀ ਤਿਆਰ ਕਰੇ ਅਤੇ ਪੀੜਤ ਪਰਿਵਾਰਾਂ ਨੂੰ ਤੁਰੰਤ ਮੁਆਵਜ਼ਾ ਅਤੇ ਸਹਾਇਤਾ ਪ੍ਰਦਾਨ ਕੀਤੀ ਜਾਵੇ। ਉਹਨਾਂ ਕਿਹਾ ਕਿ

ਇਸ ਘਟਨਾ ਨੇ ਮਾਝਾ ਖੇਤਰ ਵਿੱਚ ਸੋਗ ਦੀ



ਲਹਿਰ ਪੈਦਾ ਕਰ ਦਿੱਤੀ ਹੈ ਅਤੇ ਸਥਾਨਕ ਲੋਕਾਂ ਵਿੱਚ ਸਰਕਾਰੀ ਅਮਲੇ ਪ੍ਰਤੀ ਗੁੱਸਾ ਵਧ ਰਿਹਾ ਹੈ। ਪ੍ਰਸ਼ਾਸਨ ਨੇ ਜਾਂਚ ਸ਼ੁਰੂ ਕਰਨ ਦਾ ਦਾਅਵਾ ਕੀਤਾ ਹੈ, ਪਰ ਅਜੇ ਤੱਕ ਕੋਈ ਠੋਸ ਕਾਰਵਾਈ ਸਾਹਮਣੇ ਨਹੀਂ ਆਈ।

# ਮਨੁੱਖਤਾ ਦੇ ਭਲੇ ਲਈ ਖੂਨਦਾਨ ਕੈਂਪ ਲਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਲੁਧਿਆਣਾ (ਗੁਰਦੀਪ ਸਿੰਘ) ਵਿਸ਼ਵ ਪ੍ਰਸਿਧ ਭਗਤੀ ਦਾ ਘਰ ਗੁਰਦੁਆਰਾ ਨਾਨਕਸਰ ਕਲੇਰਾਂ ਵਿਖੇ ਸਰਹਿੰਦ ਫਤਿਹ ਦਿਵਸ ਨੂੰ ਸਮਰਪਿਤ ਬਾਬਾ ਨੰਦ ਸਿੰਘ ਜੀ, ਬਾਬਾ ਈਸ਼ਰ ਸਿੰਘ ਜੀ ਵਲੋਂ ਵਰੋਸਾਏ ਨਾਨਕਸਰ ਦੇ ਸਮੂਹ ਮਹਾਂਪੁਰਖਾਂ ਦੀ ਪ੍ਰੇਰਣਾ ਸਦਕਾ ਭਾਈ ਘਨੱ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ 803ਵਾਂ ਮਹਾਨ ਖੂਨਦਾਨ ਕੈਂਪ ਅਤੇ ਮੁਫਤ ਜਰਨਲ ਮੈਡੀਕਲ ਕੈਂਪ ਬਾਬਾ ਈਸ਼ਰ ਸਿੰਘ ਸਰਪ੍ਰਸਤ,ਡਾ:ਬਲਵਿੰਦਰ ਸਿੰਘ ਮੁੱਖ ਸੇਵਾਦਾਰ ਸੁਖ ਸਾਗਰ ਚੈਰੀਟੇਬਲ ਟਰੱਸਟ (ਰਜਿ) ਜਗਰਾਉਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਮਹਾਨ ਖੂਨਦਾਨ ਕੈਂਪ ਦਾ ਉਦਘਾਟਨ ਕਰਨ ਪਹੁੰਚੇ ਬਾਬਾ ਹਰੀ ਸਿੰਘ ਨਾਨਕਸਰ ਵਾਲਿਆਂ ਨੇ ਫਤਹਿ ਸਰਹਿੰਦ ਦਿਵਸ ਨੂੰ ਸਮਰਪਿਤ ਮਨੁੱਖਤਾ ਦੇ ਭਲੇ ਲਈ ਲਗਾਏ ਮਹਾਨ ਖੂਨਦਾਨ ਕੈਂਪ ਦੀ ਸ਼ਾਲਾਘਾ ਕਰਦਿਆਂ ਕਿਹਾ ਕਿ ਬਾਬਾ ਬੰਦਾ ਸਿੰਘ ਬਹਾਦਰ, ਬਾਬਾ ਬਾਜ ਸਿੰਘ, ਬਾਬਾ ਅਲੀ ਸਿੰਘ, ਬਾਬਾ ਮਾਲੀ ਸਿੰਘ,ਬਾਬਾ ਫਤਹਿ ਸਿੰਘ ਨੇ ਸਰਹਿੰਦ ਤੋਂ 12 ਕਿਲੋਮੀਟਰ ਦੂਰੀ ਤੇ ਛੱਪੜਝਿੜੀ ਦੇ ਮੈਦਾਨ ਤੇ 1710 ਈਸਵੀ ਵਿੱਚ ਵਜੀਦ ਖਾਨ ਨੂੰ ਮੌਤ ਦੇ ਘਾਟ ਉਤਾਰ ਕੇ ਧੰਨ ਧੰਨ ਮਾਤਾ ਗੁਜਰ ਕੌਰ ਜੀ, ਧੰਨ ਧੰਨ ਬਾਬਾ ਜ਼ੋਰਾਵਰ ਸਿੰਘ ਜੀ, ਧੰਨ ਧੰਨ ਬਾਬਾ ਫਤਹਿ ਸਿੰਘ ਜੀ ਦੀ ਲਾਸਾਨੀ ਤੇ ਬੇਮਿਸਾਲ ਸ਼ਹੀਦੀ ਦਾ ਬਦਲਾ ਲਿਆ ਅਤੇ ਜ਼ੁਲਮ ਅਤੇ ਜ਼ਾਲਮ ਰਾਜ ਦਾ ਅੰਤ ਕਰਕੇ ਖਾਲਸਾ ਰਾਜ ਸਥਾਪਤ ਕੀਤਾ। ਇਸ ਮੌਕੇ ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਹਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਨੇ ਦਸਿਆ ਖੂਨਦਾਨ ਕੈਂਪ ਦੋਰਾਨ ਇਕੱਤਰ ਕੀਤਾ ਗਿਆ ਖੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਡਾ: ਬਲਵਿੰਦਰ ਸਿੰਘ ਨੇ ਜਰਨਲ ਮੈਡੀਕਲ ਕੈਂਪ ਦੋਰਾਨ ਕਈ ਸੈਂਕੜੇ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੰਡੀਆਂ। ਇਸ ਮੌਕੇ ਤੇ ਦਰਸ਼ਨ ਸਿੰਘ ਭੁੰਬਰਾਹ, ਕੁਲਦੀਪ ਸਿੰਘ,ਗੁਰਮੀਤ ਸਿੰਘ ਖਾਲਸਾ, ਸਰਬਜੀਤ ਸਿੰਘ ਸੋਹਲ, ਹਰਬੰਸ ਸਿੰਘ ਫੋਜੀ ਬਿਲਗਾ ਆਦਿ ਹਾਜ਼ਰ ਸਨ।

# ਭਾਖੜਾ ਬਿਆਸ ਮੈਨੇਜਮੈਂਟ ਬੋਰਡ ਖਿਲਾਫ ਐਮ ਐਲ ਏ ਡਾ. ਈਸ਼ਾਂਕ ਨੇ ਦਿੱਤਾ ਧਰਨਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਪੰਜਾਬ ਵਿਚ ਪਾਣੀ ਦੇ ਅਧਿਕਾਰਾਂ ਨੂੰ ਲੈ ਕੇ ਇੱਕ ਵਾਰ ਫਿਰ ਤੋਂ ਆਵਾਜ਼ ਉੱਭਰੀ ਹੈ। ਚੱਬੇਵਾਲ ਵਿਧਾਨ ਸਭਾ ਖੇਤਰ ਤੋਂ ਵਿਧਾਇਕ ਡਾ. ਈਸ਼ਾਂਕ ਨੇ ਸੋਮਵਾਰ ਨੂੰ ਨੰਗਲ ਡੈਮ 'ਤੇ ਭਾਖੜਾ ਬਿਆਸ ਮੈਨੇਜਮੈਂਟ ਬੋਰਡ (BBMB) ਦੇ ਖਿਲਾਫ ਜ਼ੋਰਦਾਰ ਧਰਨਾ ਦਿੱਤਾ। ਇਸ ਪ੍ਰਦਰਸ਼ਨ ਦੀ ਅਗਵਾਈ ਪੰਜਾਬ ਸਰਕਾਰ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਹੋ ਰਹੀ ਹੈ, ਜਿਸ 'ਚ ਖ਼ੁਦ ਮੁੱਖ ਮੰਤਰੀ ਭਗਵੰਤ ਮਾਨ ਦੀ ਸਿੱਧੀ ਪ੍ਰੇਰਣਾ ਅਤੇ ਰਹਿਨੁਮਾਈ ਸ਼ਾਮਲ ਹੈ। ਧਰਨੇ ਵਿੱਚ ਡਾ. ਈਸ਼ਾਂਕ ਦੇ ਨਾਲ ਕਈ ਮਹੱਤਵਪੂਰਨ ਨੇਤਾ ਅਤੇ ਅਹੁਦੇਦਾਰ ਵੀ ਮੌਜੂਦ ਸਨ, ਜਿਨ੍ਹਾਂ ਵਿੱਚ ਗੁਰਵਿੰਦਰ ਸਿੰਘ ਪਾਬਲਾ, ਸੰਦੀਪ ਸੈਣੀ (ਬੈਕ ਫਿਨਕੋ ਚੇਅਰਮੈਨ), ਹਰਜੀਤ ਸਿੰਘ (ਮਾਰਕੀਟ ਕਮੇਟੀ ਮੁਖੇਰੀਆਂ ਚੇਅਰਮੈਨ), ਜਸਪਾਲ ਸਿੰਘ ਚੇਚੀ (ਮਾਰਕੀਟ ਕਮੇਟੀ ਹੁਸ਼ਿਆਰਪੁਰ ਚੇਅਰਮੈਨ), ਅਨੀਸ਼ ਕੁਮਾਰ ਅਤੇ ਬਲਵਿੰਦਰ ਸੋਨੀ ਸ਼ਾਮਲ ਸਨ। ਧਰਨੇ ਦਾ ਮੁੱਖ ਮਸਲਾ ਪੰਜਾਬ ਨੂੰ ਉਸਦੇ ਹਿੱਸੇ ਦਾ ਪਾਣੀ ਨਾ ਮਿਲਣਾ ਹੈ । ਡਾ. ਈਸ਼ਾਂਕ ਨੇ ਕਿਹਾ ਕਿ BBMB ਲੰਮੇ ਸਮੇਂ ਤੋਂ ਪੰਜਾਬ ਦੇ ਜਲ ਅਧਿਕਾਰਾਂ ਦੀ ਅਣਦੇਖੀ ਕਰ ਰਿਹਾ ਹੈ। ਉਨ੍ਹਾਂ ਦੋਸ਼ ਲਾਏ ਕਿ ਕੇਂਦਰ ਸਰਕਾਰ ਅਤੇ BBMB ਵੱਲੋਂ ਪੰਜਾਬ ਦੇ ਹਿੱਸੇ ਦਾ ਪਾਣੀ ਹੋਰ ਰਾਜਾਂ ਨੂੰ ਵੱਧ ਮਾਤਰਾ 'ਚ ਦਿੱਤਾ ਜਾ ਰਿਹਾ ਹੈ, ਜਿਸ ਕਾਰਨ ਪੰਜਾਬ ਦੇ ਕਿਸਾਨ ਅਤੇ ਆਮ ਲੋਕ ਪ੍ਰਭਾਵਿਤ ਹੋ ਰਹੇ ਹਨ। ਡਾ. ਈਸ਼ਾਂਕ ਨੇ ਕਿਹਾ, "ਪੰਜਾਬ ਦੇ ਕਿਸਾਨ ਪਹਿਲਾਂ ਹੀ ਮੌਸਮ ਦੀ ਮਾਰ ਅਤੇ ਆਰਥਿਕ ਤੰਗੀ ਦਾ ਸਾਹਮਣਾ ਕਰ ਰਹੇ ਹਨ। ਜੇਕਰ ਉਨ੍ਹਾਂ ਨੂੰ ਉਹਨਾਂ ਦਾ ਹਿੱਸਾ ਪਾਣੀ ਨਹੀਂ ਮਿਲਦਾ, ਤਾਂ ਇਹ ਉਨ੍ਹਾਂ ਦੇ ਹੋਂਦ ਉੱਤੇ ਸੰਕਟ ਹੋਵੇਗਾ। ਮੁੱਖ ਮੰਤਰੀ ਭਗਵੰਤ ਮਾਨ ਜੀ ਦੇ ਅਗਵਾਈ ਹੇਠ ਅਸੀਂ ਹੁਣ ਇਹ ਅਨਿਆ ਨਹੀਂ ਸਹਾਰਾਗੇ।" ਉਨ੍ਹਾਂ ਕਿਹਾ ਕਿ ਇਹ ਧਰਨਾ ਸਿਰਫ ਇਕ ਚੇਤਾਵਨੀ ਹੈ। ਜੇਕਰ ਜਲਦੀ ਹਾਲਾਤਾਂ ਵਿਚ ਸੁਧਾਰ ਨਾ ਆਇਆ, ਤਾਂ ਇਹ ਸੰਘਰਸ਼ ਸੂਬੇ ਭਰ 'ਚ ਤੇਜ਼ ਕੀਤਾ ਜਾਵੇਗਾ। ਸੰਦੀਪ ਸੈਣੀ ਨੇ ਕਿਹਾ, "ਪੰਜਾਬ ਦੇ ਹੱਕ ਦਾ ਪਾਣੀ ਜ਼ਬਰਦਸਤੀ ਖੋਹ ਕੇ ਹੋਰ ਰਾਜਾਂ ਨੂੰ ਦੇਣਾ ਨਾ ਸਿਰਫ ਸੰਵਿਧਾਨ ਦਾ ਉਲੰਘਣ ਹੈ, ਸਗੋਂ ਇਹ ਸਾਡੇ ਕਿਸਾਨਾਂ ਦੀ ਪਿੱਠ 'ਚ ਛੁਰੀ ਮਾਰਨ ਦੇ ਬਰਾਬਰ ਹੈ।" ਹਰਜੀਤ ਸਿੰਘ ਅਤੇ ਜਸਪਾਲ ਸਿੰਘ ਚੇਚੀ ਨੇ ਕਿਹਾ ਕਿ ਇਹ ਧਰਨਾ ਪੰਜਾਬ ਦੇ ਕਿਸਾਨਾਂ ਦੀ ਆਵਾਜ਼ ਹੈ, ਜੋ ਹੁਣ ਹੋਰ ਦਬਾਈ ਨਹੀਂ ਜਾ ਸਕਦੀ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਅਤੇ ਪਾਰਟੀ ਦੇ ਨੇਤ੍ਰਤਵ ਨਾਲ ਮਿਲ ਕੇ ਇਹ ਸੰਘਰਸ਼ ਹੁਣ ਸਿਰਫ਼ ਕਿਸਾਨਾਂ ਦਾ ਨਹੀਂ, ਸੂਬੇ ਦੇ ਹਰ ਨਾਗਰਿਕ ਦਾ ਹੋ ਗਿਆ ਹੈ। ਧਰਨੇ 'ਚ ਸ਼ਾਮਿਲ ਪਾਰਟੀ ਵਰਕਰਾਂ ਦੇ ਹੱਥਾਂ 'ਚ ਤਖ਼ਤੀਆਂ ਤੇ ਬੈਨਰ ਸਨ, ਜਿਨ੍ਹਾਂ 'ਤੇ "ਪਾਣੀ ਸਾਡਾ ਹੱਕ ਹੈ", "BBMB ਹੋਸ਼ ਵਿੱਚ ਆਓ" ਅਤੇ "ਪੰਜਾਬ ਦੇ ਹੱਕ ਦਾ ਪਾਣੀ ਵਾਪਸ ਦਿਓ" ਵਰਗੇ ਨਾਅਰੇ ਲਿਖੇ ਹੋਏ ਸਨ। ਪ੍ਰਦਰਸ਼ਨ ਸ਼ਾਂਤਮਈ ਰਿਹਾ, ਪਰ ਲੋਕਾਂ ਦੀ ਭਾਵਨਾ ਦ੍ਰਿੜ੍ਹ ਅਤੇ ਉੱਤਜੀਤ ਸੀ। ਡਾ. ਈਸ਼ਾਂਕ ਅਤੇ ਉਨ੍ਹਾਂ ਦੇ ਸਾਥੀਆਂ ਨੇ ਸਾਫ਼ ਕਰ ਦਿੱਤਾ ਕਿ ਜਦ ਤੱਕ ਪੰਜਾਬ ਨੂੰ ਉਸਦਾ ਹੱਕ ਨਹੀਂ ਮਿਲਦਾ, ਇਹ ਸੰਘਰਸ਼ ਜਾਰੀ ਰਹੇਗਾ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਆਪਣੀ ਆਵਾਜ਼ ਉੱਚੀ ਕਰਦਾ ਰਹੇਗਾ।

# ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਨੇ ਅੱਗ ਪ੍ਰਭਾਵਿਤ ਖੇਤਰ ਦਾ ਦੌਰਾ ਕੀਤਾ ਅਤੇ ਮਦਦ ਦਾ ਭਰੋਸਾ ਦਿੱਤਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਮਾਹਿਲਪੁਰ (ਸਤਨਾਮ ਸਿੰਘ ਸਹੂੰਗੜਾ) ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਇਸ਼ਾਂਕ ਨੇ ਪਿੰਡ ਦਾਤਾ-ਚੇਲਾ ਦਾ ਦੌਰਾ ਕੀਤਾ, ਜਿੱਥੇ ਬੀਤੀ ਰਾਤ ਭਿਆਨਕ ਅੱਗ ਲੱਗ ਗਈ ਸੀ ਜਿਸ ਕਾਰਨ ਭਾਰੀ ਨੁਕਸਾਨ ਹੋਇਆ ਹੈ। ਇਸ ਅੱਗ ਨੇ ਜ਼ਮੀਨ ਅਤੇ ਪਸ਼ੂਆਂ ਨੂੰ ਬੁਰੀ ਤਰ੍ਹਾਂ ਪ੍ਰਭਾਵਿਤ ਕੀਤਾ। ਹਾਲਾਂਕਿ, ਖੁਸ਼ਕਿਸਮਤੀ ਨਾਲ ਕੋਈ ਜਾਨੀ ਨੁਕਸਾਨ ਨਹੀਂ ਹੋਇਆ। ਡਾ. ਇਸ਼ਾਂਕ ਮੌਕੇ 'ਤੇ ਪਹੁੰਚੇ ਅਤੇ ਪੀੜਤ ਪਰਿਵਾਰ ਨਾਲ ਮੁਲਾਕਾਤ ਕੀਤੀ ਅਤੇ ਘਟਨਾ ਵਾਲੀ ਥਾਂ ਦਾ ਮੁਆਇਨਾ ਕੀਤਾ। ਉਨ੍ਹਾਂ ਫਾਇਰ ਵਿਭਾਗ ਦੀ ਮੁਸਤੈਦੀ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਜੇਕਰ ਫਾਇਰ ਬ੍ਰਿਗੇਡ ਦੀਆਂ ਗੱਡੀਆਂ ਸਮੇਂ ਸਿਰ ਨਾ ਪਹੁੰਚਦੀਆਂ ਤਾਂ ਨੁਕਸਾਨ ਹੋਰ ਵੀ ਭਿਆਨਕ ਹੋ ਸਕਦਾ ਸੀ। ਫਾਇਰ ਬ੍ਰਿਗੇਡ ਨੇ ਮੌਕੇ 'ਤੇ ਪਹੁੰਚ ਕੇ ਮੁਸ਼ਕਲ ਹਾਲਾਤਾਂ ਵਿੱਚ ਅੱਗ 'ਤੇ ਕਾਬੂ ਪਾਇਆ ਅਤੇ ਕਈ ਪਰਿਵਾਰਾਂ ਨੂੰ ਸੰਭਾਵੀ ਖ਼ਤਰੇ ਤੋਂ ਬਚਾਇਆ। ਅੱਗ ਲੱਗਣ ਕਾਰਨ ਘਰ ਦਾ ਬਹੁਤ ਸਾਰਾ ਸਾਮਾਨ ਸੜ ਕੇ ਸੁਆਹ ਹੋ ਗਿਆ। ਇਸ ਦੇ ਨਾਲ ਹੀ ਕਈ ਪਸ਼ੂ ਵੀ ਸੜ ਗਏ, ਜਿਸ ਕਾਰਨ ਵੱਡਾ ਵਿੱਤੀ ਨੁਕਸਾਨ ਹੋਇਆ ਹੈ। ਸਥਾਨਕ ਲੋਕਾਂ ਨੇ ਕਿਹਾ ਕਿ ਅੱਗ ਸ਼ਾਰਟ ਸਰਕਟ ਜਾਂ ਬਿਜਲੀ ਡਿੱਗਣ ਕਾਰਨ ਲੱਗੀ ਹੋ ਸਕਦੀ ਹੈ, ਪਰ ਇਸਦੀ ਪੁਸ਼ਟੀ ਪ੍ਰਸ਼ਾਸਨਿਕ ਜਾਂਚ ਤੋਂ ਬਾਅਦ ਹੀ ਹੋ ਸਕੇਗੀ। ਡਾ. ਇਸ਼ਾਂਕ ਨੇ ਮੌਕੇ 'ਤੇ ਮੌਜੂਦ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਰਾਹਤ ਅਤੇ ਪੁਨਰਵਾਸ ਕਾਰਜਾਂ ਵਿੱਚ ਤੇਜ਼ੀ ਲਿਆਉਣ ਦੇ ਨਿਰਦੇਸ਼ ਦਿੱਤੇ। ਪੀੜਤਾਂ ਨੂੰ ਹਰ ਸੰਭਵ ਮਦਦ ਦਾ ਭਰੋਸਾ ਦਿੰਦੇ ਹੋਏ ਉਨ੍ਹਾਂ ਕਿਹਾ, "ਰਾਜ ਸਰਕਾਰ ਪੀੜਤਾਂ ਦੇ ਨਾਲ ਹੈ। ਮੈਂ ਨਿੱਜੀ ਤੌਰ 'ਤੇ ਇਹ ਯਕੀਨੀ ਬਣਾਵਾਂਗਾ ਕਿ ਪ੍ਰਭਾਵਿਤ ਪਰਿਵਾਰਾਂ ਨੂੰ ਜਲਦੀ ਤੋਂ ਜਲਦੀ ਮੁਆਵਜ਼ਾ ਅਤੇ ਹੋਰ ਜ਼ਰੂਰੀ ਮਦਦ ਮਿਲੇ।" ਉਨ੍ਹਾਂ ਲੋਕਾਂ ਨੂੰ ਸੰਜਮ ਬਣਾਈ ਰੱਖਣ ਅਤੇ ਕਿਸੇ ਵੀ ਤਰ੍ਹਾਂ ਦੀਆਂ ਅਫਵਾਹਾਂ ਤੋਂ ਬਚਣ ਦੀ ਅਪੀਲ ਕੀਤੀ। ਉਨ੍ਹਾਂ ਇਹ ਵੀ ਕਿਹਾ ਕਿ ਇਲਾਕੇ ਵਿੱਚ ਸੁਰੱਖਿਆ ਉਪਾਅ ਹੋਰ ਮਜ਼ਬੂਤ ਕੀਤੇ ਜਾਣਗੇ ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਦੁਬਾਰਾ ਨਾ ਵਾਪਰਨ। ਇਹ ਦੌਰਾ ਪਿੰਡ ਵਾਸੀਆਂ ਲਈ ਉਮੀਦ ਦੀ ਕਿਰਨ ਸਾਬਤ ਹੋਇਆ ਅਤੇ ਲੋਕਾਂ ਨੇ ਵਿਧਾਇਕ ਡਾ. ਇਸ਼ਾਂਕ ਦਾ ਧੰਨਵਾਦ ਕੀਤਾ।

# ਡਰੋਨ ਹਮਲੇ 'ਚ ਮਰੀ ਔਰਤ ਦੇ ਪਰਿਵਾਰ ਵੱਲੋਂ ਮੁਆਵਜ਼ੇ ਲਈ ਧਰਨਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਪਾਕਿਸਤਾਨੀ ਡਰੋਨ ਹਮਲੇ ਵਿੱਚ ਜ਼ਖ਼ਮੀ ਹੋਈ ਸੁਖਵਿੰਦਰ ਕੌਰ ਦੀ ਮੌਤ ਹੋ ਗਈ ਜਿਸ ਦੇ ਪਰਿਵਾਰ ਵੱਲੋਂ ਅੱਜ ਉਸ ਦੇ ਸਸਕਾਰ ਤੋਂ ਪਹਿਲਾਂ ਮੁਆਵਜ਼ੇ ਦੀ ਮੰਗ ਨੂੰ ਲੈ ਕੇ ਪਿੰਡ ਦੇ ਬਾਹਰ ਮੁੱਖ ਮਾਰਗ 'ਤੇ ਧਰਨਾ ਲਾ ਦਿੱਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਪਰਿਵਾਰ ਨੇ ਮ੍ਰਿਤਕ ਸੁਖਵਿੰਦਰ ਕੌਰ ਦੇ ਅੰਤਿਮ ਸੰਸਕਾਰ ਦਾ ਸਮਾਂ ਸ਼ਾਮ ਸਾਢੇ ਚਾਰ ਵਜੇ ਨਿਰਧਾਰਤ ਕੀਤਾ ਸੀ। ਨਿਰਧਾਰਤ ਸਮੇਂ 'ਤੇ ਸਾਰੇ ਰਿਸ਼ਤੇਦਾਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਵੀ ਪਹੁੰਚ ਗਏ ਸਨ, ਪਰ ਇਸ ਦੌਰਾਨ ਅਚਾਨਕ ਪਰਿਵਾਰਕ ਮੈਂਬਰਾਂ ਨੇ ਸਸਕਾਰ ਕਰਨ ਦੀ ਬਜਾਏ ਪਿੰਡ ਦੇ ਬਾਹਰ ਮੁੱਖ ਸੜਕ 'ਤੇ ਧਰਨਾ ਸ਼ੁਰੂ ਕਰ ਦਿੱਤਾ।

ਪਰਿਵਾਰਕ ਮੈਂਬਰ ਕੇਂਦਰ ਅਤੇ ਪੰਜਾਬ ਸਰਕਾਰ ਤੋਂ ਇੱਕ ਕਰੋੜ ਰੁਪਏ ਮੁਆਵਜ਼ਾ ਅਤੇ ਪਰਿਵਾਰ ਦੇ ਇੱਕ ਯੋਗ ਮੈਂਬਰ ਨੂੰ ਸਰਕਾਰੀ ਨੌਕਰੀ ਦੇਣ ਦੀ ਮੰਗ ਕਰ ਰਹੇ ਹਨ। ਇਸ ਦੌਰਾਨ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਪੀੜਤ ਪਰਿਵਾਰ ਨੂੰ ਪੰਜ ਲੱਖ ਰੁਪਏ ਦੀ ਐਕਸ ਗ੍ਰੇਸ਼ੀਆ ਗ੍ਰਾਂਟ ਦੇਣ ਦਾ ਐਲਾਨ ਕੀਤਾ ਹੈ, ਪਰ ਪਰਿਵਾਰ ਵਾਲੇ ਆਪਣੀਆਂ ਮੰਗਾਂ 'ਤੇ ਅੜੇ ਹੋਏ ਹਨ।

# ਗੁਰਦੁਆਰਾ ਸ੍ਰੀ ਕੋਤਵਾਲ ਮੋਰਿੰਡਾ 'ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਜਬਰਦਸਤੀ ਕਬਜ਼ਾ ਕਰਨ ਦੇ ਜਤਨ - ਜ਼ਿਲਾ ਪ੍ਰਧਾਨ ਰਣਜੀਤ ਸਿੰਘ ਸੰਤੋਖਗੜ੍ਹ

## ਮਾਨਯੋਗ ਡਿਪਟੀ ਕਮਿਸ਼ਨਰ ਰੂਪਨਗਰ ਦੇ ਲਿਖਤੀ ਰੂਪ 'ਚ ਲਿਆਂਦਾ ਗਿਆ ਧਿਆਨ ਵਿਚ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com





ਰੂਪਨਗਰ 13 ਮਈ (ਹਰਦਿਆਲ ਸਿੰਘ ਸੰਧੂ) ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲਾ ਪ੍ਰਧਾਨ ਰਣਜੀਤ ਸਿੰਘ ਸੰਤੋਖਗੜ੍ਹ ਵੱਲੋਂ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਗਿਆ ਕਿ ਸਮੂਹ ਸੰਗਤਾਂ ਅਤੇ ਇਲਾਕਾ ਨਿਵਾਸੀਆਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਮਾਨਯੋਗ ਡਿਪਟੀ ਕਮਿਸ਼ਨਰ ਰੂਪਨਗਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਗੁਰਦੁਆਰਾ ਸ੍ਰੀ ਕੋਤਵਾਲ ਸਾਹਿਬ ਮੋਰਿੰਡਾ ਵਿਖੇ ਸੰਗਤਾਂ ਵੱਲੋਂ ਇਸ ਸਥਾਨ ਨੂੰ ਲੱਭ ਕੇ ਪ੍ਰਗਟ ਕੀਤਾ ਗਿਆ ਸੀ। ਇਸ ਗੁਰਦੁਆਰਾ ਸਾਹਿਬ ਦੀ ਕੁੱਲ ਜਮੀਨ ਨਗਰ ਕੌਂਸਲ ਦੇ ਅਧੀਨ ਆਉਂਦੀ ਹੈ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦੇ ਹੋਏ ਨਗਰ ਕੌਂਸਲ ਵੱਲੋਂ ਕਾਰ ਸੇਵਾ ਵਾਲੇ ਬਾਬਾ ਹਰਬੰਸ ਸਿੰਘ ਦਿੱਲੀ ਵਾਲੇਆਂ ਨੇ ਉਪਰੋਕਤ ਸਥਾਨ ਨੂੰ 2120 ਤੱਕ ਲੀਜ/ਚਕੋਤੇ ਤੇ ਲਿਆ ਸੀ ਜਿਸ ਦਾ ਕੁੱਲ ਬਣਦਾ ਚਕੋਤਾ ਨਗਰ ਕੌਂਸਲ ਨੂੰ ਅਦਾ ਕਰ ਦਿੱਤਾ ਗਿਆ ਸੀ ਪਰ ਹੁਣ ਜਦੋਂ ਸੰਗਤਾਂ ਦੀ ਹਾਜ਼ਰੀ ਦਿਨ ਪ੍ਰਤੀ ਦਿਨ ਵੱਧ ਰਹੀ ਹੈ ਤਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸੰਗਤਾਂ ਨੂੰ ਵਿਸ਼ਵਾਸ ਵਿੱਚ ਲਏ ਬਿਨਾਂ ਆਪਣੇ ਅਧੀਨ ਕਰਨਾ ਚਾਹੁੰਦੀ ਹੈ ਜਦੋਂ ਕਿ ਇਸ ਕਮੇਟੀ ਦੀ ਮਿਆਦ 2016 ਵਿੱਚ ਖਤਮ ਹੋ ਚੁੱਕੀ ਹੈ ਜਿਸ ਤੋਂ ਬਾਅਦ ਅੱਜ ਤੱਕ ਚੋਣਾਂ ਨਹੀਂ ਕਰਵਾਈਆਂ ਗਈਆਂ ਜਦੋਂ ਤੱਕ ਹਾਊਸ ਗੁਰਦੁਆਰਾ ਪ੍ਰਬੰਧਕ ਕਮੇਟੀ ਚੁਣ ਕੇ ਹੋਂਦ ਵਿੱਚ ਨਹੀਂ ਆਉਂਦੀ ਤਾਂ ਇਖਲਾਕੀ ਤੌਰ ਤੇ ਮੌਜੂਦਾ ਹਾਊਸ ਕੋਈ ਹੱਕ ਨਹੀਂ ਰੱਖਦਾ ਕਿ ਉਹ ਅਜਿਹਾ ਫੈਸਲਾ ਲੈ ਸਕੇ ਇਸ ਗੁਰਦੁਆਰਾ ਸਾਹਿਬ ਵਿੱਚ ਜੋ ਕਾਰਜ ਆਰੰਭ ਕੀਤੇ ਹੋਏ ਹਨ ਜਦੋਂ ਤੱਕ ਉਹ ਕਾਰਜ ਮੁਕੰਮਲ ਨਹੀਂ ਹੋ ਜਾਂਦੇ ਉਨੀ ਦੇਰ ਤੱਕ ਗੁਰਦੁਆਰਾ ਸਾਹਿਬ ਦੀ ਸਥਿਤੀ ਨੂੰ ਜਿਉਂ ਦੀ ਤਿਉਂ ਬਰਕਰਾਰ ਰੱਖਿਆ ਜਾਵੇ ਤਾਂ ਜੋ ਸ਼ਹਿਰ ਅਤੇ ਇਲਾਕੇ ਦਾ ਮਾਹੌਲ ਸ਼ਾਂਤ ਬਣਿਆ ਰਹੇ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਰਣਜੀਤ ਸਿੰਘ ਸੰਤੋਖਗੜ੍ਹ, ਬਲਵਿੰਦਰ ਸਿੰਘ, ਰਘਬੀਰ ਸਿੰਘ, ਤੇਜ ਕੌਰ, ਹਰਜੀਵਨ ਸਿੰਘ, ਹਰਜੀਤ ਸਿੰਘ, ਸੁਰਮਖ ਸਿੰਘ ਜੋਗਿੰਦਰ ਸਿੰਘ, ਇੰਦਰਜੀਤ ਸਿੰਘ ਆਦਿ ਹਾਜ਼ਰ ਸਨ

# ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦਾ 10ਵੀ ਜਮਾਤ ਦਾ ਨਤੀਜਾ ਸ਼ਾਨਦਾਰ 100 %

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਬੰਗਾ 13 ਮਈ (ਚਰਨਜੀਤ ਸੱਲ੍ਹਾਂ) ਪੇਂਡੂ ਇਲਾਕੇ ਵਿਚ ਸੀ.ਬੀ.ਐਸ.ਈ ਤੋਂ ਮਾਨਤਾ ਪ੍ਰਾਪਤ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੀ ਦਸਵੀ ਕਲਾਸ ਦਾ ਨਤੀਜਾ 100% ਸ਼ਾਨਦਾਰ ਆਇਆ ਹੈ । ਇਹ ਜਾਣਕਾਰੀ ਸਿੱਖਿਆ ਡਾਇਰੈਕਟਰ ਪ੍ਰੋ: ਹਰਬੰਸ ਸਿੰਘ ਬੋਲੀਨਾ ਅਤੇ ਪ੍ਰਿੰਸੀਪਲ ਸ੍ਰੀਮਤੀ ਵਨੀਤਾ ਚੋਟ ਨੇ ਅੱਜ ਮੀਡੀਆ ਨੂੰ ਪ੍ਰਦਾਨ ਕੀਤੀ। ਦਸਵੀਂ ਜਮਾਤ ਦੇ ਸ਼ਾਨਦਾਰ ਰਿਜ਼ਲਟ ਬਾਰੇ ਜਾਣਕਾਰੀ ਦਿੰਦੇ ਹੋਏ ਉਹਨਾਂ ਨੇ ਦੱਸਿਆ ਕਿ ਦਸਵੀਂ ਕਲਾਸ ਵਿਚੋ ਆਕਾਸ਼ਦੀਪ ਸਿੰਘ ਪੁੱਤਰ ਮਨਜੀਤ ਸਿੰਘ-ਸ੍ਰੀਮਤੀ ਰੋਮੀ ਨੇ 93.6 % ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ । ਜਦ ਕਿ ਲੀਜ਼ਾ ਕੈਂਥ ਪੁੱਤਰੀ ਕਮਲ ਕੁਮਾਰ-ਸ੍ਰੀਮਤੀ ਸਰਬਜੀਤ ਕੌਰ ਨੇ 93% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਸਲੋਨੀ ਰੱਤੂ ਪੁੱਤਰੀ ਅਸ਼ੋਕ ਕੁਮਾਰ-ਸ੍ਰੀਮਤੀ ਕੁਲਵਿੰਦਰ ਕੌਰ ਨੇ 92.3% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ। ਉਹਨਾਂ ਦੱਸਿਆ ਕਿ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਵਿਚ ਕਲਾਸ ਦੇ 122 ਵਿਦਿਆਰਥੀਆਂ ਨੇ ਫਸਟ ਡਵੀਜ਼ਨ ਵਿਚ ਦੱਸਵੀਂ ਕਲਾਸ ਪਾਸ ਕਰਕੇ ਸਕੂਲ ਦਾ ਇਕ ਨਵਾਂ ਰਿਕਾਰਡ ਕਾਇਮ ਕੀਤਾ ਹੈ । ਇਸ ਮੌਕੇ ਸਕੂਲ ਪ੍ਰਬੰਧਕ ਗੁਰੂ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਸ. ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟੀਆਂ ਵੱਲੋਂ ਦਸਵੀਂ ਕਲਾਸ ਦੇ ਸ਼ਾਨਦਾਰ ਰਿਜ਼ਲਟ ਲਈ ਸਕੂਲ ਪ੍ਰਿੰਸੀਪਲ, ਸਮੂਹ ਵਿਦਿਆਰਥੀਆਂ ਅਤੇ ਸਮੂਹ ਅਧਿਆਪਕਾਂ ਨੂੰ ਹਾਰਦਿਕ ਵਧਾਈਆਂ ਦਿੱਤੀਆਂ ਹਨ। ਸ਼ਾਨਦਾਰ ਨਤੀਜੇ ਦੀ ਜਾਣਕਾਰੀ ਦੇਣ ਮੌਕੇ ਸਮੂਹ ਸਕੂਲ ਅਧਿਆਪਕ ਹਾਜ਼ਰ ਸਨ । ਵਰਨਣਯੋਗ ਹੈ ਕਿ ਦਸਵੀ ਜਮਾਤ ਵਿਚ ਪੰਜਾਬੀ ਵਿਸ਼ੇ ਵਿਚ 44 ਵਿਦਿਆਰਥੀਆਂ ਨੇ, ਸਮਾਜਿਕ ਸਿੱਖਿਆ 7 ਵਿਦਿਆਰਥੀਆਂ ਨੇ, ਹਿੰਦੀ ਵਿਚੋਂ 14 ਵਿਦਿਆਰਥੀਆਂ ਨੇ, ਅੰਗਰੇਜ਼ੀ ਵਿਚੋਂ 4 ਵਿਦਿਆਰਥੀਆਂ ਨੇ, ਗਣਿਤ ਵਿਚ 1 ਵਿਦਿਆਰਥੀਆਂ ਨੇ ਅਤੇ ਵਿਗਿਆਨ ਵਿਚ 1 ਵਿਦਿਆਰਥੀ ਨੇ 90% ਤੋਂ ਜ਼ਿਆਦਾ ਅੰਕ ਪ੍ਰਾਪਤ ਕੀਤੇ ਹਨ। ਫੋਟੋ ਕੈਪਸ਼ਨ : ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੇ ਸੀ.ਬੀ.ਐਸ.ਈ ਬੋਰਡ ਦੀ ਦਸਵੀਂ ਕਲਾਸ ਵਿਚ ਪਹਿਲਾ, ਦੂਜਾ, ਤੀਜਾ ਸਥਾਨ ਪ੍ਰਾਪਤ ਕਰਨ ਵਾਲੇ ਟੌਪਰ ਵਿਦਿਆਰਥੀ

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅੱਜੋਵਾਲ ਵਿਖੇ ਬੱਚਿਆਂ ਦੇ ਪੋਸਟਰ ਮੇਕਿੰਗ ਅਤੇ ਲੇਖਣ ਮੁਕਾਬਲੇ ਕਰਵਾਏ

## ਬੱਚਿਆਂ ਨੂੰ ਪਤਾ ਲੱਗਦਾ ਹੈ ਕਿ ਸਿਰਫ਼ ਗੁਣਵੱਤਾ ਵਾਲੇ ਉਤਪਾਦ ਹੀ ਬਾਜ਼ਾਰ ਵਿੱਚ ਟਿਕ ਸਕਦੇ ਹਨ।

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਅਧੀਨ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਅਜੋਵਾਲ ਵਿੱਚ ਬੱਚਿਆਂ ਲਈ ਪੋਸਟਰ ਮੇਕਿੰਗ ਅਤੇ ਲਿਖਣ ਮੁਕਾਬਲੇ ਕਰਵਾਏ ਗਏ। ਇਸ ਮੌਕੇ ‘ਤੇ, ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਦੇ ਨੋਡਲ ਅਫ਼ਸਰ ਮੈਡਮ ਮਨਜੀਤ ਕੌਰ ਨੇ ਕਿਹਾ ਕਿ ਬਿਊਰੋ ਆਫ਼ ਇੰਡੀਅਨ ਸਟੈਂਡਰਡਜ਼ ਸਿੱਧੇ ਅਤੇ ਅਸਲ ਵਿੱਚ ਮਾਨਕੀਕਰਨ, ਪ੍ਰਮਾਣੀਕਰਣ ਅਤੇ ਟੈਸਟਿੰਗ ਰਾਹੀਂ ਰਾਸ਼ਟਰੀ ਅਰਥਵਿਵਸਥਾ ਨੂੰ ਕਈ ਤਰੀਕਿਆਂ ਨਾਲ ਲਾਭ ਪਹੁੰਚਾ ਰਿਹਾ ਹੈ। ਇਹ ਸੁਰੱਖਿਅਤ, ਭਰੋਸੇਮੰਦ ਗੁਣਵੱਤਾ ਵਾਲੇ ਉਤਪਾਦ ਪ੍ਰਦਾਨ ਕਰਦਾ ਹੈ। ਖਪਤਕਾਰਾਂ ਲਈ ਸਿਹਤ ਜੋਖਮਾਂ ਨੂੰ ਘੱਟ ਕਰਦਾ ਹੈ। ਨਿਰਯਾਤ ਅਤੇ ਆਯਾਤ ਵਿਕਲਪਾਂ ਨੂੰ ਉਤਸ਼ਾਹਿਤ ਕਰਦਾ ਹੈ। ਇਸ ਦੇ ਤਹਿਤ, ਬੱਚਿਆਂ ਨੂੰ ਪਤਾ ਲੱਗਦਾ ਹੈ ਕਿ ਸਿਰਫ਼ ਗੁਣਵੱਤਾ ਵਾਲੇ ਉਤਪਾਦ ਹੀ ਬਾਜ਼ਾਰ ਵਿੱਚ ਟਿਕ ਸਕਦੇ ਹਨ। ਜਿਨ੍ਹਾਂ ਚੀਜ਼ਾਂ ਦੀ ਗੁਣਵੱਤਾ ਚੰਗੀ ਨਹੀਂ ਹੁੰਦੀ, ਉਹ ਕੁਝ ਸਮੇਂ ਲਈ ਬਾਜ਼ਾਰ ਵਿੱਚ ਆਪਣੀ ਜਗ੍ਹਾ ਬਣਾ ਲੈਂਦੀਆਂ ਹਨ ਪਰ ਬਾਅਦ ਵਿੱਚ ਉਨ੍ਹਾਂ ਨੂੰ ਬਾਜ਼ਾਰ ਤੋਂ ਹਟਾਉਣਾ ਪੈਂਦਾ ਹੈ। ਉਨ੍ਹਾਂ ਕਿਹਾ ਕਿ ਇਸ ਪ੍ਰੋਗਰਾਮ ਤਹਿਤ ਬੱਚੇ ਕੱਚੇ ਮਾਲ ਤੋਂ ਸਾਮਾਨ ਤਿਆਰ ਕਰਦੇ ਹਨ ਅਤੇ ਉਨ੍ਹਾਂ ਨੂੰ ਬਾਜ਼ਾਰ ਵਿੱਚ ਪੇਸ਼ ਕਰਦੇ ਹਨ। ਜਿਸਦੇ ਤਹਿਤ ਉਹ ਇਸ ਗੱਲ ਦਾ ਧਿਆਨ ਰੱਖਦਾ ਹੈ ਕਿ ਉਸ ਦੁਆਰਾ ਬਣਾਏ ਗਏ ਸਮਾਨ ਦੀ ਗੁਣਵੱਤਾ ਬਾਜ਼ਾਰ ਵਿੱਚ ਸਥਿਰ ਰਹੇ। ਆਪਣੇ ਉਤਪਾਦਾਂ ਦਾ ਨਿਰਮਾਣ ਕਰਨ ਤੋਂ ਬਾਅਦ, ਉਹ ਉਨ੍ਹਾਂ ਨੂੰ ਭਾਰਤੀ ਮਿਆਰ ਬਿਊਰੋ ਨੂੰ ਭੇਜਦੇ ਹਨ। ਉੱਥੋਂ ਪ੍ਰਵਾਨਗੀ ਮਿਲਣ ਤੋਂ ਬਾਅਦ ਹੀ, ਉਨ੍ਹਾਂ ਦੇ ਉਤਪਾਦਾਂ ‘ਤੇ ਮੋਹਰ ਲਗਾਈ ਜਾਂਦੀ ਹੈ ਅਤੇ ਉਹ ਉਨ੍ਹਾਂ ਨੂੰ ਬਾਜ਼ਾਰ ਵਿੱਚ ਲਾਂਚ ਕਰਦੇ ਹਨ। ਉਨ੍ਹਾਂ ਕਿਹਾ ਕਿ ਪੋਸਟਰ ਮੇਕਿੰਗ ਅਤੇ ਲਿਖਣ ਮੁਕਾਬਲੇ ਦੌਰਾਨ ਜੇਤੂਆਂ ਨੂੰ ਨਕਦ ਇਨਾਮ ਵੀ ਦਿੱਤੇ ਗਏ। ਜਿਸ ਤਹਿਤ ਭੂਮਿਕਾ ਅਤੇ ਕਾਜਲ ਨੇ ਪਹਿਲਾ ਸਥਾਨ, ਜੈਸਮੀਨ ਅਤੇ ਭਾਵਨਾ ਨੇ ਦੂਜਾ ਸਥਾਨ ਅਤੇ ਜੈਲ ਜੋਬੀ ਅਤੇ ਮਨਜੀਤ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਜਦੋਂ ਕਿ ਮੁਸਕਾਨ ਅਤੇ ਕਸ਼ਿਸ਼ ਨੂੰ ਦਿਲਾਸਾ ਇਨਾਮ ਮਿਲੇ। ਪ੍ਰਿੰਸੀਪਲ ਅਸ਼ੋਕ ਕੁਮਾਰ ਅਤੇ ਮੈਡਮ ਮਨਜੀਤ ਕੌਰ ਨੇ ਜੇਤੂਆਂ ਨੂੰ ਨਕਦ ਇਨਾਮ ਵੰਡੇ। ਇਸ ਮੌਕੇ ਲੈਕਚਰਾਰ ਸੰਦੀਪ ਸੂਦ ਵੀ ਮੌਜੂਦ ਸਨ।

# ਵਕੀਲ ਭਾਈਚਾਰਾ ਪੰਜਾਬ ਅਤੇ ਲੋਕਾਂ ਦੇ ਮਸਲਿਆਂ ਦੀ ਵਕਾਲਤ ਕਰੇ: ਬਰਿੰਦਰ ਕੁਮਾਰ ਗੋਇਲ

## ਦਰਿਆਵਾਂ ਅਤੇ ਨਹਿਰੀ ਪਾਣੀ ਦੇ ਨਾਲ ਨਾਲ, ਪੰਜਾਬ ਸਰਕਾਰ ਦੀ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਵੀ ਤਰਜ਼ੀਹ: ਜਲ ਸਰੋਤ ਮੰਤਰੀ , ਕਿਹਾ ! ਪੰਜਾਬ ਦੇ ਦਰਪੇਸ਼ ਕਈ ਮਸਲਿਆਂ ਨੂੰ ਹੱਲ ਕਰਵਾਉਣ ਲਈ ਪੰਜਾਬ ਸਰਕਾਰ ਕਈ ਫਰੰਟਾਂ ਉੱਤੇ ਲੜਾਈ ਲੜ ਰਹੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਦਲਜੀਤ ਕੌਰ

ਸੁਨਾਮ, 13 ਮਈ, 2025: ਪੰਜਾਬ ਦੇ ਜਲ ਸਰੋਤ ਅਤੇ ਭੂਮੀ ਰੱਖਿਆ ਸੰਭਾਲ ਵਿਭਾਗ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਸੂਬੇ ਦੇ ਵਕੀਲ ਭਾਈਚਾਰੇ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੀ ਡਿਊਟੀ ਨਿਭਾਉਂਦੇ ਹੋਏ ਪੰਜਾਬ ਅਤੇ ਇੱਥੋਂ ਦੇ ਲੋਕਾਂ ਨਾਲ ਸੰਬੰਧਤ ਮਸਲਿਆਂ ਦੀ ਹਰੇਕ ਪੱਧਰ ਉੱਤੇ ਵਕਾਲਤ ਕਰਨ। ਇਸ ਤਰ੍ਹਾਂ ਕਰਕੇ ਉਹ ਸੂਬੇ ਦੇ ਸਰਬਪੱਖੀ ਵਿਕਾਸ ਅਤੇ ਹਿੱਤਾਂ ਦੀ ਰਾਖੀ ਕਰਨ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਨ। ਉਹ ਅੱਜ ਬਾਰ ਐਸੋਸੀਏਸ਼ਨ ਸੁਨਾਮ ਵੱਲੋਂ ਕਰਵਾਏ ਗਏ ਸਨਮਾਨ ਸਮਾਰੋਹ ਨੂੰ ਸੰਬੋਧਨ ਕਰ ਰਹੇ ਸਨ। ਦੱਸਣਯੋਗ ਹੈ ਕਿ ਕੁਝ ਦਿਨ ਪਹਿਲਾਂ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਆਪਣੇ ਅਖ਼ਤਿਆਰੀ ਕੋਟੇ ਵਿੱਚੋਂ ਬਾਰ ਐਸੋਸੀਏਸ਼ਨ ਨੂੰ 5 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ ਸੀ, ਜਿਸ ਦੇ ਸ਼ੁਕਰਾਨੇ ਵਜੋਂ ਐਸੋਸੀਏਸ਼ਨ ਵੱਲੋਂ ਇਹ ਸਮਾਗਮ ਰੱਖਿਆ ਗਿਆ ਸੀ।

ਸਮਾਗਮ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਪੰਜਾਬ ਦੇ ਦਰਪੇਸ਼ ਅੱਜ ਕਈ ਮਸਲੇ ਹਨ, ਜਿੰਨਾ ਨੂੰ ਹੱਲ ਕਰਵਾਉਣ ਲਈ ਪੰਜਾਬ ਸਰਕਾਰ ਕਈ ਫਰੰਟਾਂ ਉੱਤੇ ਲੜਾਈ ਲੜ ਰਹੀ ਹੈ। ਉਹਨਾਂ ਕਿਹਾ ਕਿ ਚਾਹੇ ਉਹ ਪੰਜਾਬ ਦੇ ਪਾਣੀਆਂ ਦੀ ਲੜਾਈ ਹੋਵੇ, ਚਾਹੇ ਉਹ ਨਸ਼ਿਆਂ ਦੇ ਖਾਤਮੇ ਦੀ ਲੜਾਈ ਹੋਵੇ ਜਾਂ ਫਿਰ ਸਾਰੇ ਖੇਤਾਂ ਨੂੰ ਨਹਿਰੀ ਪਾਣੀ ਨਾਲ ਜੋੜ ਕੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਦੀ ਲੜਾਈ ਹੋਵੇ। ਇਹਨਾਂ ਸਾਰੇ ਮਸਲਿਆਂ ਦੇ ਹੱਲ ਲਈ ਵਕੀਲ ਭਾਈਚਾਰਾ ਵੱਡਾ ਯੋਗਦਾਨ ਪਾ ਸਕਦਾ ਹੈ। ਉਹਨਾਂ ਵਕੀਲਾਂ ਨੂੰ ਸੱਦਾ ਦਿੱਤਾ ਕਿ ਉਹ ਹਰੇਕ ਉਚਿਤ ਪਲੇਟਫਾਰਮ ਉੱਤੇ ਪੰਜਾਬ ਅਤੇ ਇੱਥੋਂ ਦੇ ਲੋਕਾਂ ਨਾਲ ਜੁੜੇ ਮਸਲਿਆਂ ਦੀ ਤਰਜ਼ਮਾਨੀ ਕਰਨ।

ਉਹਨਾਂ ਕਿਹਾ ਕਿ ਅੱਜ ਪੰਜਾਬ ਜਿੱਥੇ ਦਰਿਆਵਾਂ ਅਤੇ ਨਹਿਰਾਂ ਦੇ ਪਾਣੀ ਨੂੰ ਬਚਾਉਣ ਲਈ ਕੇਂਦਰ ਅਤੇ ਹੋਰ ਸੂਬਿਆਂ ਨਾਲ ਲੜਾਈ ਲੜ ਰਿਹਾ ਹੈ ਉਥੇ ਹੀ ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਦਿਨੋਂ ਦਿਨ ਘੱਟਦੇ ਜਾ ਰਹੇ ਧਰਤੀ ਹੇਠਲੇ ਪਾਣੀ ਨੂੰ ਵੀ ਬਚਾਇਆ ਜਾਵੇ। ਇਸੇ ਲਈ ਹੀ ਵੱਧ ਤੋਂ ਵੱਧ ਖੇਤੀਬਾੜੀ ਵਾਲੇ ਰਕਬੇ ਨੂੰ ਨਹਿਰੀ ਪਾਣੀ ਦੀ ਸਹੂਲਤ ਨਾਲ ਜੋੜਿਆ ਜਾ ਰਿਹਾ ਹੈ। ਇਹ ਪਹਿਲੀ ਵਾਰ ਹੈ ਕਿ ਇਸ ਕੰਮ ਲਈ ਪੰਜਾਬ ਸਰਕਾਰ ਵੱਲੋਂ 4557 ਕਰੋੜ ਰੁਪਏ ਖਰਚੇ ਜਾ ਰਹੇ ਹਨ।

ਉਹਨਾਂ ਕਿਹਾ ਕਿ ਮੀਂਹ ਦੇ ਪਾਣੀ ਅਤੇ ਨਹਿਰਾਂ ਦੇ ਫਜ਼ੂਲ ਹੁੰਦੇ ਪਾਣੀ ਨੂੰ ਬਚਾਉਣ ਵਾਸਤੇ ਵਿਸ਼ੇਸ਼ ਯਤਨ ਕੀਤੇ ਜਾ ਰਹੇ ਹਨ। ਵਾਟਰ ਰੀਚਾਰਜ਼ ਤਕਨੀਕਾਂ ਨੂੰ ਅਪਣਾਇਆ ਜਾ ਰਿਹਾ ਹੈ। ਪਹਿਲਾਂ ਜਿਹੜਾ ਪਾਣੀ ਵਿਅਰਥ ਚਲਾ ਜਾਂਦਾ ਸੀ, ਉਹ ਹੁਣ ਖੇਤਾਂ ਨੂੰ ਮਿਲਣ ਲੱਗਾ ਹੈ। ਉਹਨਾਂ ਫਿਰ ਸਪੱਸ਼ਟ ਕੀਤਾ ਕਿ ਪੰਜਾਬ ਕੋਲ ਕਿਸੇ ਹੋਰ ਸੂਬੇ ਨੂੰ ਦੇਣ ਲਈ ਫਾਲਤੂ ਪਾਣੀ ਨਹੀਂ ਹੈ।

ਇਥੇ ਇਹ ਵੀ ਦੱਸਣਯੋਗ ਹੈ ਕਿ ਸ਼੍ਰੀ ਬਰਿੰਦਰ ਕੁਮਾਰ ਗੋਇਲ ਸਾਲ 1983 ਤੋਂ ਲਗਾਤਾਰ ਕਈ ਸਾਲ ਬਾਰ ਐਸੋਸੀਏਸ਼ਨ ਸੁਨਾਮ ਦੇ ਪ੍ਰਧਾਨ ਵੀ ਰਹੇ। ਇਸ ਸਮਾਗਮ ਦੌਰਾਨ ਉਹਨਾਂ ਪੁਰਾਣੇ ਸਮੇਂ ਅਤੇ ਯਾਦਾਂ ਨੂੰ ਤਾਜ਼ਾ ਕੀਤਾ। ਉਹਨਾਂ ਬਾਰ ਐਸੋਸੀਏਸ਼ਨ ਸੁਨਾਮ ਨੂੰ ਭਰੋਸਾ ਦਿੱਤਾ ਕਿ ਉਹਨਾਂ ਨੂੰ ਜਲਦ ਹੀ ਬਾਰ ਰੂਮ ਅਤੇ ਨਵੇਂ ਚੈਂਬਰਾਂ ਲਈ ਢੁੱਕਵੀਂ ਜਗ੍ਹਾ ਮੁਹਈਆ ਕਰਵਾ ਦਿੱਤੀ ਜਾਵੇਗੀ। ਇਸ ਮੌਕੇ ਉਹਨਾਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।

ਇਸ ਮੌਕੇ ਉਹਨਾਂ ਨਾਲ ਸੁਨਾਮ ਦੇ ਐੱਸ ਡੀ ਐੱਮ ਸ਼੍ਰੀ ਪ੍ਰਮੋਦ ਸਿੰਗਲਾ, ਡੀ ਐੱਸ ਪੀ ਸ੍ਰ ਹਰਵਿੰਦਰ ਸਿੰਘ ਖਹਿਰਾ, ਐਡਵੋਕੇਟ ਸ਼੍ਰੀ ਗੌਰਵ ਗੋਇਲ, ਪ੍ਰਧਾਨ ਐਡਵੋਕੇਟ ਕਰਨਬੀਰ ਵਸ਼ਿਸ਼ਟ, ਐਡਵੋਕੇਟ ਗੁਪਿੰਦਰ ਭਾਰਦਵਾਜ, ਐਡਵੋਕੇਟ ਅਨਿਲ ਸਿੰਗਲਾ, ਐਡਵੋਕੇਟ ਤੇਜਪਾਲ ਭਾਰਦਵਾਜ, ਐਡਵੋਕੇਟ ਕ੍ਰਿਸ਼ਨ ਸਿੰਘ ਭੁਟਾਲ, ਐਡਵੋਕੇਟ ਸੰਪੂਰਨ ਸਿੰਘ ਲਖਮੀਰਵਾਲਾ, ਐਡਵੋਕੇਟ ਹਰਦੀਪ ਸਿੰਘ ਭਰੂਰ, ਐਡਵੋਕੇਟ ਹਰਿੰਦਰ ਸਿੰਘ ਲਾਲੀ ਅਤੇ ਹੋਰ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਜਸਪ੍ਰੀਤ ਦੇ ਝੂਠੇ ਪੁਲਿਸ ਮੁਕਾਬਲੇ ਦਾ ਇਨਸਾਫ ਹੋਵੇਗਾ, ਕਾਨੂੰਨ ਤੇ ਭਰੋਸਾ -ਜਸਪ੍ਰੀਤ ਦੇ ਪਿਤਾ

## ਪੀੜਤ ਪਰਿਵਾਰ ਨੂੰ ਇਨਸਾਫ ਦਵਾਉਣ ਲਈ ਇਨਸਾਫ ਪਸੰਦ ਜਥੇਬੰਦੀਆਂ ਅਤੇ ਆਮ ਲੋਕਾਂ ਨੂੰ ਜਸਪ੍ਰੀਤ ਦੇ ਪਰਿਵਾਰ ਦਾ ਸਾਥ ਦੇਣਾ ਚਾਹੀਦਾ ਹੈ- ਕਾਲੀ ਪਾਇਲ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਪਿੰਡ ਸੀਹਾਂ ਦੌਂਦ ਵਿੱਚ ਬੱਚਾ ਅਗਵਾਹ ਕਾਂਡ ਦੀ ਆੜ ਹੇਠ ਪਿੰਡ ਸੀਹ ਦੌਂਦ ਦੇ ਹੀ ਇਕ ਨੌਜਵਾਨ ਤੇ ਅਗਵਾਹ ਕਰਨ ਦੇ ਦੋਸ਼ ਲੱਗੇ ਸਨ ਅਤੇ 24 ਘੰਟੇ ਦੇ ਅੰਦਰ ਅੰਦਰ ਜਸਪ੍ਰੀਤ ਜੋ ਕਿ ਐਨ ਆਰ ਆਈ ਸੀ ਉਸ ਦਾ ਪੁਲਿਸ ਵੱਲੋਂ ਮੁਕਾਬਲਾ ਵਿੱਚ ਮਾਰਨ ਦਾ ਦਾਅਵਾ ਕੀਤਾ ਸੀ,ਪੀੜਤ ਪਰਿਵਾਰ ਨੇ ਉਸਨੂੰ ਝੂਠਾ ਪੁਲਿਸ ਮੁਕਾਬਲਾ ਦੱਸਿਆ ਅਤੇ ਹਾਈਕੋਰਟ ਵਿੱਚ ਰਿੱਟ ਦਾਇਰ ਕੀਤੀ ਹੈ ਤਾਂ ਜੋ ਇਸ ਸਾਰੇ ਮਾਮਲੇ ਦੀ ਜਾਂਚ ਸੀਬੀਆਈ ਤੋਂ ਕਰਵਾਈ ਜਾਵੇ ਜਿਸ ਨਾਲ ਦੁੱਧ ਦਾ ਦੁੱਧ ਪਾਣੀ ਦਾ ਪਾਣੀ ਹੋ ਸਕੇ, ਇਹ ਮੁਕਾਬਲਾ ਹੋਇਆ ਹੈ ਜਾਂ ਸਾਡੇ ਪੁੱਤਰ ਨੂੰ ਫੜ ਕੇ ਮਾਰਿਆ ਗਿਆ ਹੈ ਇਹਨਾਂ ਗੱਲਾਂ ਦਾ ਪ੍ਰਗਟਾਵਾ ਮੁਕਾਬਲੇ ਵਿੱਚ ਮਾਰੇ ਗਏ ਜਸਪ੍ਰੀਤ ਦੇ ਪੀੜਿਤ ਪਰਿਵਾਰ ਨੇ ਹਲਕੇ ਦੇ ਉੱਘੇ ਸਮਾਜ ਸੇਵੀ ਗੁਰਦੀਪ ਸਿੰਘ ਕਾਲੀ ਵੱਲੋਂ ਉਹਨਾਂ ਦੇ ਘਰ ਵਿੱਚ ਪਰਿਵਾਰ ਨਾਲ ਮੁਲਾਕਾਤ ਕਰਨ ਵੇਲੇ ਕਹੇ, ਪੀੜਤ ਪਰਿਵਾਰ ਤੇ ਪਿਤਾ ਲਖਵਿੰਦਰ ਸਿੰਘ ਨੇ ਕਿਹਾ ਕਿ ਸਾਡੇ ਉੱਤੇ ਬਹੁਤ ਜਿਆਦਾ ਦਬਾਅ ਬਣਾਇਆ ਜਾ ਰਿਹਾ ਹੈ ਤਾਂ ਜੋ ਇਹ ਇਨਕੁਇਰੀ ਨਾ ਹੋ ਸਕੇ ਪ੍ਰੰਤੂ ਜਿਸ ਤਰਹਾਂ ਪੰਜਾਬ ਦੇ ਲੋਕ ਚਾਹੁੰਦੇ ਹਨ ਕਿ ਇਸ ਝੂਠੇ ਮੁਕਾਬਲੇ ਦਾ ਪਰਦਾਫਾਸ ਹੋਵੇ ਅਤੇ ਲੋਕ ਸਾਡਾ ਸਾਥ ਦੇ ਰਹੇ ਹਨ ਅਸੀਂ ਪਿੱਛੇ ਨਹੀਂ ਹਟਾਂਗੇ

ਇਸ ਮੌਕੇ ਉੱਘੇ ਸਮਾਜ ਸੇਵੀ ਅਤੇ ਵਿਧਾਨ ਸਭਾ ਪਾਇਲ ਤੋਂ ਆਜ਼ਾਦ ਚੋਣ ਲੜ ਚੁੱਕੇ ਗੁਰਦੀਪ ਸਿੰਘ ਕਾਲੀ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੇ ਤਿੰਨ ਪੁਲਿਸ ਜ਼ਿਲ੍ਹੇ ਮਲੇਰਕੋਟਲਾ,ਖੰਨਾ ਅਤੇ ਪਟਿਆਲਾ ਵੱਲੋਂ ਜੋ ਇਹ ਮੁਕਾਬਲਾ ਕੀਤਾ ਗਿਆ ਲੋਕਾਂ ਨੂੰ ਇਹ ਹਜਮ ਨਹੀਂ ਹੋ ਰਿਹਾ ਕਿ ਇਹ ਮੁਕਾਬਲਾ ਸਹੀ ਹੋਇਆ ਸੀ ਲੋਕ ਪਰਿਵਾਰ ਵੱਲੋਂ ਇਨਸਾਫ ਲੈਣ ਲਈ ਉੱਠਣ ਦੀ ਉਡੀਕ ਕਰ ਰਹੇ ਸਨ ਹੁਣ ਪੂਰਾ ਪੰਜਾਬ ਇਹਨਾਂ ਦੇ ਨਾਲ ਖੜਾ ਹੈ,ਪੀੜਤ ਪਰਿਵਾਰ ਨੂੰ ਇਨਸਾਫ ਦਵਾਉਣ ਲਈ ਇਨਸਾਫ ਪਸੰਦ ਜਥੇਬੰਦੀਆਂ ਅਤੇ ਆਮ ਲੋਕਾਂ ਨੂੰ ਜਸਪ੍ਰੀਤ ਦੇ ਪਰਿਵਾਰ ਦਾ ਸਾਥ ਦੇਣਾ ਚਾਹੀਦਾ ਹੈ, ਅੱਜ ਸਾਡੀਆਂ ਜਥੇਬੰਦੀਆਂ ਵੱਲੋਂ ਉਹਨਾਂ ਦੇ ਪਰਿਵਾਰ ਨੂੰ ਮਿਲ ਕੇ ਇਹ ਭਰੋਸਾ ਦਵਾਇਆ ਗਿਆ ਹੈ ਕਿ ਉਹ ਪਰਿਵਾਰ ਦੇ ਨਾਲ ਹਨ, ਜਲਦ ਹੀ ਇਨਸਾਫ ਪਸੰਦ ਜਥੇਬੰਦੀਆਂ ਨੂੰ ਇਕੱਠੇ ਕਰਕੇ ਹਲਕੇ ਅੰਦਰ ਇਕ ਲੋਕ ਲਹਿਰ ਖੜੀ ਕੀਤੀ ਜਾਵੇਗੀ ਤਾਂ ਜੋ ਪੁਲਿਸ ਜੋ ਝੂਠੇ ਮੁਕਾਬਲੇ ਬਣਾ ਕੇ ਲਗਾਤਾਰ ਪੰਜਾਬ ਦੀ ਜਵਾਨੀ ਅਤੇ ਸਿੱਖਾਂ ਨੂੰ ਟਾਰਗੇਟ ਕਰ ਰਹੀ ਹੈ ਉਸ ਨੂੰ ਠੱਲ ਪਾਈ ਜਾ ਸਕੇ ਅਤੇ ਪੰਜਾਬ ਦੀ ਜਵਾਨੀ ਨੂੰ ਬਚਾਇਆ ਜਾ ਸਕੇ ਲੋਕਾਂ ਨੂੰ ਵੀ ਆਪਣੇ ਪੁੱਤ ਮਰਵਾਉਣ ਤੋਂ ਬਚਾਉਣ ਲਈ ਸੜਕਾਂ ਤੇ ਉਤਰਨਾ ਚਾਹੀਦਾ ਹੈ ਤਾਂ ਜੋ ਇਹ ਝੂਠੇ ਮੁਕਾਬਲੇ ਪੰਜਾਬ ਦੀ ਧਰਤੀ ਤੋਂ ਸਦਾ ਲਈ ਖਤਮ ਹੋ ਜਾਣ ਇਸ ਮੌਕੇ ਜੋਰਾ ਸਿੰਘ ਚੀਮਾ ਅਤੇ ਜਸਪ੍ਰੀਤ ਦੇ ਦਾਦਾ ਜਸਵਿੰਦਰ ਸਿੰਘ ਅਤੇ ਪਰਿਵਾਰਕ ਮੈਂਬਰ ਸ਼ਾਮਿਲ ਸਨ।

# ਹਲਕਾ ਮਜੀਠਾ ਦੇ ਪਿੰਡਾਂ 'ਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਜਾਨਾਂ ਗਵਾਉਣ ਵਾਲੇ ਪੀੜਤਾਂ ਦੇ ਪਰਿਵਾਰਾਂ ਨੂੰ ਮਿਲਦੇ ਹੋਏ ਪੰਜਾਬ ਦੇ ਮੁੱਖ ਮੰਤਰੀ

## ਭਗਵੰਤ ਸਿੰਘ ਮਾਨ ਵੱਲੋਂ 10-10 ਲੱਖ ਰੁਪਏ ਦੀ ਆਰਥਿਕ ਸਹਾਇਤਾ ਦੇਣਾ ਅਤੇ ਵਿਰੋਧੀਆਂ ਵਿਰੁੱਧ ਕਾਰਵਾਈ ਤੇ ਬਣਦੀ ਕਾਰਵਾਈ ਕਾਰਨ ਪ੍ਰਸੰਸਾ ਦਾ ਵਿਸ਼ਾ ਹੈ- ਕੋਮਲ ਮਲਿਕ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

13ਮਈ (ਬੇਅੰਤ ਸਿੰਘ ਰੋਹਟੀ ਖਾਸ) ਮਾਨਵ ਸੇਵਾ ਵੈਲਫੇਅਰ ਯੂਥ ਕਲੱਬ ਖਨੌਰੀ ਖ਼ੁਰਦ ਦੇ ਪ੍ਰਧਾਨ ਕੋਮਲ ਮਲਿਕ ਨੇ ਪੱਤਰਕਾਰਾਂ ਨਾਲ਼ ਗੱਲਬਾਤ ਕਰਦਿਆ ਮਜੀਠਾ ਹਲਕੇ ਵਿੱਚ ਜੋਂ ਨਕਲ਼ੀ ਅਤੇ ਜ਼ਹਿਰੀਲੀ ਸ਼ਰਾਬ ਕਾਰਨ ਮੋਤਾ ਹੋਈਆ ਹਨ। ਓਹ ਕਿਸੇ ਸ਼ਰਮਨਾਕ ਘਟਨਾ ਤੋਂ ਘੱਟ ਨਹੀਂ। ਪਰ ਇਹਨਾਂ ਦੋਸ਼ੀਆ ਨੂੰ ਪੰਜ਼ਾਬ ਸਰਕਾਰ ਵੱਲੋ ਗਗਿਰਫ਼ਤਾਰ ਕਰਕੇ ਲਗਾਤਾਰ ਕਾਰਵਾਈ ਹੋ ਰਹੀ ਹੈ। ਜਿਹੜੇ ਵੀ ਅਧਿਕਾਰੀ ਲਾਪਰਵਾਹੀ ਵਰਤਣ ਵਾਲੇ ਹਨ ਓਹਨਾਂ ਨੂੰ ਸਸਪੈਂਡ ਵੀ



ਕੀਤਾ ਗਿਆ ਹੈ। ਲੋਕਾਂ ਨੂੰ ਸ਼ਰਾਬ ਦੇ ਨਾਮ 'ਤੇ ਜ਼ਹਿਰ ਵੇਚਣ ਵਾਲੇ ਭਾਵੇਂ ਕਿੰਨੇ ਹੀ ਵੱਡੇ ਰਸੂਖਦਾਰ ਹੋਣ ਪੰਜ਼ਾਬ ਸਰਕਾਰ ਓਹਨਾਂ ਨੂੰ ਕਦੇ ਵੀ ਮੁਆਫ਼ ਨਹੀਂ ਕਰੇਗੀ। ਇਸ ਮੌਕੇ ਕੌਮਲ ਮਲਿਕ ਪਨੇਂ ਦੱਸਿਆ ਕਿ ਆਪ ਦੀ ਇਮਾਨਦਾਰੀ ਵਾਲ਼ੀ ਸਰਕਾਰ ਨੇਂ ਮੌਕੇ ਤੇ ਹੀ ਗ਼ਰੀਬ ਲੋਕਾਂ ਨੂੰ ਆਰਥਿੱਕ ਸਹਾਇਤਾ ਦੇਣ ਲ ਜ਼ਿਲ੍ਹੇ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਘਰ-ਘਰ ਜਾ ਕੇ ਫਾਈਲਾਂ ਤਿਆਰ ਕਰਨ, ਜਾਨ ਗੁਆਉਣ ਵਾਲੇ ਹਰੇਕ ਪਰਿਵਾਰ ਨੂੰ ਸਰਕਾਰ ਵੱਲੋਂ ਆਰਥਿਕ ਸਹਾਇਤਾ ਵਜੋਂ 10-10 ਲੱਖ ਰੁਪਏ ਤੇ ਹਰ ਸੰਭਵ ਮਦਦ ਅਤੇ ਸਹਿਯੋਗ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਓਹਨਾਂ ਨੇ ਕਿਹਾ ਕਿ ਚਾਏ ਮਸਲਾ ਪਾਣੀ ਦਾ ਹੋਵੇ ਯਾਂ ਫ਼ਿਰ ਕੋਈ ਕਿਸੇ ਗ਼ਰੀਬ ਦੀ ਮਦਦ ਕਰਨਾ ਹੋਵੇ ਆਪ ਸਰਕਾਰ ਬਿਨਾ ਕਿਸੇ ਸਵਾਰਥ ਤੋਂ ਇਮਾਨਦਾਰੀ ਨਾਲ਼ ਕੰਮ ਕਰਨ ਵਾਲ਼ੀ ਪਹਿਲੀ ਪਾਰਟੀ ਸਾਬਿਤ ਹੋਈ ਹੈ।

# ਅਕੈਡਮਿਕ ਵਰਲਡ ਸਕੂਲ ਖੋਖਰ ਦਾ 10ਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਲਹਿਰਾਗਾਗਾ,13 ਮਈ ( ਜਗਸੀਰ ਲੌਂਗੋਵਾਲ)-

ਸੀਬੀਐਸਈ ਵਲੋਂ ਘੋਸ਼ਿਤ ਕੀਤੇ 10ਵੀਂ ਜਮਾਤ ਦੇ ਨਤੀਜੇ ਵਿੱਚ ਅਕੈਡਮਿਕ ਵਰਲਡ ਸਕੂਲ ਖੋਖਰ ਦਾ ਨਤੀਜਾ 100 ਫ਼ੀਸਦ ਰਿਹਾ । ਜਿਸ ਵਿੱਚ ਵਿਦਿਆਰਥੀਆਂ ਨੇ ਬਹੁਤ ਚੰਗਾ ਪ੍ਰਦਰਸ਼ਨ ਕੀਤਾ। ਇਨਾਇਆ ਅਗਰਵਾਲ ਪੁੱਤਰੀ ਅਮਨ ਜਿੰਦਲ ਨੇ 96% ਹਾਸਲ ਕਰਕੇ ਪਹਿਲਾ ਸਥਾਨ ਹਾਸਿਲ ਕੀਤਾ , ਰਾਜਿੰਦਰ ਸਿੰਘ ਪੁੱਤਰ ਮੋਹਨ ਸਿੰਘ ਨੇ 95.2% ਹਾਸਲ ਕਰਕੇ ਦੂਸਰਾ ਸਥਾਨ ਹਾਸਿਲ ਕੀਤਾ ਅਤੇ ਜਾਨਵੀ ਅਗਰਵਾਲ ਪੁੱਤਰ ਸੋਮ ਨਾਥ ਵਾਸੀ ਲਹਿਰਾ 92.4% ਲੈ ਕੇ ਨੇ ਤੀਸਰਾ ਸਥਾਨ ਹਾਸਿਲ ਕੀਤਾ। ਏਕਮਜੋਤ ਸਿੰਘ ਪੁੱਤਰ ਜਗਦੀਪ ਸਿੰਘ ਵਾਸੀ ਟੋਹਾਣਾ ਨੇ 89% ਲੈ ਕੇ ਚੌਥਾ ਸਥਾਨ ਹਾਸਲ । ਦਿਸ਼ਾਤ ਗੋਇਲ ਪੁੱਤਰ




ਵਚਨ ਦੇਵ ਨੇ 86.2% ਨੇ ਪੰਜਬਾ ਸਥਾਨ ਹਾਸਲ ਕੀਤਾ| ਇਸ ਤੋਂ ਇਲਾਵਾ ਗਗਨਦੀਪ ਕੌਰ ਪੁੱਤਰੀ ਮਨਪ੍ਰੀਤ ਸਿੰਘ ਨੇ 84.6% , ਪ੍ਰਦੀਪ ਕੌਰ ਪੁੱਤਰੀ ਅਮਨਦੀਪ ਸਿੰਘ ਨੇ 84.6 %, ਖੁਸ਼ਪ੍ਰੀਤ ਕੌਰ ਪੁੱਤਰੀ ਹਰਨੇਕ ਸਿੰਘ ਨੇ 84.6%, ਕਰੀਤਿਕਾ ਪੁੱਤਰੀ ਸੰਜੈ ਜਿੰਦਲ ਨੇ 84.6%, ਮੰਨਤ ਪੁੱਤਰੀ ਭਰਤ ਭੂਸ਼ਨ ਨੇ 84.2%, , ਯਸ਼ਨੂਰ ਕੁਮਾਰ ਪੁੱਤਰ ਦਿਨੇਸ਼ ਕੁਮਾਰ ਨੇ 83.4% , ਦੀਪਸ਼ਿਖਾ ਪੁੱਤਰੀ ਅਸ਼ਵਨੀ ਸਿੰਗਲਾ ਨੇ 82.2%, ਜਸ਼ਨਦੀਪ ਕੌਰ ਪੁੱਤਰੀ ਦਰਸ਼ਨ ਸਿੰਘ ਨੇ 82%, ਸੁਖਮਨੀ ਪੁੱਤਰੀ ਅਮਨਦੀਪ ਸਿੰਘ ਨੇ 82%, ਵਰਸ਼ਾ ਦੇਵੀ ਪੁੱਤਰੀ ਜਨਕ ਰਾਜ ਨੇ 81.6%, ਖੁਸ਼ਪ੍ਰੀਤ ਕੌਰ ਪੁੱਤਰੀ ਗੁਰਤੇਜ ਸਿੰਘ ਨੇ 81.6%, ਹਰਮਨਪ੍ਰੀਤ ਕੌਰ ਪੁੱਤਰੀ ਚਰਨਜੀਤ ਸਿੰਘ ਨੇ 81% , ਸ਼ਰਨਦੀਪ ਸਿੰਘ ਪੁੱਤਰੀ ਸੁਖਵੰਤ ਸਿੰਘ ਨੇ 80.8% ਅਤੇ ਯਸ਼ਪ੍ਰੀਤ ਕੌਰ ਨੇ 81% ਹਾਸਲ ਕੀਤੇ ਸਕੂਲ ਦੇ ਪ੍ਰਿੰਸਪਲ ਬਬੀ ਵਰਗੇਸ ਨੇ ਬੱਚਿਆਂ ਨੂੰ ਅਤੇ ਓਹਨਾ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ ਅਤੇ ਓਹਨਾ ਨੂੰ ਬੱਚਿਆਂ ਦੇ ਉੱਜਵਲ ਭਵਿੱਖ ਦੀਆਂ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਸਕੂਲ ਦੇ ਅਕੈਡਮਿਕ ਡਰੈਕਟਰ ਜਸਵਿੰਦਰ ਚੀਮਾਂ ਨੇ ਬੱਚਿਆਂ ਅਤੇ ਉਹਨਾਂ ਦੇ ਮਾਪਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਹੋਰ ਮਿਹਨਤ ਕਰਾ ਅਤੇ ਬੱਚੇ ਇਸ ਤੇ ਵੀ ਵੱਧ ਨੰਬਰ ਲੈ ਕੇ ਆਉਣਗੇ| ਇਸ ਮੌਕੇ ਸਕੂਲ ਚੇਅਰਮੈਨ ਸੰਜੇ ਸਿੰਗਲਾ ਨੇ ਬੱਚਿਆਂ ਨੂੰ ਓਹਨਾ ਦੇ ਮਾਤਾ ਪਿਤਾ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਓਹ ਇਸੇ ਤਰਾਂ ਸਖ਼ਤ ਮਿਹਨਤ ਕਰਕੇ ਆਪਣੇ ਮਾਤਾ ਪਿਤਾ , ਸਕੂਲ ਅਤੇ ਅਧਿਆਪਕਾਂ ਦਾ ਨਾਮ ਰੌਸ਼ਨ ਕਰਦੇ ਰਹਿਣ। ਇਸ ਮੌਕੇ ਚੇਅਰਮੈਨ ਸੰਜੈ ਸਿੰਗਲਾ ਨੇ ਬੱਚਿਆਂ ਦੇ ਅਧਿਆਪਕ ਸਾਹਿਬਾਨ ਗੁਰਵਿੰਦਰ, ਨੇਵੀ, ਸੁਰਭੀ, ਅਨੁਕੂਲ, ਮਹਿਕਪ੍ਰੀਤ ਨੂੰ ਵੀ ਵਧਾਈ ਦਿੱਤੀ|

# ਸੈਫਰਨ ਪਬਲਿਕ ਸਕੂਲ ਦੀ ਸੇਜਲ ਨੇ ਦਸਵੀਂ ਵਿੱਚ 96.6% ਅੰਕ ਪ੍ਰਾਪਤ ਕੀਤੇ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਫਗਵਾੜਾ (ਸ਼ਿਵ ਕੌੜਾ) ਸੈਫਰਨ ਪਬਲਿਕ ਸਕੂਲ ਦੀ ਸੇਜਲ ਨੇ ਦਸਵੀਂ ਸੀਬੀਐਸਈ ਦੀ ਪਰੀਖਿਆ ਵਿੱਚ 96.6% ਅੰਕ ਪ੍ਰਾਪਤ ਕਰਕੇ ਸਕੂਲ ਵਿੱਚ ਪਹਿਲਾ ਸਥਾਨ ਹਾਸਿਲ ਕੀਤਾ| ਅਰਮਾਨ ਸ਼ਰਮਾ ਨੇ 96.2% ਅੰਕ ਲੈ ਕੇ ਦੂਜਾ ਸਥਾਨ ਹਾਸਿਲ ਕੀਤਾ, ਜਦਕਿ ਨਵਦੀਪ ਕੌਰ ਨੇ 92.8% ਅੰਕ ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ।



ਸ਼ਗੁਨਪ੍ਰੀਤ ਕੌਰ ਨੇ 91.4%, ਨਮਨ ਸਿੰਘ ਸ਼ੇਰਗਿਲ ਨੇ 90.2%, ਸਮਰਦੀਪ ਸਿੰਘ ਨੇ 89.4%, ਮਨਰੂਪ ਕੌਰ ਨੇ 88.6%, ਖੁਸ਼ਮੀਤ ਨੇ 88.4%, ਨੀਤਿਕਾ ਸੰਧੂ ਨੇ 83.6% ਅਤੇ ਅਨੁਰੀਤ ਕੌਰ ਨੇ 81.2% ਅੰਕ ਪ੍ਰਾਪਤ ਕੀਤੇ। ਸਕੂਲ ਦਾ ਦਸਵੀਂ ਸੀਬੀਐਸਈ ਦਾ ਨਤੀਜਾ 100 ਫੀਸਦੀ ਰਿਹਾ।ਵਿਦਿਆਰਥੀਆਂ ਦੀ ਇਸ ਗੌਰਵਮਈ ਪ੍ਰਾਪਤੀ 'ਤੇ ਸਕੂਲ ਦੇ ਚੇਅਰਮੈਨ ਸਰ ਮਨਮੋਹਨ ਸਿੰਘ ਅਤੇ ਵਾਇਸ ਚੇਅਰਪ੍ਰਸਨ ਸ਼੍ਰੀਮਤੀ ਇੰਦਰਜੀਤ ਕੌਰ ਨੇ ਮਾਪਿਆਂ ਅਤੇ ਸਟਾਫ ਨੂੰ ਵਧਾਈ ਦਿੱਤੀ। ਉਹਨਾਂ ਕਿਹਾ ਕਿ ਅੱਜ ਸੈਫਰਨ ਪਬਲਿਕ ਸਕੂਲ ਕਿਸੇ ਪਰਚਿਆ ਦਾ ਮੋਹਤਾਜ ਨਹੀਂ ਹੈ। ਬੱਚਿਆਂ ਨੇ ਆਪਣੀ ਸਫਲਤਾ ਦਾ ਸ਼ਰੇਅ ਆਪਣੀ ਪ੍ਰਿੰਸੀਪਲ ਡਾ. ਸੰਦੀਪਾ ਸੂਦ ਨੂੰ ਦਿੱਤਾ, ਜਿਨ੍ਹਾਂ ਦੇ ਮਾਰਗਦਰਸ਼ਨ ਹੇਠ ਉਨ੍ਹਾਂ ਨੇ ਅਨੁਸ਼ਾਸਨ ਵਰਗੀਆਂ ਗੁਣਾਂ ਨੂੰ ਆਪਣੇ ਜੀਵਨ ਵਿੱਚ ਅਪਣਾਇਆ। ਉਨ੍ਹਾਂ ਆਪਣੇ ਯੋਗ ਅਧਿਆਪਕਾਂ ਪ੍ਰਤੀ ਵੀ ਆਭਾਰ ਵਿਅਕਤ ਕੀਤਾ, ਜਿਨ੍ਹਾਂ ਦੀ ਮਿਹਨਤ ਅਤੇ ਪ੍ਰੇਰਨਾ ਨਾਲ ਉਨ੍ਹਾਂ ਨੂੰ ਇਹ ਚੰਗਾ ਨਤੀਜਾ ਮਿਲਿਆ।ਪ੍ਰਿੰਸੀਪਲ ਡਾ. ਸੰਦੀਪਾ ਸੂਦ ਨੇ ਬੱਚਿਆਂ ਨੂੰ ਆਸ਼ੀਰਵਾਦ ਦਿੰਦਿਆਂ ਉਨ੍ਹਾਂ ਦੇ ਉਜਲੇ ਭਵਿੱਖ ਦੀ ਕਾਮਨਾ ਕੀਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਧਾਰਨ ਕੀਤੇ ਗਏ ਸੰਸਕਾਰ ਹੀ ਭਵਿੱਖ ਦੇ ਜੀਵਨ ਦੀ ਨੀਂਹ ਬਣਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਮਿਹਨਤ ਨਾਲ ਜੀਵਨ ਵਿੱਚ ਅੱਗੇ ਵਧਣ ਦੀ ਪ੍ਰੇਰਣਾ ਦਿੱਤੀ।

# ਸੀ.ਬੀ.ਐਸ.ਈ. ਬੋਰਡ 10+2 ਪ੍ਰੀਖਿਆ 'ਚ ਡਿਵਾਈਨ ਪਬਲਿਕ ਸਕੂਲ ਦਾ ਨਤੀਜਾ ਰਿਹਾ ਸ਼ਾਨਦਾਰ

## * ਪ੍ਰਿੰਸੀਪਲ ਰੇਣੂ ਠਾਕੁਰ ਤੇ ਚੇਅਰਮੈਨ ਪੰਕਜ ਕਪੂਰ ਨੇ ਦਿੱਤਾ ਅਸ਼ੀਰਵਾਦ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਫਗਵਾੜਾ 13 ਮਈ (ਸ਼ਿਵ ਕੌੜਾ) ਸੀ.ਬੀ.ਐਸ.ਈ. ਬੋਰਡ 10+2 ਦੀ ਸਾਲਾਨਾ ਪ੍ਰੀਖਿਆ 'ਚ ਡਿਵਾਈਨ ਪਬਲਿਕ ਸਕੂਲ ਦਾ ਨਤੀਜਾ ਹਮੇਸ਼ਾ ਵਾਂਗ ਸ਼ਾਨਦਾਰ ਰਿਹਾ ਹੈ। ਸਕੂਲ ਪ੍ਰਿੰਸੀਪਲ ਰੇਣੂ ਠਾਕੁਰ ਨੇ ਦੱਸਿਆ ਕਿ ਨਾਨ-ਮੈਡੀਕਲ ਗਰੁੱਪ ਵਿੱਚ ਪ੍ਰੀਤਾਂਸ਼ ਨੇ 91 ਪ੍ਰਤੀਸ਼ਤ ਅੰਕਾਂ ਨਾਲ ਪਹਿਲਾ ਸਥਾਨ, ਪ੍ਰਣਵੀ ਨੇ 88.4 ਪ੍ਰਤੀਸ਼ਤ ਅੰਕਾਂ ਨਾਲ ਦੂਜਾ ਸਥਾਨ ਅਤੇ ਮੰਨਤ ਨੇ 84.2 ਪ੍ਰਤੀਸ਼ਤ ਅੰਕਾਂ ਨਾਲ ਸਕੂਲ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਮੈਡੀਕਲ ਗਰੁੱਪ ਵਿੱਚ, ਵੈਭਵ ਨੇ 90.4



ਪ੍ਰਤੀਸ਼ਤ, ਏਂਜਲ ਨੇ 75 ਪ੍ਰਤੀਸ਼ਤ ਅਤੇ ਪ੍ਰੇਰਕ ਨੇ 66 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਕਾਮਰਸ ਗਰੁੱਪ ਵਿੱਚ ਸਤਿੰਦਰ ਨੇ 85 ਪ੍ਰਤੀਸ਼ਤ, ਹਾਂਸੀ ਨੇ 75 ਪ੍ਰਤੀਸ਼ਤ ਅਤੇ ਸਾਗਰ ਨੇ 74 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਸਥਾਨ ਪ੍ਰਾਪਤ ਕੀਤਾ, ਜਦਕਿ ਆਰਟਸ ਗਰੁੱਪ ਵਿੱਚ ਇਰਮਾਨ ਨੇ 74 ਪ੍ਰਤੀਸ਼ਤ, ਗੁਰਿੰਦਰ ਸਿੰਘ ਨੇ 73 ਪ੍ਰਤੀਸ਼ਤ ਅਤੇ ਗੁਰਵਿੰਦਰ ਨੇ 64 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਬੋਰਡ ਦੀ ਪ੍ਰੀਖਿਆ ਪਹਿਲੇ ਦਰਜੇ ਵਿੱਚ ਪਾਸ ਕੀਤੀ ਹੈ। ਉਨ੍ਹਾਂ ਸਾਰੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਦੌਰਾਨ ਸਕੂਲ ਦੇ ਚੇਅਰਮੈਨ ਪੰਕਜ ਕਪੂਰ ਨੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ 'ਤੇ ਖੁਸ਼ੀ ਪ੍ਰਗਟ ਕੀਤੀ ਅਤੇ ਸ਼ਾਨਦਾਰ ਨਤੀਜੇ ਲਈ ਹੋਣਹਾਰ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਦੀ ਮਿਹਨਤ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਆ ਅਤੇ ਚੰਗੇ ਕਰੀਅਰ ਲਈ ਸਖ਼ਤ ਮਿਹਨਤ ਕਰਨ ਦੀ ਹਦਾਇਤ ਦਿੱਤੀ।

# ਭਾਰਤ ਨੇ ਪਾਕਿ ਦੇ ਦਿੱਲੀ ਦੂਤਾਵਾਸ 'ਚ ਕੰਮ ਕਰਨ ਵਾਲੇ ਅਧਿਕਾਰੀ ਨੂੰ ਦੇਸ਼ ਛੱਡਣ ਲਈ ਕਿਹਾ

## ਦੇਸ਼ ਵਿਰੋਧੀ ਗਤੀਵਿਧੀਆਂ ਕਾਰਨ 24 ਘੰਟਿਆਂ ਵਿੱਚ ਭਾਰਤ ਛੱਡਣ ਲਈ ਕਿਹਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਭਾਰਤ ਨੇ ਦਿੱਲੀ ਵਿੱਚ ਪਾਕਿ ਹਾਈ ਕਮਿਸ਼ਨ ਵਿੱਚ ਕੰਮ ਕਰਨ ਵਾਲੇ ਪਾਕਿਸਤਾਨੀ ਅਧਿਕਾਰੀ ਨੂੰ ਦੇਸ਼ ਵਿਰੋਧੀ ਗਤੀਵਿਧੀਆਂ ਤੇ ਰੁਤਬੇ ਦੀ ਥਾਂ ਹੋਰ ਕੰਮ ਕਰਨ ਦੇ ਦੋਸ਼ ਹੇਠ ਦੇਸ਼ ਛੱਡਣ ਲਈ ਕਿਹਾ ਹੈ। ਨਵੀਂ ਦਿੱਲੀ ਨੇ ਇਸ ਪਾਕਿਸਤਾਨੀ ਅਧਿਕਾਰੀ ਨੂੰ 24 ਘੰਟਿਆਂ ਦੇ ਅੰਦਰ ਭਾਰਤ ਛੱਡਣ ਲਈ ਕਿਹਾ ਹੈ। ਪੀਟੀਆਈ

# ਫਤਿਹਾਬਾਦ ਪੁਲਿਸ ਦਾ ਨਸ਼ਾ ਵਿਰੋਧੀ ਮੋਰਚਾ: ਤਸਕਰਾਂ 'ਤੇ ਸਖ਼ਤ ਹਮਲਾ, ਪੀੜਤਾਂ ਲਈ ਨਵਾਂ ਰਸਤਾ

## ਪੁਲਿਸ ਸੁਪਰਡੈਂਟ ਸ੍ਰੀ ਸਿਧਾਂਤ ਜੈਨ, ਆਈਪੀਐਸ ਦੀ ਅਗਵਾਈ ਹੇਠ ਇੱਕ ਨਿਰਣਾਇਕ ਅਤੇ ਮਨੁੱਖੀ ਮੁਹਿੰਮ ਚਲਾਈ ਜਾ ਰਹੀ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਫਤਿਹਾਬਾਦ, 13 ਮਈ। (ਸੁਨੀਲ ਕੁਮਾਰ)

ਪੁਲਿਸ ਸੁਪਰਡੈਂਟ ਸ੍ਰੀ ਸਿਧਾਂਤ ਜੈਨ, ਆਈਪੀਐਸ ਦੀ ਯੋਗ ਅਗਵਾਈ ਅਤੇ ਅਗਵਾਈ ਹੇਠ, ਫਤਿਹਾਬਾਦ ਪੁਲਿਸ 1 ਮਈ, 2025 ਤੋਂ 12 ਮਈ, 2025 ਤੱਕ ਜ਼ਿਲ੍ਹੇ ਵਿੱਚ ਨਸ਼ੀਲੇ ਪਦਾਰਥਾਂ ਦੀ ਤਸਕਰੀ ਵਿਰੁੱਧ ਇੱਕ ਨਿਰਣਾਇਕ ਅਤੇ ਵਿਆਪਕ ਮੁਹਿੰਮ ਚਲਾ ਰਹੀ ਹੈ। ਇਸ ਮੁਹਿੰਮ ਤਹਿਤ ਹੁਣ ਤੱਕ ਸੈਂਕੜੇ ਨਸ਼ੀਲੇ ਪਦਾਰਥਾਂ ਦੇ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਕਰੋੜਾਂ ਰੁਪਏ ਦੇ ਗੈਰ-ਕਾਨੂੰਨੀ ਨਸ਼ੀਲੇ ਪਦਾਰਥ ਜ਼ਬਤ ਕੀਤੇ ਗਏ ਹਨ।

ਇਸ ਮੁਹਿੰਮ ਦੀ ਵਿਸ਼ੇਸ਼ਤਾ ਇਹ ਹੈ ਕਿ ਇਹ ਸਿਰਫ਼ ਤਸਕਰਾਂ ਨੂੰ ਗ੍ਰਿਫ਼ਤਾਰ ਕਰਨ ਤੱਕ ਸੀਮਿਤ ਨਹੀਂ ਹੈ, ਸਗੋਂ ਨਸ਼ਾ ਕਰਨ ਵਾਲਿਆਂ ਦੀ ਪਛਾਣ, ਡਾਕਟਰੀ ਦੇਖਭਾਲ ਅਤੇ ਪੁਨਰਵਾਸ 'ਤੇ ਵੀ ਕੇਂਦ੍ਰਿਤ ਹੈ। ਹੁਣ ਤੱਕ, 250 ਨਸ਼ੇੜੀਆਂ ਦੀ ਪਛਾਣ ਕੀਤੀ ਗਈ ਹੈ ਅਤੇ ਉਨ੍ਹਾਂ ਨੂੰ ਢੁਕਵਾਂ ਇਲਾਜ, ਸਲਾਹ ਅਤੇ ਜ਼ਰੂਰੀ ਦਵਾਈਆਂ ਪ੍ਰਦਾਨ ਕੀਤੀਆਂ ਗਈਆਂ ਹਨ।

ਇਸ ਤੋਂ ਇਲਾਵਾ, ਵਿਸ਼ੇਸ਼ ਸਰਵੇਖਣ ਅਤੇ ਭਾਈਚਾਰਕ ਭਾਗੀਦਾਰੀ ਰਾਹੀਂ 120 ਨਵੇਂ ਨਸ਼ੇੜੀਆਂ ਦੀ ਪਛਾਣ ਕੀਤੀ ਗਈ ਹੈ। ਉਨ੍ਹਾਂ ਸਾਰਿਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਅਤੇ ਮਾਨਸਿਕ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਉਹ ਨਸ਼ੇ ਦੇ ਚੁੰਗਲ ਤੋਂ ਛੁਟਕਾਰਾ ਪਾ ਸਕਣ ਅਤੇ ਇੱਕ ਸਿਹਤਮੰਦ ਅਤੇ ਸਨਮਾਨਜਨਕ ਜੀਵਨ ਵੱਲ ਵਧ ਸਕਣ।

ਨਸ਼ਾ ਛੁਡਾਊ ਟੀਮ ਦੇ ਇੰਚਾਰਜ ਸ਼੍ਰੀ ਸੁੰਦਰ ਦੀ ਅਗਵਾਈ ਹੇਠ ਇਨ੍ਹਾਂ ਪੀੜਤਾਂ ਦੀ ਨਿਰੰਤਰ ਨਿਗਰਾਨੀ ਲਈ ਪੁਲਿਸ ਵਿਭਾਗ ਵੱਲੋਂ ਦੇਖਭਾਲ ਕਰਨ ਵਾਲਿਆਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਤੋਂ ਇਲਾਵਾ, ਨਸ਼ਾ ਛੁਡਾਊ ਕੇਂਦਰਾਂ ਅਤੇ ਸਿਹਤ ਵਿਭਾਗ ਤੋਂ ਸਰਗਰਮ ਸਹਾਇਤਾ ਲਈ ਜਾ ਰਹੀ ਹੈ। ਇਹ ਤਾਲਮੇਲ ਵਾਲਾ ਯਤਨ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਵੱਲ ਇੱਕ ਮੀਲ ਪੱਥਰ ਸਾਬਤ ਹੋ ਰਿਹਾ ਹੈ।

### *ਪੁਲਿਸ ਸੁਪਰਡੈਂਟ ਵੱਲੋਂ ਸੁਨੇਹਾ*

ਪੁਲਿਸ ਸੁਪਰਡੈਂਟ ਸ੍ਰੀ ਸਿਧਾਂਤ ਜੈਨ ਨੇ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ "ਸਾਡਾ ਉਦੇਸ਼ ਸਿਰਫ਼ ਅਪਰਾਧ ਨੂੰ ਰੋਕਣਾ ਹੀ ਨਹੀਂ ਹੈ, ਸਗੋਂ ਨਸ਼ਾ ਕਰਨ ਵਾਲਿਆਂ ਦੇ ਜੀਵਨ ਨੂੰ ਇੱਕ ਨਵੀਂ ਦਿਸ਼ਾ ਦੇਣਾ ਸਾਡੀ ਨੈਤਿਕ ਅਤੇ ਸਮਾਜਿਕ ਜ਼ਿੰਮੇਵਾਰੀ ਵੀ ਹੈ। ਨਸ਼ਾ ਤਸਕਰਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ



ਜਾਵੇਗਾ, ਅਤੇ ਨਸ਼ਾ ਪੀੜਤਾਂ ਨੂੰ ਕਦੇ ਵੀ ਇਕੱਲਾ ਨਹੀਂ ਛੱਡਿਆ ਜਾਵੇਗਾ।"

### *ਆਮ ਜਨਤਾ ਨੂੰ ਅਪੀਲ*

ਪੁਲਿਸ ਸੁਪਰਡੈਂਟ ਸ੍ਰੀ ਸਿਧਾਂਤ ਜੈਨ, ਆਈਪੀਐਸ ਨੇ ਜ਼ਿਲ੍ਹੇ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਹਾਡੇ ਆਲੇ-ਦੁਆਲੇ ਕੋਈ ਵੀ ਵਿਅਕਤੀ ਨਸ਼ੀਲੇ ਪਦਾਰਥਾਂ ਦੀ ਤਸਕਰੀ ਜਾਂ ਸੇਵਨ ਵਿੱਚ ਸ਼ਾਮਲ ਹੈ, ਤਾਂ ਤੁਰੰਤ ਨਜ਼ਦੀਕੀ ਪੁਲਿਸ ਸਟੇਸ਼ਨ ਜਾਂ ਪੁਲਿਸ ਹੈਲਪਲਾਈਨ ਨੂੰ ਸੂਚਿਤ ਕਰੋ। ਤੁਹਾਡੀ ਪਛਾਣ ਪੂਰੀ ਤਰ੍ਹਾਂ ਗੁਪਤ ਰੱਖੀ ਜਾਵੇਗੀ।

# ਘਰ ਘਰ ਪੁੱਜੇਗੀ ਨਸ਼ਿਆਂ ਵਿਰੁੱਧ ਯਾਤਰਾ: ਜਗਦੀਪ ਸਿੰਘ ਜੱਗਾ

## ਯੁੱਧ ਨਸ਼ੇ ਵਿਰੁੱਧ ਮੋਰਚੇ ਦੇ ਮਾਲਵਾ ਪੂਰਬੀ ਦੇ ਕੋਆਰਡੀਨੇਟਰ ਜਗਦੀਪ ਸਿੰਘ ਜੱਗਾ ਵੱਲੋਂ ਜ਼ਿਲ੍ਹਾ ਤੇ ਹਲਕਾ ਕੁਆਰਡੀਨੇਟਰਾਂ ਨਾਲ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਸੁਨਾਮ ਊਧਮ ਸਿੰਘ ਵਾਲਾ, 12 ਮਈ, 2025: ਯੁੱਧ ਨਸ਼ੇ ਵਿਰੁੱਧ ਮੋਰਚੇ ਦੇ ਮਾਲਵਾ ਪੂਰਬੀ ਜ਼ੋਨ ਦੇ ਕੋਆਰਡੀਨੇਟਰ ਜਗਦੀਪ ਸਿੰਘ ਜੱਗਾ ਨੇ ਅੱਜ ਸੰਗਰੂਰ ਜ਼ਿਲ੍ਹੇ ਦੇ ਜ਼ਿਲ੍ਹਾ ਤੇ ਹਲਕਾ ਕੁਆਰਡੀਨੇਟਰਾਂ ਨਾਲ ਅੱਜ ਇਥੇ ਕੈਬਨਿਟ ਮੰਤਰੀ ਸ਼੍ਰੀ ਅਮਨ ਅਰੋੜਾ ਦੇ ਦਫ਼ਤਰ ਵਿਖੇ ਇਕ ਅਹਿਮ ਬੈਠਕ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਮੁਹਿੰਮ ਨੂੰ ਹਰ ਘਰ ਤੱਕ ਪਹੁੰਚਾਇਆ ਜਾਵੇਗਾ ਤਾਂ ਜੋ ਨਸ਼ਿਆਂ ਦਾ ਸੂਬੇ 'ਚੋਂ ਮੁਕੰਮਲ ਖ਼ਾਤਮਾ ਕੀਤਾ ਜਾ ਸਕੇ। ਇਸ ਮੌਕੇ ਜ਼ਿਲ੍ਹਾ ਕੁ ਆ ਰ ਡੀ ਨੇ ਟ ਰ ਲਵਦੀਪ ਸ਼ਰਮਾ ਵੀ ਮੌਜੂਦ ਸਨ।

ਸ. ਜਗਦੀਪ ਸਿੰਘ ਜੱਗਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਇਸ



ਮੁਹਿੰਮ ਨੂੰ ਸ਼ੁਰੂ ਕਰਨ ਦਾ ਮੁੱਖ ਮਕਸਦ ਸੂਬੇ 'ਚ ਨਸ਼ਿਆਂ ਖ਼ਿਲਾਫ਼ ਲੋਕ ਲਹਿਰ ਪੈਦਾ ਕਰਨਾ ਹੈ, ਜਿਸ ਨੂੰ ਵੱਡੀ ਸਫਲਤਾ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਾ ਛੱਡਣ ਵਾਲੇ ਵਿਅਕਤੀਆਂ ਦੇ ਇਲਾਜ ਲਈ ਪੁਖ਼ਤਾ ਪ੍ਰਬੰਧ ਕੀਤੇ ਗਏ ਹਨ, ਲੋੜ ਹੈ ਇਨ੍ਹਾਂ ਵਿਅਕਤੀਆਂ ਨੂੰ ਇਲਾਜ ਲਈ ਪ੍ਰੇਰਿਤ ਕਰਨ ਦੀ ਜੋ ਹਲਕਾ ਕੁਆਰਡੀਨੇਟਰ ਆਪਣੀ ਟੀਮ ਨਾਲ ਘਰ ਘਰ ਜਾ ਕੇ ਕਰਨਗੇ।

ਉਨ੍ਹਾਂ ਕਿਹਾ ਕਿ ਨਸ਼ੇ ਦੇ ਖ਼ਾਤਮੇ ਲਈ ਜ਼ਰੂਰੀ ਹੈ ਕਿ ਇਸ ਦੀ ਸਪਲਾਈ ਲਾਈਨ ਨੂੰ ਤੋੜਿਆਂ ਜਾਵੇ ਇਸ ਲਈ ਪਿੰਡ ਜਾ ਮੁਹੱਲੇ ਵਿੱਚ ਜੇਕਰ ਕੋਈ ਨਸ਼ਾ ਵੇਚਦਾ ਹੈ ਤਾਂ ਇਸ ਦੀ ਸੂਚਨਾ ਪੁਲਿਸ ਨੂੰ ਦੇਣ ਲਈ ਹਲਕਾ ਤੇ ਜ਼ਿਲ੍ਹਾ ਕੁਆਰਡੀਨੇਟਰ ਆਪਣੀ ਪੂਰੀ ਟੀਮ ਨਾਲ ਜ਼ਮੀਨੀ ਪੱਧਰ 'ਤੇ ਕੰਮ ਕਰਨਗੇ।

ਉਨ੍ਹਾਂ ਨੇ ਹਾਜ਼ਰੀਨ ਨੂੰ ਆਪਣੇ ਹਲਕਾ ਵਿਧਾਇਕ ਸਾਹਿਬਾਨ ਦੇ ਸਹਿਯੋਗ ਨਾਲ ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਆਮ ਲੋਕਾਂ ਦੀ ਸ਼ਮੂਲੀਅਤ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਨਸ਼ਿਆਂ ਦੀ ਇਸ ਬੁਰਾਈ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਹਰੇਕ ਪੰਜਾਬੀ ਤਿਆਰ ਹੈ, ਬਸ ਲੋੜ ਹੈ ਉਨ੍ਹਾਂ ਨੂੰ ਲਾਮਬੰਦ ਕਰਕੇ ਇਸ ਮੁਹਿੰਮ ਦਾ ਹਿੱਸਾ ਬਣਾਉਣ ਦੀ ਤਾਂ ਜੋ ਅਸੀਂ ਨਸ਼ਿਆਂ ਦੀ ਇਸ ਅਲਾਮਤ ਨੂੰ ਜੜ੍ਹ ਤੋਂ ਖ਼ਤਮ ਕਰ ਸਕੀਏ।

ਜਗਦੀਪ ਸਿੰਘ ਜੱਗਾ ਨੇ ਕਿਹਾ ਕਿ ਜਿਨ੍ਹਾਂ ਪੰਜ ਜ਼ਿਲ੍ਹਿਆਂ ਪਟਿਆਲਾ ਸਮੇਤ ਅਨੰਦਪੁਰ ਸਾਹਿਬ, ਮੋਹਾਲੀ, ਸੰਗਰੂਰ ਤੇ ਮਲੇਰਕੋਟਲਾ 'ਚ ਉਨ੍ਹਾਂ ਦੀ ਜ਼ਿੰਮੇਵਾਰੀ ਲਗਾਈ ਗਈ ਹੈ, ਉਹ ਉੱਥੇ ਦੇ ਹਲਕਾ ਕੁਆਰਡੀਨੇਟਰਾਂ ਨਾਲ ਮੀਟਿੰਗਾਂ ਕਰਕੇ ਇਸ ਮੁਹਿੰਮ ਨੂੰ ਜ਼ਮੀਨੀ ਪੱਧਰ 'ਤੇ ਸਫਲ ਬਣਾਉਣਗੇ।

ਜ਼ਿਲ੍ਹਾ ਤੇ ਹਲਕਾ ਕੁਆਰਡੀਨੇਟਰਾਂ ਨੇ ਆਪਣੇ ਹਲਕਿਆਂ 'ਚੋਂ ਨਸ਼ਿਆਂ ਦੇ ਪੂਰਨ ਖ਼ਾਤਮੇ ਦਾ ਅਹਿਦ ਲੈਂਦਿਆਂ ਕਿਹਾ ਕਿ ਇਸ ਮੁਹਿੰਮ ਤਹਿਤ ਹਰੇਕ ਘਰ ਤੱਕ ਪਹੁੰਚ ਬਣਾਈ ਜਾਵੇਗੀ।

ਇਸ ਮੌਕੇ ਹਲਕਾ ਲਹਿਰਾ ਦੇ ਕੁਆਰਡੀਨੇਟਰ ਬੂਟਾ ਸਿੰਘ ਆਲਮਪੁਰ, ਦਿੜ੍ਹਬਾ ਦੇ ਹਰਪ੍ਰੀਤ ਸਿੰਘ, ਸੁਨਾਮ ਦੇ ਸੰਦੀਪ ਸਿੰਘ ਦੁਗਾਲ, ਧੂਰੀ ਦੇ ਰਸ਼ਪਾਲ ਭੁਲਰਹੇੜੀ ਅਤੇ ਸੰਗਰੂਰ ਦੇ ਗੁਰਪ੍ਰੀਤ ਸਿੰਘ ਫੱਗੂਵਾਲ ਸਮੇਤ ਵੱਡੀ ਗਿਣਤੀ ਸ਼ਹਿਰ ਵਾਸੀ ਹਾਜ਼ਰ ਸਨ।

# ਔਰਤਾਂ ਨੂੰ ਜਾਗਰੂਕ ਕਰਨ ਲਈ ਸਾਈਬਰ ਸੁਰੱਖਿਆ ਅਤੇ ਯਾਤਰਾ ਨਿਗਰਾਨੀ ਪ੍ਰਣਾਲੀ 'ਤੇ ਵਿਸ਼ੇਸ਼ ਮੁਹਿੰਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਫਤਿਹਾਬਾਦ, 13 ਮਈ। (ਸੁਨੀਲ ਕੁਮਾਰ)

ਪੁਲਿਸ ਸੁਪਰਡੈਂਟ ਸ੍ਰੀ ਸਿਧਾਂਤ ਜੈਨ ਆਈਪੀਐਸ ਦੀ ਅਗਵਾਈ ਅਤੇ ਮਹਿਲਾ ਜਾਗਰੂਕਤਾ ਮੁਹਿੰਮ ਦੀ ਇੰਚਾਰਜ ਸ੍ਰੀਮਤੀ ਮੰਜੂ ਦੀ ਯੋਗ ਅਗਵਾਈ ਹੇਠ, ਫਤਿਹਾਬਾਦ ਪੁਲਿਸ ਨੇ ਸਰਕਾਰੀ ਗਰਲਜ਼ ਸਕੂਲ, ਭੇਡੀਆ ਖੇੜਾ ਦੀਆਂ ਵਿਦਿਆਰਥਣਾਂ ਨੂੰ ਮਹਿਲਾ ਸੁਰੱਖਿਆ, ਸਾਈਬਰ ਜਾਗਰੂਕਤਾ ਅਤੇ ਟ੍ਰਿਪ ਮਾਨੀਟਰਿੰਗ ਸਿਸਟਮ ਬਾਰੇ ਵਿਸਤ੍ਰਿਤ ਜਾਣਕਾਰੀ ਪ੍ਰਦਾਨ ਕੀਤੀ। ਇਸ ਪ੍ਰੋਗਰਾਮ ਵਿੱਚ ਵਿਦਿਆਰਥਣਾਂ ਦੇ ਨਾਲ-ਨਾਲ ਸਕੂਲ ਸਟਾਫ਼ ਅਤੇ ਹੋਰ ਵਿਦਿਆਰਥਣਾਂ ਵੀ ਮੌਜੂਦ ਸਨ।

ਔਰਤਾਂ ਦੀ ਸੁਰੱਖਿਆ ਨੂੰ ਸਭ ਤੋਂ ਵੱਧ ਤਰਜੀਹ ਦਿੰਦੇ ਹੋਏ, ਫਤਿਹਾਬਾਦ ਪੁਲਿਸ ਜ਼ਿਲ੍ਹੇ ਦੇ ਵੱਖ-ਵੱਖ ਜਨਤਕ ਸਥਾਨਾਂ - ਜਿਵੇਂ ਕਿ ਸਕੂਲ, ਕਾਲਜ, ਕੋਚਿੰਗ ਸੰਸਥਾਵਾਂ, ਬੱਸ ਸਟੈਂਡ, ਰੇਲਵੇ



ਸਟੇਸ਼ਨ, ਪਾਰਕ ਅਤੇ ਬਾਜ਼ਾਰ ਖੇਤਰਾਂ ਵਿੱਚ ਇੱਕ ਵਿਸ਼ੇਸ਼ ਜਾਗਰੂਕਤਾ ਮੁਹਿੰਮ ਚਲਾ ਰਹੀ ਹੈ। ਇਸ ਮੁਹਿੰਮ ਦਾ ਉਦੇਸ਼ ਔਰਤਾਂ ਅਤੇ ਕੁੜੀਆਂ ਨੂੰ ਉਨ੍ਹਾਂ ਦੇ ਅਧਿਕਾਰਾਂ, ਸੁਰੱਖਿਆ ਉਪਾਵਾਂ ਅਤੇ ਕਾਨੂੰਨੀ ਪ੍ਰਬੰਧਾਂ ਬਾਰੇ ਜਾਗਰੂਕ ਕਰਨਾ ਹੈ।

ਪ੍ਰੋਗਰਾਮ ਦੌਰਾਨ, ਵਿਦਿਆਰਥਣਾਂ ਨੂੰ ਔਰਤਾਂ ਵਿਰੁੱਧ ਅਪਰਾਧਾਂ ਦੀਆਂ ਕਿਸਮਾਂ, ਉਨ੍ਹਾਂ ਨੂੰ ਰੋਕਣ ਦੇ ਉਪਾਵਾਂ ਅਤੇ ਉਪਲਬਧ ਕਾਨੂੰਨੀ ਸਹਾਇਤਾ ਵਿਕਲਪਾਂ ਬਾਰੇ ਜਾਣਕਾਰੀ ਦਿੱਤੀ ਗਈ। ਨਾਲ ਹੀ, ਟ੍ਰਿਪ ਮਾਨੀਟਰਿੰਗ ਸਿਸਟਮ (ਟੀ.ਐੱਮ.ਐੱਸ.) ਦੇ ਕੰਮਕਾਜ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ, ਜਿਸ ਤਹਿਤ ਔਰਤਾਂ ਪੁਲਿਸ ਨਿਗਰਾਨੀ ਹੇਠ ਆਪਣੀ ਰਾਤ ਦੀ ਯਾਤਰਾ ਸੁਰੱਖਿਅਤ ਢੰਗ ਨਾਲ ਪੂਰੀ ਕਰ ਸਕਦੀਆਂ ਹਨ।

*ਟੀਐਮਐਸ ਦੀਆਂ ਮੁੱਖ ਵਿਸ਼ੇਸ਼ਤਾਵਾਂ:*

- ਡਾਇਲ 112 ਐਪ ਰਾਹੀਂ ਯਾਤਰਾ ਰਜਿਸਟ੍ਰੇਸ਼ਨ ਸਹੂਲਤ
- ਦੌਰਾਨ ਪੁਲਿਸ ਕੰਟਰੋਲ ਰੂਮ ਦੁਆਰਾ ਸਮੇਂ-ਸਮੇਂ 'ਤੇ ਨਿਗਰਾਨੀ
- ਦੀ ਸਥਿਤੀ ਵਿੱਚ ਤੁਰੰਤ ਸਹਾਇਤਾ ਲਈ ਨਜ਼ਦੀਕੀ ERV (ਐਮਰਜੈਂਸੀ ਰਿਸਪਾਂਸ ਵਹੀਕਲ) ਦੀ ਤਾਇਨਾਤੀ
- ਪੂਰੀ ਹੋਣ ਤੋਂ ਬਾਅਦ, ਔਰਤ ਨਾਲ ਸੰਪਰਕ ਕਰਕੇ ਉਸਦੀ ਸੁਰੱਖਿਆ ਦੀ ਪੁਸ਼ਟੀ ਕੀਤੀ ਜਾਂਦੀ ਹੈ।

ਇਸ ਮੌਕੇ ਪੁਲਿਸ ਟੀਮ ਨੇ ਵਿਦਿਆਰਥਣਾਂ ਨੂੰ ਸਾਈਬਰ ਕ੍ਰਾਈਮ, ਸੋਸ਼ਲ ਮੀਡੀਆ ਸੁਰੱਖਿਆ, ਪਾਸਵਰਡ ਪ੍ਰਬੰਧਨ ਅਤੇ ਔਨਲਾਈਨ ਧੋਖਾਧੜੀ ਨੂੰ ਰੋਕਣ ਦੇ ਉਪਾਵਾਂ ਬਾਰੇ ਵੀ ਜਾਣਕਾਰੀ ਦਿੱਤੀ। ਉਨ੍ਹਾਂ ਨੂੰ ਦੱਸਿਆ ਗਿਆ ਕਿ ਕਿਸੇ ਵੀ ਸਾਈਬਰ ਅਪਰਾਧ ਦੀ ਸੂਰਤ ਵਿੱਚ, 1930 'ਤੇ ਡਾਇਲ ਕਰਕੇ ਜਾਂ ਸਾਈਬਰ ਹੈਲਪਲਾਈਨ ਰਾਹੀਂ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਇਸ ਤੋਂ ਇਲਾਵਾ, ਵਿਦਿਆਰਥਣਾਂ ਨੂੰ ਸੜਕ ਸੁਰੱਖਿਆ, ਟ੍ਰੈਫਿਕ ਨਿਯਮਾਂ ਅਤੇ ਮਹਿਲਾ ਹੈਲਪਲਾਈਨ ਸੇਵਾਵਾਂ ਬਾਰੇ ਵੀ ਜਾਗਰੂਕ ਕੀਤਾ ਗਿਆ।

ਫਤਿਹਾਬਾਦ ਜ਼ਿਲ੍ਹਾ ਪੁਲਿਸ ਸਾਰੀਆਂ ਔਰਤਾਂ ਅਤੇ ਕੁੜੀਆਂ ਨੂੰ ਅਪੀਲ ਕਰਦੀ ਹੈ ਕਿ ਉਹ ਇਸ ਜਾਗਰੂਕਤਾ ਮੁਹਿੰਮ ਵਿੱਚ ਸਰਗਰਮੀ ਨਾਲ ਹਿੱਸਾ ਲੈਣ ਅਤੇ ਸੁਰੱਖਿਆ ਸੰਬੰਧੀ ਜਾਣਕਾਰੀ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ, ਤਾਂ ਜੋ ਇੱਕ ਸੁਰੱਖਿਅਤ, ਸਸ਼ਕਤ ਅਤੇ ਜਾਗਰੂਕ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ।

# ਸੀਵਰਮੈਨਾਂ ਦੀਆਂ ਜ਼ਿੰਦਗੀਆਂ ਬਚਾਉਣ ਲਈ ਵਿਸ਼ੇਸ਼ ਧਿਆਨ ਦੇਵੇ ਸਰਕਾਰ: ਸ਼੍ਰੀ ਦਰਸ਼ਨ ਕਾਂਗੜਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਸੰਗਰੂਰ,13 ਮਈ (ਜਗਸੀਰ ਸਿੰਘ) ਪਿਛਲੇ ਦਿਨੀ ਬਠਿੰਡਾ ਦੇ ਰਾਮਾਂ ਮੰਡੀ ਵਿਖੇ ਸਫਾਈ ਕਰਦੇ ਸਮੇਂ ਗੈਸ ਚੜ੍ਹਨ ਨਾਲ ਤਿੰਨ ਸੀਵਰ ਮੈਨਾਂ ਦੀ ਚਿਤਾ ਦੀ ਅੱਗ ਅਜੇ ਠੰਡੀ ਨਹੀਂ ਹੋਈ ਬਿਤੇ ਦਿਨੀਂ ਮੋਗਾ ਵਿਖੇ ਇੱਕ ਪ੍ਰਾਈਵੇਟ ਹੌਦੀ ਦੀ ਸਫਾਈ ਕਰਦਿਆਂ ਇੱਕ ਹੋਰ ਸੀਵਰਮੈਨ ਦੀ ਹੋਈ ਮੌਤ ਨੇ ਝਿੰਜੋੜ ਕਿ ਰੱਖ ਦਿੱਤਾ ਹੈ। ਜਿਸ ਨਾਲ ਪੰਜਾਬ ਭਰ ਵਿੱਚ ਸੀਵਰ ਮੈਨਾਂ ਅਤੇ ਸਫ਼ਾਈ ਸੇਵਕਾਂ ਅੰਦਰ ਮਾਤਮ ਤੇ ਡਰ ਦਾ ਮਾਹੌਲ ਬਣਿਆ ਹੋਇਆ ਹੈ। ਇਹਨਾਂ ਅਣਹੋਨੀ ਘਟਨਾਵਾਂ ਤੇ ਗਹਿਰੇ ਦੁੱਖ ਅਤੇ ਚਿੰਤਾਂ ਦਾ ਪ੍ਰਗਟਾਵਾ ਕਰਦਿਆਂ ਸ਼੍ਰੀ ਦਰਸ਼ਨ ਸਿੰਘ ਕਾਂਗੜਾ ਕੌਮੀ ਪ੍ਰਧਾਨ ਭਾਰਤੀਯ ਅੰਬੇਡਕਰ



ਮਿਸ਼ਨ, ਭਾਰਤ ਨੇ ਕਿਹਾ ਕਿ ਰੋਜ਼ਾਨਾ ਹੀ ਅਜਿਹੀਆਂ ਘਟਨਾਵਾਂ ਵਾਪਰ ਰਹੀਆਂ ਹਨ ਜਿਸ ਵੱਲ ਸਰਕਾਰਾਂ ਦਾ ਕੋਈ ਧਿਆਨ ਨਹੀਂ ਹੈ। ਸ਼੍ਰੀ ਦਰਸ਼ਨ ਕਾਂਗੜਾ ਸਥਾਨਕ ਰੈਸਟ ਹਾਊਸ ਵਿਖੇ ਭਾਰਤੀਯ ਅੰਬੇਡਕਰ ਮਿਸ਼ਨ, ਭਾਰਤ ਦੇ ਸਾਥੀਆਂ ਸਣੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ ਉਨ੍ਹਾਂ ਕਿਹਾ ਕਿ ਮੁਡ ਤੋਂ ਹੀ ਸਾਰੀਆਂ ਸਰਕਾਰਾਂ ਵੱਲੋਂ ਗਰੀਬਾਂ ਖ਼ਾਸ ਕਰਕੇ ਸੀਵਰ ਮੈਨਾਂ ਤੇ ਸਫ਼ਾਈ ਸੇਵਕਾਂ ਨੂੰ ਕੀੜੇ ਮਕੌੜੇ ਹੀ ਸਮਝਿਆ ਜਾਂਦਾ ਰਿਹਾ ਹੈ। ਜਿਨ੍ਹਾਂ ਦੀਆਂ ਜ਼ਿੰਦਗੀਆਂ ਬਚਾਉਣ ਲਈ ਅਜ਼ੇ ਤੱਕ ਸਰਕਾਰ ਵੱਲੋਂ ਕੋਈ ਠੋਸ ਕਦਮ ਨਹੀਂ ਚੁੱਕੇ ਗਏ ਅਤੇ ਨਾ ਹੀ ਸਫ਼ਾਈ ਕਰਨ ਸਮੇਂ ਸੀਵਰੇਜ ਅੰਦਰ ਗੈਸ ਨੂੰ ਖ਼ਤਮ ਕਰਨ ਜਾ ਉਸ ਮਾਤਰਾ ਨੂੰ ਜਾਨਣ ਲਈ ਕੋਈ ਤਕਨੀਕ ਲਿਆਂਦੀ ਹੈ। ਜਿਸ ਤੋਂ ਸਾਫ ਪਤਾ ਚਲਦਾ ਹੈ ਕਿ ਸੀਵਰ ਮੈਨਾਂ ਅਤੇ ਸਫ਼ਾਈ ਸੇਵਕਾਂ ਨੂੰ ਲੈਕੇ ਸਰਕਾਰ ਰੱਤੀ ਭਰ ਵੀ ਗੰਭੀਰ ਨਹੀਂ ਉਨ੍ਹਾਂ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਸਰਕਾਰ ਤੇ ਠੇਕੇਦਾਰਾਂ ਵੱਲੋਂ ਬਿਨਾਂ ਸੇਫਟੀ ਕਿੱਟਾਂ ਦੇ ਹੀ ਪੰਜਾਬ ਭਰ ਵਿੱਚ ਸੀਵਰ ਮੈਨਾਂ ਅਤੇ ਸਫ਼ਾਈ ਸੇਵਕਾਂ ਤੋਂ ਕੰਮ ਲਿਆ ਜਾਂਦਾ ਹੈ ਸ਼੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਵੱਡੀਆਂ ਘਟਨਾਵਾਂ ਵਾਪਰਨ ਤੋਂ ਵੀ ਸਰਕਾਰ ਨੇ ਸਬਕ ਨਹੀਂ ਲਿਆ ਉਸੇ ਤਰ੍ਹਾਂ ਹੀ ਉਕਤ ਵਰਗ ਦੀਆਂ ਜ਼ਿੰਦਗੀਆਂ ਨਾਲ ਖਿਲਵਾੜ ਕਰਨ ਦਾ ਸਿਲਸਿਲਾ ਜਾਰੀ ਰੱਖਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਇਹਨਾਂ ਜ਼ਿੰਦਗੀਆਂ ਨੂੰ ਬਚਾਉਣ ਲਈ ਸਰਕਾਰ ਕੋਈ ਤਕਨੀਕ ਲੈਕੇ ਆਵੇ ਸ਼੍ਰੀ ਦਰਸ਼ਨ ਕਾਂਗੜਾ ਨੇ ਮੰਗ ਕੀਤੀ ਕਿ ਪਿੱਛਲੇ ਦਿਨੀ ਜ਼ਿਲ੍ਹਾ ਬਠਿੰਡਾ ਦੇ ਰਾਮਾਂ ਮੰਡੀ ਅਤੇ ਮੋਗਾ ਵਿਖੇ ਗੈਸ ਚੜ੍ਹਨ ਨਾਲ ਮ੍ਰਿਤਕ ਸੀਵਰ ਮੈਨਾਂ ਦੇ ਪਰਿਵਾਰ ਨੂੰ ਇੱਕ - ਇੱਕ ਮੈਂਬਰ ਨੂੰ ਸਰਕਾਰੀ ਨੌਕਰੀ ਅਤੇ ਇੱਕ - ਇੱਕ ਕਰੋੜ ਰੁਪਿਆ ਮੁਆਵਜ਼ੇ ਵਜੋਂ ਦਿੱਤਾਂ ਜਾਵੇ। ਇਸ ਮੌਕੇ ਮਿਸ਼ਨ ਦੇ ਜਗਸੀਰ ਸਿੰਘ ਖੇੜੀਚੰਦਵਾ, ਪਾਲੀ ਸਿੰਘ ਸਰਪੰਚ ਉਭਾਵਾਲ, ਨਿਰਭੈ ਸਿੰਘ ਛੰਨਾ, ਮਨੋਜ ਕੁਮਾਰ, ਹਰਵਿੰਦਰ ਸਿੰਘ,ਡਾ ਵੀ ਕੇ ਸਿੰਘ, ਕਮਲ ਜੰਡੂ ਆਦਿ ਹਾਜ਼ਰ ਸਨ।

# ਪਾਵਰਕੌਮ ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਬਰਨਾਲਾ ਦਾ ਜਥੇਬੰਦਕ ਇਜਲਾਸ ਸਫਲਤਾਪੂਰਵਕ ਸੰਪੰਨ

## ਪੰਜਵੀਂ ਵਾਰ ਪਿਆਰਾ ਲਾਲ ਪ੍ਰਧਾਨ, ਸ਼ਿੰਦਰ ਧੌਲਾ ਸਕੱਤਰ ਚੁਣੇ ਗਏ, ਮੌਜੂਦਾ ਹਾਲਤਾਂ ਸਬੰਧੀ ਗੰਭੀਰ ਵਿਚਾਰਾਂ ਕਰਦੇ ਭਵਿੱਖੀ ਕਾਰਜਾਂ ਦੀ ਨਿਸ਼ਾਨਦੇਹੀ, 20 ਜਨਵਰੀ ਦੀ ਹੜਤਾਲ ਦਾ ਸਮਰਥਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਬਰਨਾਲਾ, 13 ਮਈ, 2025: ਪਾਵਰਕੌਮ ਪੈਨਸ਼ਨਰਜ਼ ਐਸੋਸੀਏਸ਼ਨ ਸਰਕਲ ਬਰਨਾਲਾ ਦਾ ਜਥੇਬੰਦਕ ਇਜਲਾਸ ਸੂਬਾਈ ਆਗੂਆਂ ਧਨਵੰਤ ਸਿੰਘ ਭੱਠਲ, ਸਿਕੰਦਰ ਸਿੰਘ ਰੋਪੜ, ਇੰਦਰਜੀਤ ਸਿੰਘ ਸਿੱਧੂ ਦੀ ਨਿਗਰਾਨੀ ਹੇਠ ਸਫਲਤਾਪੂਰਵਕ ਸੰਪੰਨ ਹੋ ਗਿਆ। ਜਥੇਬੰਦਕ ਇਜਲਾਸ ਦੀ ਸ਼ੁਰੂਆਤ ਵਿਛੋੜਾ ਦੇ ਗਏ ਸਾਥੀਆਂ ਨੂੰ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਂਟ ਕਰਨ ਨਾਲ ਹੋਈ। ਤਿੰਨ ਸਾਲ ਤੋਂ ਵੱਧ ਸਮੇਂ ਦੀ ਕਾਰਗੁਜ਼ਾਰੀ ਰਿਪੋਰਟ ਸਰਕਲ ਸਕੱਤਰ ਸਿੰਦਰ ਧੌਲਾ ਵੱਲੋਂ ਪੇਸ਼ ਕੀਤੀ ਗਈ। ਰਿਪੋਰਟ ਵਿੱਚ ਕੌਮਾਂਤਰੀ, ਕੌਮੀ ਅਤੇ ਪੰਜਾਬ ਦੀ ਸਿਆਸੀ ਹਾਲਾਤ ਸਬੰਧੀ ਸੰਖੇਪ ਵਿੱਚ ਮਹੱਤਵਪੂਰਨ ਪੱਖਾਂ ਨੂੰ ਛੂਹਿਆ ਗਿਆ। ਵਿੱਤ ਰਿਪੋਰਟ ਬਹਾਦਰ ਸਿੰਘ ਸੰਘੇੜਾ ਵੱਲੋਂ ਪੇਸ਼ ਕੀਤੀ ਗਈ।

ਇਸ ਸਮੇਂ ਦੌਰਾਨ ਕੇਂਦਰ, ਪੰਜਾਬ ਸਰਕਾਰ ਅਤੇ ਪਾਵਰਕੌਮ ਦੀ ਮੈਨੇਜਮੈਂਟ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ/ਮੁਲਾਜਮ ਵਿਰੋਧੀ ਨੀਤੀਆਂ ਖ਼ਿਲਾਫ਼ ਚੱਲ ਰਹੇ ਸੰਘਰਸ਼ਾਂ ਵਿੱਚ ਪਾਏ ਯੋਗਦਾਨ ਦੀਆਂ ਅਹਿਮ ਪ੍ਰਾਪਤੀਆਂ ਦੇ ਨਾਲ ਨਾਲ ਰਹਿ ਗਈਆਂ ਘਾਟਾਂ/ਕਮਜ਼ੋਰੀਆਂ ਨੂੰ ਵੀ ਚਿੰਨਤ ਕੀਤਾ ਗਿਆ। ਰਿਪੋਰਟ ਪੇਸ਼ ਕਰਨ ਉਪਰੰਤ ਡੈਲੀ ਗੇਟਾਂ ਨੂੰ ਉਸਾਰੂ ਅਲੋਚਨਾਤਮਕ ਨਜ਼ਰੀਏ ਤੋਂ ਆਪਣੇ ਵਿਚਾਰ ਰੱਖਣ, ਬਹਿਸ ਵਿੱਚ ਭਾਗ ਲੈਣ ਦਾ ਸੱਦਾ ਸਰਕਲ ਪ੍ਰਧਾਨ ਪਿਆਰਾ ਲਾਲ ਨੇ ਸੱਦਾ ਦਿੱਤਾ।

ਕਾਰੁਗਜ਼ਾਰੀ ਰਿਪੋਰਟ ਉੱਪਰ ਜਰਨੈਲ ਸਿੰਘ ਮਲੇਰਕੋਟਲਾ, ਗੋਬਿੰਦ ਕਾਂਤ, ਗੁਰਚਰਨ ਸਿੰਘ, ਜੱਗਾ ਸਿੰਘ, ਰੂਪ ਚੰਦ, ਮੋਹਣ ਸਿੰਘ, ਸਿਕੰਦਰ ਸਿੰਘ, ਬਲਵੰਤ ਸਿੰਘ, ਗਮਦੂਰ ਸਿੰਘ, ਰਤਨ ਸਿੰਘ, ਸੁਖਵੰਤ ਸਿੰਘ ਆਦਿ ਬਹੁਤ ਸਾਰੇ ਡੈਲੀ ਗੇਟਾਂ ਨੇ ਠੋਸ ਕੇ ਸਵਾਲ ਰੱਖੇ। ਡੈਲੀ ਗੇਟਾਂ ਨੇ ਕਾਰਗੁਜ਼ਾਰੀ ਰਿਪੋਰਟ ਦੇ ਹਾਂ ਪੱਖਾਂ ਨੂੰ ਉਚਿਆਉਂਦਿਆ ਰਹਿ ਗਈਆਂ ਘਾਟਾਂ ਕਮਜ਼ੋਰੀਆਂ ਨੂੰ ਪੂਰੀ ਸ਼ਿੱਦਤ ਨਾਲ ਉਭਾਰਿਆ। ਤਿੱਖੀ ਉਸਾਰੂ ਅਲੋਚਨਾਤਮਕ ਨਜ਼ਰੀਏ ਤੋਂ ਕੀਤੀ ਗਈ ਬਹਿਸ ਤੋਂ ਬਾਅਦ ਡੈਲੀ ਗੇਟਾਂ ਵੱਲੋਂ ਉਭਾਰੇ ਸਵਾਲਾਂ ਨੂੰ ਨੋਟ ਕਰਦਿਆਂ ਕਾਰਗੁਜ਼ਾਰੀ ਰਿਪੋਰਟ ਅਤੇ ਵਿੱਤ ਰਿਪੋਰਟ ਨੂੰ ਸਰਬਸੰਮਤੀ ਨਾਲ ਪਾਸ ਕਰ ਦਿੱਤਾ ਗਿਆ। ਸਰਕਲ ਕਮੇਟੀ ਨੂੰ ਭੰਗ ਕਰਨ ਉਪਰੰਤ ਨਵੀਂ ਸਰਕਲ ਕਮੇਟੀ ਦੀ ਚੋਣ ਕਰਵਾਉਣ ਲਈ ਕਾਰਵਾਈ ਸੂਬਾ ਕਮੇਟੀ ਨੂੰ ਸੌਂਪ ਦਿੱਤੀ।




ਸੂਬਾਈ ਆਗੂਆਂ ਧਨਵੰਤ ਸਿੰਘ ਭੱਠਲ, ਸਿਕੰਦਰ ਸਿੰਘ ਰੋਪੜ, ਇੰਦਰਜੀਤ ਸਿੰਘ ਸਿੱਧੂ, ਨਰਾਇਣ ਦੱਤ ਅਤੇ ਗੁਰਦੇਵ ਸਿੰਘ ਮਾਂਗੇਵਾਲ ਨੇ ਜਥੇਬੰਦਕ ਚੋਣਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ ਅਤੇ ਸਰਕਲ ਬਰਨਾਲਾ ਦੇ ਸਾਥੀਆਂ ਨੂੰ ਤਿੰਨ ਸਾਲ ਤੋਂ ਵੱਧ ਦੇ ਅਰਸੇ ਵਿੱਚ ਸਾਮਰਾਜੀ ਦਿਸ਼ਾ ਨਿਰਦੇਸ਼ਤ ਨਿੱਜੀਕਰਨ ਉਦਾਰੀਕਰਨ ਅਤੇ ਸੰਸਾਰੀਕਰਨ ਦੀਆਂ ਪਾਵਰਕੌਮ, ਪੰਜਾਬ ਸਰਕਾਰ ਅਤੇ ਕੇਂਦਰ ਸਰਕਾਰ ਵੱਲੋਂ ਲਾਗੂ ਕੀਤੀਆਂ ਜਾ ਰਹੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਚੱਲੇ ਸੰਘਰਸ਼ਾਂ ਵਿੱਚ ਪਾਏ ਯੋਗਦਾਨ ਦੀ ਜ਼ੋਰਦਾਰ ਸ਼ਲਾਘਾ ਕੀਤੀ। ਆਗੂਆਂ ਕਿਹਾ ਕਿ ਪਾਵਰਕੌਮ ਦੇ ਪੈਨਸ਼ਨਰਜ਼ ਦੀ ਸੂਝਬੂਝ ਦਾ ਹੀ ਸਿੱਟਾ ਹੈ ਕਿ ਉਹ ਆਪਣੇ ਆਪ ਨੂੰ ਪਾਵਰਕੌਮ ਪੈਨਸ਼ਨਰਜ਼ ਦੇ ਮੰਗਾਂ ਮਸਲਿਆਂ ਤੱਕ ਹੀ ਸੀਮਤ ਨਹੀਂ ਰੱਖਦੇ ਸਗੋਂ ਹਰ ਹਕੂਮਤੀ ਜ਼ਬਰ ਵਿਰੋਧੀ ਸੰਘਰਸ਼ ਵਿੱਚ ਆਪਣੀ ਅਗਵਾਨੂੰ ਭੂਮਿਕਾ ਨਿਭਾਉਂਦੇ ਹਨ। ਜ਼ਬਰ ਖ਼ਿਲਾਫ਼ ਟਾਕਰੇ ਦੀ ਲਹਿਰ ਮਹਿਲਕਲਾਂ ਲੋਕ ਘੋਲ ਵਿੱਚ ਲਗਾਤਾਰ ਪਾਇਆ ਜਾ ਰਿਹਾ ਯੋਗਦਾਨ ਆਪਣੇ ਆਪ ਵਿੱਚ ਇੱਕ ਮਿਸਾਲ ਹੈ।

ਇਸ ਮੌਕੇ ਡੈਲੀ ਗੇਟਾਂ ਵੱਲੋਂ ਇੱਕੋ ਇੱਕ ਪੈਨਲ ਪੇਸ਼ ਕੀਤਾ ਗਿਆ ਜਿਸ ਵਿੱਚ ਪ੍ਰਧਾਨ ਪਿਆਰਾ ਲਾਲ, ਸੀਨੀਅਰ ਮੀਤ ਪ੍ਰਧਾਨ ਮੇਲਾ ਸਿੰਘ ਕੱਟੂ, ਮੀਤ ਪ੍ਰਧਾਨ ਦਰਸ਼ਨ ਸਿੰਘ ਦਸੌਂਦਾ ਸਿੰਘ ਵਾਲਾ, ਹਰਬੰਸ ਲਾਲ, ਸਕੱਤਰ ਸਿੰਦਰ ਧੌਲਾ, ਸਹਾਇਕ ਸਕੱਤਰ ਗੋਬਿੰਦ ਕਾਂਤ, ਵਿੱਤ ਸਕੱਤਰ ਬਹਾਦਰ ਸਿੰਘ ਸੰਘੇੜਾ, ਪ੍ਰੈੱਸ ਸਕੱਤਰ ਬਲਵੰਤ ਸਿੰਘ ਬਰਨਾਲਾ, ਦਫ਼ਤਰ ਸਕੱਤਰ ਗੌਰੀ ਸ਼ੰਕਰ, ਜਥੇਬੰਦਕ ਸਕੱਤਰ ਜਗਜੀਤ ਸਿੰਘ, ਐਡੀਟਰ ਸੁਖਵਿੰਦਰ ਸਿੰਘ ਜਿਸ ਨੂੰ ਇਜਲਾਸ ਵੱਲੋਂ ਸਰਬਸੰਮਤੀ ਨਾਲ ਪ੍ਰਵਾਨ ਕਰ ਲਿਆ ਗਿਆ।

ਮੌਜੂਦਾ ਹਾਲਤਾਂ ਸਬੰਧੀ ਗੰਭੀਰ ਵਿਚਾਰਾਂ ਕਰਦੇ ਹੋਏ ਸਰਬਸੰਮਤੀ ਨਾਲ ਜ਼ੋਰਦਾਰ ਨਾਹਰਿਆਂ ਨਾਲ ਮਤੇ ਪਾਸ ਕੀਤੇ ਗਏ। ਜਿਨ੍ਹਾਂ ਵਿੱਚ ਭਗਵੰਤ ਮਾਨ ਸਰਕਾਰ ਵੱਲੋਂ ਹੱਕ ਮੰਗਦੇ ਕਿਸਾਨਾਂ-ਮਜ਼ਦੂਰਾਂ-ਮੁਲਾਜਮਾਂ-ਬੇਰੁਜਗਾਰਾਂ ਅਤੇ ਹੋਰ ਮਿਹਨਤਕਸ਼ ਤਬਕਿਆਂ ਉੱਪਰ ਪੁਲਿਸ ਜ਼ਬਰ ਦੀ ਨਿਖੇਧੀ, ਪਾਣੀਆਂ ਦੇ ਮਸਲੇ ਖਾਸ ਕਰ ਬੀਬੀਐਮਬੀ ਵੱਲੋਂ ਹਰਿਆਣਾ ਨੂੰ ਕੇਂਦਰ ਸਰਕਾਰ ਦੀ ਪੰਜਾਬ ਪ੍ਰਤੀ ਧੱਕੇਸ਼ਾਹੀ ਦੀ ਨੀਤੀ ਤਹਿਤ ਜ਼ਬਰੀ ਪਾਣੀ ਛੱਡਣ ਦੀ ਨੀਤੀ ਦੀ ਨਿਖੇਧੀ ਕੀਤੀ ਅਤੇ ਇਹ ਮਸਲਾ ਦੋਵੇਂ ਰਾਜਾਂ ਦੀਆਂ ਲੋੜਾਂ ਮੁਤਾਬਕ ਉਸਾਰੂ ਆਪਸੀ ਸਹਿਮਤੀ ਨਾਲ ਨਜਿੱਠਣ ਦੀ ਮੰਗ ਕੀਤੀ ਗਈ, ਪਹਿਲਗਾਮ ਵਿੱਚ ਮਾਰੇ ਗਏ 26 ਸੈਲਾਨੀਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਅਤੇ ਇਸ ਘਟਨਾ ਦੀ ਨਿਰਪੱਖ ਜਾਂਚ ਕਰਵਾਕੇ ਦੋਸ਼ੀਆਂ ਨੂੰ ਸਜ਼ਾ ਦੇਣ ਦੀ ਮੰਗ ਕੀਤੀ ਗਈ, ਮੋਦੀ ਹਕੂਮਤ ਵੱਲੋਂ ਅੰਨ੍ਹਾ ਜਾਨੂੰਨ ਭੜਕਾ ਕੇ ਭਰਾ ਮਾਰ ਜੰਗ ਦੀ ਭੱਠੀ ਵਿੱਚ ਝੋਕਣ ਦੀਆਂ ਸਾਜ਼ਿਸ਼ਾਂ ਤੋਂ ਖ਼ਬਰਦਾਰ ਕੀਤਾ ਗਿਆ, ਇਜ਼ਰਾਈਲੀ ਹਾਕਮਾਂ ਵੱਲੋਂ ਫਲਸਤੀਨੀ ਲੋਕਾਂ ਦੀ ਕੀਤੀ ਜਾ ਰਹੀ ਨਸਲਕੁਸ਼ੀ ਬੰਦ ਕਰਨ ਦੀ ਮੰਗ ਕੀਤੀ ਗਈ, ਜਾਨਹੂਲਵੇਂ ਸੰਘਰਸ਼ਾਂ ਰਾਹੀਂ ਹਾਸਲ ਕੀਤੇ 44 ਕਿਰਤ ਕਾਨੂੰਨਾਂ ਦਾ ਭੋਗ ਪਾਕੇ 4 ਕੋਡਾਂ ਵਿੱਚ ਤਬਦੀਲ ਕਰਨ ਖਿਲਾਫ਼ 20 ਮਈ ਨੂੰ ਮੁਲਕ ਪੱਧਰੀ ਹੜਤਾਲ ਦੀ ਹਮਾਇਤ ਕਰਨ ਦਾ ਐਲਾਨ ਕੀਤਾ ਗਿਆ ਅਤੇ ਜੰਗਬਾਜ਼ਾਂ ਖਿਲਾਫ਼ ਐੱਸਕੇਐੱਮ ਵੱਲੋਂ 14 ਮਈ ਨੂੰ ਕੀਤੇ ਜਾ ਰਹੇ ਅਮਨ ਮਾਰਚ ਵਿੱਚ ਸ਼ਾਮਿਲ ਹੋਣ ਦਾ ਫ਼ੈਸਲਾ ਕੀਤਾ ਗਿਆ।

ਇਸ ਮੌਕੇ ਅਜਮੇਰ ਸਿੰਘ ਅਕਲੀਆ ਅਤੇ ਹਾਕਮ ਸਿੰਘ ਨੂਰ ਨੇ ਇਨਕਲਾਬੀ ਗੀਤ ਪੇਸ਼ ਕੀਤੇ। ਮੁਖਤਿਆਰ ਸਿੰਘ ਸ਼ੇਰਪੁਰ, ਸੁਖਦੇਵ ਸਿੰਘ ਪ੍ਰਧਾਨ ਧੂਰੀ ਅਤੇ ਅਮਰਜੀਤ ਅਮਨ ਸਕੱਤਰ ਧੂਰੀ ਸਰਕਲ ਕਮੇਟੀ ਬਰਨਾਲਾ ਵੱਲੋਂ ਵਿਸ਼ੇਸ਼ ਤੌਰ ‘ਤੇ ਸਨਮਾਨ ਕੀਤਾ ਗਿਆ।

# ਕੈਬਨਿਟ ਮੰਤਰੀ ਵੱਲੋਂ ਵੱਖ ਵੱਖ ਧਰਮਸ਼ਾਲਾਵਾਂ ਨੂੰ 31 ਲੱਖ ਰੁਪਏ ਦੇ ਚੈੱਕ ਭੇਟ

## - ਸਾਰੇ ਭਾਈਚਾਰਿਆਂ ਅਤੇ ਵਰਗਾਂ ਦਾ ਸਮਾਨਾਂਤਰ ਵਿਕਾਸ ਪ੍ਰਮੁੱਖ ਤਰਜ਼ੀਹ: ਬਰਿੰਦਰ ਕੁਮਾਰ ਗੋਇਲ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਦਲਜੀਤ ਕੌਰ

ਲਹਿਰਾਗਾਗਾ, 13 ਮਈ, 2025: ਪੰਜਾਬ ਦੇ ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਹਲਕਾ ਲਹਿਰਾਗਾਗਾ ਦੇ ਬਲਾਕ ਅੰਨਦਾਨਾ ਦੇ 15 ਪਿੰਡਾਂ ਦੀਆਂ ਪੰਚਾਇਤਾਂ ਨੂੰ ਵੱਖ ਵੱਖ ਧਰਮਸ਼ਾਲਾਵਾਂ ਵਿੱਚ ਬੁਨਿਆਦੀ ਸਹੂਲਤਾਂ ਮੁਹਈਆ ਕਰਵਾਉਣ ਲਈ 31 ਲੱਖ ਰੁਪਏ ਦੀਆਂ ਗ੍ਰਾਂਟਾਂ ਦੇ ਚੈੱਕ ਵੰਡੇ। ਇਸ ਮੌਕੇ ਉਕਤ ਪੰਚਾਇਤਾਂ, ਇਲਾਕੇ ਦੇ ਮੋਹਤਬਰ ਵਿਅਕਤੀ ਅਤੇ ਵੱਡੀ ਗਿਣਤੀ ਵਿੱਚ ਆਮ ਲੋਕ ਹਾਜ਼ਰ ਸਨ।




ਇਸ ਮੌਕੇ ਜਿਹੜੇ ਪਿੰਡਾਂ ਦੀਆਂ ਪੰਚਾਇਤਾਂ ਨੂੰ ਚੈੱਕ ਵੰਡੇ ਗਏ, ਉਹਨਾਂ ਵਿੱਚ ਪਿੰਡ ਮਨਿਆਣਾ, ਕਰੋਂਦਾ, ਰਾਜਲਹੇੜੀ, ਭੂੰਦੜਭੈਣੀ, ਬਾਹਮਣੀਵਾਲਾ, ਕੜੈਲ, ਬਾਦਲਗੜ੍ਹ, ਹਰੀਗੜ੍ਹ ਗਹਿਲਾ, ਬਾਉਪੁਰ, ਸੁਰਜਨ ਭੈਣੀ, ਸਲੇਮਗੜ, ਸ਼ੇਰਗੜ੍ਹ, ਰਾਮਪੁਰਾ ਗੁੱਜਰਾਂ, ਮਹਾ ਸਿੰਘ ਵਾਲਾ ਅਤੇ ਭੁਲਣ ਸ਼ਾਮਿਲ ਹਨ। ਇਸ ਰਾਸ਼ੀ ਨਾਲ ਇਹਨਾਂ ਪਿੰਡਾਂ ਦੀਆਂ ਧਰਮਸ਼ਾਲਾਵਾਂ ਵਿੱਚ ਬੁਨਿਆਦੀ ਸਹੂਲਤਾਂ ਮੁਹਈਆ ਕਰਵਾਈਆਂ ਜਾਣਗੀਆਂ।

ਇਸ ਮੌਕੇ ਸੰਬੋਧਨ ਕਰਦਿਆਂ ਉਹਨਾਂ ਕਿਹਾ ਹੈ ਕਿ ਪੰਜਾਬ ਸਰਕਾਰ ਸੂਬੇ ਦੇ ਯੋਜਨਾਬੱਧ ਵਿਕਾਸ ਨੂੰ ਯਕੀਨੀ ਬਣਾਉਣ ਲਈ ਦਿਨ ਰਾਤ ਕੰਮ ਕਰ ਰਹੀ ਹੈ। ਸੂਬੇ ਵਿੱਚ ਸਾਰੇ ਭਾਈਚਾਰਿਆਂ ਅਤੇ ਵਰਗਾਂ ਦੇ ਸਮਾਨਾਂਤਰ ਵਿਕਾਸ ਨੂੰ ਪ੍ਰਮੁੱਖ ਤਰਜ਼ੀਹ ਦਿੱਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਉਹ ਸੂਬਾ ਕਦੇ ਵੀ ਤਰੱਕੀ ਨਹੀਂ ਕਰ ਸਕਦਾ ਜਿਸ ਵਿੱਚ ਕੁਝ ਵਰਗਾਂ ਨੂੰ ਰੋਟੀ ਲਈ ਵੀ ਜੱਦੋ ਜਹਿਦ ਕਰਨੀ ਪੈਂਦੀ ਹੈ। ਪੰਜਾਬ ਸਰਕਾਰ ਦੀ ਕੋਸ਼ਿਸ਼ ਹੈ ਕਿ ਹਰੇਕ ਵਿਅਕਤੀ ਕੋਲ ਆਪਣਾ ਘਰ, ਤਿੰਨ ਸਮੇਂ ਦੀ ਰੋਟੀ ਅਤੇ ਬੁਨਿਆਦੀ ਸਹੂਲਤਾਂ ਮੌਜੂਦ ਹੋਣ। ਇਸ ਮੌਕੇ ਉਹਨਾਂ ਨਾਲ ਓ ਐਸ ਡੀ ਸ਼੍ਰੀ ਰਾਕੇਸ਼ ਕੁਮਾਰ ਗੁਪਤਾ ਵੀ ਹਾਜ਼ਰ ਸਨ।

# ਸਿਵਲ ਡਿਫੈਂਸ ਤਹਿਤ ਜ਼ਿਲ੍ਹੇ ‘ਚ ਵੱਡੇ ਪੱਧਰ ‘ਤੇ ਚਲਾਈ ਜਾਵੇਗੀ ਜਾਗਰੂਕਤਾ ਮੁਹਿੰਮ - ਆਸ਼ਿਕਾ ਜੈਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਹੁਸ਼ਿਆਰਪੁਰ (ਸਤਨਾਮ ਸਿੰਘ ਸਹੂੰਗੜਾ) ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਜ਼ਿਲ੍ਹੇ ਵਿਚ ਸਿਵਲ ਡਿਫੈਂਸ ਸਬੰਧੀ ਵੱਡੇ ਪੱਧਰ ‘ਤੇ ਜਾਗਰੂਕਤਾ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਤਹਿਤ ਜ਼ਿਲ੍ਹੇ ਦੇ ਹਰੇਕ ਪਿੰਡ ਅਤੇ ਕਸਬੇ ਤੱਕ ਪਹੁੰਚ ਕੀਤੀ ਜਾਵੇਗੀ। ਇਸ ਸਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਦੌਰਾਨ ਉਨ੍ਹਾਂ ਹਦਾਇਤ ਕੀਤੀ ਕਿ ਇਸ ਬਾਰੇ ਮਹੀਨਾਵਾਰ ਪਲਾਨ ਤਿਆਰ ਕਰਕੇ ਵਲੰਟੀਅਰਾਂ ਦੀਆਂ ਡਿਊਟੀਆਂ ਲਗਾਈਆਂ ਜਾਣ।ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦੌਰਾਨ ਵੀ ਵਲੰਟੀਅਰਾਂ ਰਾਹੀਂ ਲੋਕਾਂ ਨੂੰ ਇਸ ਸਬੰਧੀ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪਿੰਡਾਂ ਅਤੇ ਕਸਬਿਆਂ ਵਿਚ ਪਬਲਿਕ ਮੀਟਿੰਗਾਂ ਕਰਕੇ ਇਸ ਸਬੰਧੀ ਜਾਗਰੂਕ ਫੈਲਾਈ ਜਾਵੇ। ਉਨ੍ਹਾਂ ਕਿਹਾ ਕਿ ਇਸ ਦੌਰਾਨ ਪ੍ਰਚਾਰ ਸਮੱਗਰੀ ਰਾਹੀਂ ਉਨ੍ਹਾਂ ਨੂੰ ਆਸਮਾਨ ‘ਤੇ ਦਿਖਾਈ ਦਿੰਦੀ ਕਿਸੇ



ਵਸਤੂ ਦੀ ਪਹਿਚਾਣ ਕਰਨੀ ਸਿਖਾਈ ਜਾਵੇ ਕਿ ਉਹ ਵਸਤੂ ਸੈਟੇਲਾਈਟ, ਜਹਾਜ, ਡਰੋਨ ਜਾਂ ਕੋਈ ਹੋਰ ਚੀਜ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਅਧਿਕਾਰੀਆਂ ਨੂੰ ਅਫ਼ਵਾਹਾਂ ਨੂੰ ਠੱਲ੍ਹ ਪਾਉਣ ਲਈ ਵਧੇਰੇ ਚੌਕਸੀ ਅਤੇ ਸਖ਼ਤੀ ਵਰਤਣ ਦੀ ਹਦਾਇਤ ਕੀਤੀ। ਉਨ੍ਹਾਂ ਕਿਹਾ ਕਿ ਕੁਝ ਅਜਿਹੇ ਮਾਮਲੇ ਧਿਆਨ ਵਿਚ ਆ ਰਹੇ ਹਨ ਕਿ ਕੁਝ ਸ਼ਰਾਰਤੀ ਕਿਸਮ ਦੇ ਅਨਸਰ ਜਾਣ-ਬੁੱਝ ਕੇ ਨਾਗਰਿਕਾਂ ਵਿਚ ਅਸੁਰੱਖਿਆ ਦੀ ਭਾਵਨਾ ਪੈਦਾ ਕਰਨ ਵਾਲੀਆਂ ਫੇਕ ਨਿਊਜ਼ ਅਤੇ ਤੱਥਹੀਣ ਸਮੱਗਰੀ ਨੂੰ ਸੋਸ਼ਲ ਮੀਡੀਆ ‘ਤੇ ਅਪਲੋਡ ਕਰ ਰਹੇ ਹਨ, ਜਿਸ ਨੂੰ ਸਖ਼ਤੀ ਨਾਲ ਰੋਕੇ ਜਾਣ ਦੀ ਤੁਰੰਤ ਲੋੜ ਹੈ। ਉਨ੍ਹਾਂ ਜ਼ਿਲ੍ਹਾ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸੋਸ਼ਲ ਮੀਡੀਆ ਜਾਂ ਹੋਰ ਸਾਧਨਾਂ ਰਾਹੀਂ ਫੈਲਾਈਆਂ ਜਾ ਰਹੀਆਂ ਬੇਬੁਨਿਆਦ ਅਤੇ ਤੱਥਹੀਣ ਖ਼ਬਰਾਂ ‘ਤੇ ਬਿਲਕੁਲ ਵੀ ਯਕੀਨ ਨਾ ਕਰਨ ਅਤੇ ਜੇਕਰ ਜ਼ਿਲ੍ਹਾ ਪ੍ਰਸ਼ਾਸਨ ਜਾਂ ਪੁਲਿਸ ਵਲੋਂ ਲੋਕ ਹਿੱਤ ਵਿਚ ਕੋਈ ਜਾਣਕਾਰੀ ਸਾਂਝੀ ਕੀਤੀ ਜਾਂਦੀ ਹੈ ਤਾਂ ਉਸ ਨੂੰ ਹੀ ਸਹੀ ਮੰਨਿਆ ਜਾਵੇ। ਉਨ੍ਹਾਂ ਕਿਹਾ ਕਿ ਵਟਸਐਪ ‘ਤੇ ਆਉਣ ਵਾਲੀਆਂ ਗੈਰ-ਪ੍ਰਮਾਣਿਤ ਖ਼ਬਰਾਂ ਨੂੰ ਵੀ ਅੱਗੇ ਕਿਸੇ ਨਾਲ ਸਾਂਝਾ ਨਾ ਕੀਤਾ ਜਾਵੇ, ਕਿਉਂਕਿ ਅਫ਼ਵਾਹਾਂ ਫੈਲਾਉਣ ਵਾਲਿਆਂ ‘ਤੇ ਪੁਲਿਸ ਦੇ ਸਾਈਬਰ ਸੈੱਲ ਵਲੋਂ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ ਅਤੇ ਜੇਕਰ ਕੋਈ ਵਿਅਕਤੀ ਅਜਿਹਾ ਕਰਦਾ ਪਾਇਆ ਜਾਂਦਾ ਹੈ ਤਾਂ ਉਸ ਖਿਲਾਫ਼ ਪੁਲਿਸ ਕੇਸ ਦਰਜ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਸਮੇਂ-ਸਮੇਂ ‘ਤੇ ਸਰਕਾਰ ਵਲੋਂ ਜਾਰੀ ਹੋਣ ਵਾਲੇ ਦਿਸ਼ਾ-ਨਿਰਦੇਸ਼ਾਂ ਅਤੇ ਐਡਵਾਇਜ਼ਰੀ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਹੁਸ਼ਿਆਰਪੁਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜ਼ਿਲ੍ਹੇ ਦੀਆਂ ਸਾਰੀਆਂ ਤਹਿਸੀਲਾਂ ਵਿਚ ਮੌਕ ਡਰਿੱਲ ਤੇ ਬਲੈਕ ਆਊਟ ਦੇ ਜ਼ਰੀਏ ਆਪਣੇ ਨਾਗਰਿਕਾਂ ਨੂੰ ਕਿਸੇ ਵੀ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਜਿੱਥੇ ਜਾਗਰੂਕ ਕੀਤਾ ਜਾ ਰਿਹਾ ਹੈ ਉੱਥੇ ਸਿਵਲ ਡਿਫੈਂਸ ਵਲੰਟੀਅਰ ਫੌਜ ਵੀ ਤਿਆਰ ਕੀਤੀ ਗਈ ਹੈ, ਜਿਸ ਵਿਚ ਐੱਨ.ਜੀ.ਓਜ਼, ਐੱਨ.ਸੀ.ਸੀ ਕੈਡਿਟਸ, ਐੱਨ.ਐੱਸ.ਐੱਸ ਵਲੰਟੀਅਰ, ਸਾਬਕਾ ਸੈਨਿਕ, ਪਿੰਡਾਂ ਦੇ ਸਰਪੰਚ, ਪੰਚ ਅਤੇ

# ਗਲਤ ਫ਼ਹਿਮੀਆਂ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

**ਐਡੀ ਖੰਨਾ ( ਕੈਨੇਡਾ )**



ਏਦਾਂ ਕਿੱਦਾਂ ਪਿਆਰ ਚ ਅੰਧਵਿਸ਼ਵਾਸ਼ੀ ਹੋਈ ਮੈਂ
ਤੇਰੀ ਮੁਹੱਬਤ ਦਾ ਹਮੇਸ਼ਾਂ ਮੈਨੂੰ ਇਹ ਸਵਾਲ ਰਹੂ
ਤੇ ਚਾਹ ਕੇ ਵੀ ਤੈਨੂੰ ਕੁਛ ਦਸ ਨਾ ਸਕੀ
ਮੇਰੇ ਦਿਲ ਚ ਹਮੇਸ਼ਾਂ ਇਹ ਮਲਾਲ ਰਹੂ

ਪਛਤਾਵਾ ਛੱਡ ਕੇ ਕੇਲੇ,ਖੌਰੇ ਕਿਹੜੇ ਰਾਹ ਜਾਂਦੀਆਂ ਨੇ
ਗਲਤ ਫ਼ਹਿਮੀਆਂ ਅਕਸਰ
ਮੁਹੱਬਤ ਦੀਆਂ ਉਮਰਾਂ ਘਟਾ ਜਾਂਦੀਆਂ ਨੇ

# ਆਂਧਰਾ ਪ੍ਰਦੇਸ਼ ਅਨੁਸੂਚਿਤ ਕਬਾਇਲੀ ਖੇਤਰਾਂ ਵਿੱਚ 100 ਪ੍ਰਤੀਸ਼ਤ ਸਥਾਨਕ ਐਸਟੀ ਰਾਖਵਾਂਕਰਨ ਲਾਗੂ ਕਰਨ ਦੇ ਤਰੀਕਿਆਂ ਦਾ ਮੁਲਾਂਕਣ ਕਰ ਰਿਹਾ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਐਨ ਚੰਦਰਬਾਬੂ ਨਾਇਡੂ ਨੇ ਸੋਮਵਾਰ (12 ਮਈ) ਨੂੰ ਐਲਾਨ ਕੀਤਾ ਕਿ ਉਨ੍ਹਾਂ ਦੀ ਸਰਕਾਰ ਰਾਜ ਦੇ ਸਾਰੇ ਕਬਾਇਲੀ (ਅਨੁਸੂਚਿਤ) ਖੇਤਰਾਂ ਵਿੱਚ ਸਰਕਾਰੀ ਨੌਕਰੀਆਂ ਵਿੱਚ ਸਥਾਨਕ ਅਨੁਸੂਚਿਤ ਜਨਜਾਤੀ (ਐਸਟੀ) ਉਮੀਦਵਾਰਾਂ ਲਈ 100 ਪ੍ਰਤੀਸ਼ਤ ਰਾਖਵਾਂਕਰਨ ਲਾਗੂ ਕਰਨ ਦੇ ਤਰੀਕਿਆਂ ਦਾ ਮੁਲਾਂਕਣ ਕਰ ਰਹੀ ਹੈ, ਇੰਡੀਅਨ ਐਕਸਪ੍ਰੈਸ ਦੀ ਰਿਪੋਰਟ ਅਨੁਸਾਰ।

ਕਬਾਇਲੀ ਭਲਾਈ ਬਾਰੇ ਇੱਕ ਸਮੀਖਿਆ ਮੀਟਿੰਗ ਦੌਰਾਨ ਬੋਲਦੇ ਹੋਏ, ਨਾਇਡੂ ਨੇ ਕਿਹਾ ਕਿ ਪ੍ਰਸ਼ਾਸਨ ਸਰਕਾਰੀ ਆਦੇਸ਼ (ਜੀਓ) ਨੰਬਰ 3 ਨੂੰ ਮੁੜ ਸੁਰਜੀਤ ਕਰਨ ਦੇ ਵਿਕਲਪਾਂ 'ਤੇ ਵਿਚਾਰ ਕਰ ਰਿਹਾ ਹੈ, ਜਿਸ ਨੂੰ 2020 ਵਿੱਚ ਸੁਪਰੀਮ ਕੋਰਟ ਨੇ ਰੱਦ ਕਰ ਦਿੱਤਾ ਸੀ। ਅਸਲ ਵਿੱਚ 2000 ਵਿੱਚ ਜਾਰੀ ਕੀਤੇ ਗਏ ਜੀਓ ਵਿੱਚ ਇਹ ਹੁਕਮ ਦਿੱਤਾ ਗਿਆ ਸੀ ਕਿ ਅਨੁਸੂਚਿਤ ਖੇਤਰਾਂ ਵਿੱਚ ਸਥਿਤ ਸਕੂਲਾਂ ਵਿੱਚ ਸਾਰੀਆਂ ਅਧਿਆਪਨ ਅਸਾਮੀਆਂ ਵਿਸ਼ੇਸ਼ ਤੌਰ 'ਤੇ ਸਥਾਨਕ ਕਬਾਇਲੀ ਉਮੀਦਵਾਰਾਂ ਦੁਆਰਾ ਭਰੀਆਂ ਜਾਣ।

ਇਸ ਵਿਵਸਥਾ ਨੂੰ ਬਹਾਲ ਕਰਨਾ 2024 ਵਿੱਚ ਨਾਇਡੂ ਦੇ ਮੁੱਖ ਚੋਣ ਵਾਅਦਿਆਂ ਵਿੱਚੋਂ ਇੱਕ ਸੀ।

ਨਾਇਡੂ ਨੇ ਯਾਦ ਦਿਵਾਇਆ ਕਿ 1986 ਵਿੱਚ ਜਾਰੀ ਕੀਤੇ ਗਏ ਇੱਕ ਸਮਾਨ ਆਦੇਸ਼ ਨੇ ਪਹਿਲਾਂ ਹੀ ਏਜੰਸੀ ਖੇਤਰਾਂ ਵਿੱਚ ਅਧਿਆਪਨ ਅਹੁਦਿਆਂ ਲਈ 100 ਪ੍ਰਤੀਸ਼ਤ ਰਾਖਵਾਂਕਰਨ ਦਿੱਤਾ ਸੀ। 2000 ਜੀਓ ਨੂੰ ਬਾਅਦ ਵਿੱਚ ਕਾਨੂੰਨੀ ਵਿਚਾਰਾਂ ਨੂੰ ਹੱਲ ਕਰਨ ਲਈ ਪੇਸ਼ ਕੀਤਾ ਗਿਆ ਸੀ, ਜਿਸ ਵਿੱਚ ਲਿੰਗ ਰਾਖਵਾਂਕਰਨ ਵੀ ਸ਼ਾਮਲ ਹੈ। "ਇਸਦੇ ਲਾਗੂ ਹੋਣ ਤੋਂ ਬਾਅਦ, ਗਿਰੀਜਨਾਂ ਨੇ ਏਜੰਸੀ ਖੇਤਰਾਂ ਵਿੱਚ 4,626 ਅਧਿਆਪਕ ਅਹੁਦੇ ਪ੍ਰਾਪਤ ਕੀਤੇ," ਉਨ੍ਹਾਂ ਕਿਹਾ, ਜਿਵੇਂ ਕਿ ਇੰਡੀਅਨ ਐਕਸਪ੍ਰੈਸ ਦੁਆਰਾ ਹਵਾਲਾ ਦਿੱਤਾ ਗਿਆ ਹੈ।

ਹਾਲਾਂਕਿ, ਸੁਪਰੀਮ ਕੋਰਟ ਨੇ ਅੰਤ ਵਿੱਚ ਜੀਓ ਨੂੰ ਅਯੋਗ ਕਰ ਦਿੱਤਾ, ਅਤੇ ਪਿਛਲੀ ਰਾਜ ਸਰਕਾਰ ਦੁਆਰਾ ਸਮੇਂ ਸਿਰ ਸਮੀਖਿਆ ਪਟੀਸ਼ਨ ਦਾਇਰ ਕਰਨ ਵਿੱਚ ਦੇਰੀ ਕਾਰਨ ਅਪੀਲ ਖਾਰਜ ਹੋ ਗਈ, ਜਿਸ ਨਾਲ ਇਸਨੇ ਕਬਾਇਲੀ ਭਾਈਚਾਰਿਆਂ ਨੂੰ ਪੇਸ਼ ਕੀਤੇ ਲਾਭਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਖਤਮ ਕਰ ਦਿੱਤਾ।

ਸੋਮਵਾਰ ਦੀ ਮੀਟਿੰਗ ਵਿੱਚ, ਕੋਟੇ ਨੂੰ ਬਹਾਲ ਕਰਨ ਜਾਂ ਦੁਬਾਰਾ ਸ਼ੁਰੂ ਕਰਨ ਲਈ ਕਾਨੂੰਨੀ ਅਤੇ ਸੰਵਿਧਾਨਕ ਮਾਰਗਾਂ ਦੀ ਪਛਾਣ ਕਰਨ 'ਤੇ ਧਿਆਨ ਕੇਂਦਰਿਤ ਕੀਤਾ ਗਿਆ। ਅਧਿਕਾਰੀਆਂ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਤਿੰਨ ਸੰਭਾਵੀ ਤਰੀਕੇ ਹਨ: ਸਥਾਨਕ ਕਬੀਲਿਆਂ ਲਈ ਪੂਰਾ ਰਾਖਵਾਂਕਰਨ ਬਹਾਲ ਕਰਨਾ, ਕਬਾਇਲੀ ਆਬਾਦੀ ਅਨੁਪਾਤ ਨਾਲ ਕੋਟੇ ਨੂੰ ਇਕਸਾਰ ਕਰਨਾ, ਜਾਂ ਸੁਪਰੀਮ ਕੋਰਟ ਦੇ ਨਿਰਦੇਸ਼ਾਂ ਅਨੁਸਾਰ ਰਾਖਵਾਂਕਰਨ ਨੂੰ 50 ਪ੍ਰਤੀਸ਼ਤ ਤੱਕ ਸੀਮਤ ਕਰਨਾ।

ਨਾਇਡੂ ਨੇ ਵਿਆਪਕ ਸਲਾਹ-ਮਸ਼ਵਰੇ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ: "ਰਾਸ਼ਟਰੀ ਪੱਧਰ 'ਤੇ ਕਾਨੂੰਨੀ ਅਤੇ ਸੰਵਿਧਾਨਕ ਮਾਹਿਰਾਂ ਨਾਲ ਵਿਚਾਰ-ਵਟਾਂਦਰਾ ਕੀਤਾ ਜਾਣਾ ਚਾਹੀਦਾ ਹੈ।" ਉਨ੍ਹਾਂ ਅੱਗੇ ਕਿਹਾ, "ਆਦਿਵਾਸੀਆਂ ਨਾਲ ਇਨਸਾਫ਼ ਕਰਨ ਲਈ ਉਪਲਬਧ ਕੋਈ ਵੀ ਮੌਕਾ ਛੱਡਣ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ।"

ਉਨ੍ਹਾਂ ਅਧਿਕਾਰੀਆਂ ਨੂੰ ਜੀਓ ਨੰਬਰ 3 ਦੀ ਬਹਾਲੀ 'ਤੇ ਕਬਾਇਲੀ ਭਾਈਚਾਰਿਆਂ ਅਤੇ ਉਨ੍ਹਾਂ ਦੇ ਪ੍ਰਤੀਨਿਧੀ ਸੰਗਠਨਾਂ ਤੋਂ ਫੀਡਬੈਕ ਇਕੱਠਾ ਕਰਨ ਦੇ ਨਿਰਦੇਸ਼ ਵੀ ਦਿੱਤੇ।

# ਕੈਨੇਡਾ: ਪ੍ਰਧਾਨ ਮੰਤਰੀ ਵੱਲੋਂ ਮੰਤਰੀ ਮੰਡਲ ਦਾ ਗਠਨ

## ਰਣਦੀਪ ਸਿੰਘ ਸਰਾਏ, ਮਨਿੰਦਰ ਸਿੱਧੂ ਅਤੇ ਰੂਬੀ ਸਹੋਤਾ ਨੂੰ ਮੰਤਰੀ ਬਣਾਇਆ; ਤਿੰਨ ਪੰਜਾਬੀ ਪਿਛੋਕੜ ਵਾਲਿਆਂ ਨੂੰ ਮੰਤਰੀ ਮੰਡਲ ਵਿੱਚ ਥਾਂ ਮਿਲੀ; ਦੋ ਦਰਜਨ ਨਵੇਂ ਚਿਹਰੇ ਸ਼ਾਮਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਕੈਨੇਡਾ ਦੀਆਂ ਫੈਡਰਲ ਚੋਣਾਂ ਤੋਂ ਦੋ ਹਫਤੇ ਬਾਅਦ ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਆਪਣੇ ਮੰਤਰੀ ਮੰਡਲ ਦਾ ਗਠਨ ਕਰ ਲਿਆ ਹੈ ਜਿਸ ਵਿੱਚ ਸ਼ਾਮਲ ਕੀਤੇ ਮੰਤਰੀਆਂ ਵਿੱਚ ਦੋ ਦਰਜਨ ਨਵੇਂ ਚਿਹਰੇ ਸ਼ਾਮਲ ਕੀਤੇ ਗਏ ਹਨ ਤੇ ਇਸ ਵਿਚ ਔਰਤਾਂ ਅਤੇ ਖੇਤਰੀ ਪ੍ਰਤੀਨਿਧਤਾ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਹੈ। ਕਈ ਸਾਲਾਂ ਬਾਅਦ (ਸਾਬਕਾ ਪ੍ਰਧਾਨ ਮੰਤਰੀ ਸਟੀਵਨ ਹਾਰਪਰ ਤੋਂ ਬਾਅਦ) ਕੁਝ ਸੰਸਦ ਮੈਂਬਰਾਂ ਨੂੰ ਰਾਜ ਮੰਤਰੀ (ਪ੍ਰਿੰਸੀਪਲ ਸਕੱਤਰ) ਵਜੋਂ ਨਿਵਾਜਿਆ ਗਿਆ ਹੈ। ਸਰੀ ਸੈਂਟਰ ਤੋਂ ਲਗਾਤਾਰ ਚੌਥੀ ਵਾਰ ਚੁਣ ਕੇ ਆਏ ਜਲੰਧਰ ਨੇੜਲੇ ਪਿੰਡ ਸਰਾਏ ਖਾਸ ਦੇ ਪਿਛੋਕੜ ਵਾਲੇ ਰਣਦੀਪ ਸਿੰਘ ਸਰਾਏ (ਪਗੜੀਧਾਰੀ) (ਰਾਜ ਮੰਤਰੀ ਅੰਤਰਰਾਸ਼ਟਰੀ ਵਿਕਾਸ ਵਿਭਾਗ), ਬਰੈਂਪਟਨ ਤੋਂ ਚੁਣੇ ਗਏ ਮਨਿੰਦਰ ਸਿੱਧੂ ( ਕੌਮਾਂਤਰੀ ਵਪਾਰ ਵਿਭਾਗ) ਅਤੇ ਰੂਬੀ ਸਹੋਤਾ (ਰਾਜ ਮੰਤਰੀ ਜੁਰਮ ਰੋਕੂ ਵਿਭਾਗ) ਨੂੰ ਸ਼ਾਮਲ ਕਰਕੇ ਪੰਜਾਬੀ ਭਾਈਚਾਰੇ ਦਾ ਮਾਣ ਵਧਾਇਆ ਗਿਆ ਹੈ। ਸਾਬਕਾ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਨੂੰ ਫਿਰ ਤੋਂ ਸ਼ਾਮਲ ਕਰਕੇ ਟਰਾਂਸਪੋਰਟ ਤੇ ਟਰੇਡ ਵਿਭਾਗ ਸੌਂਪਿਆ ਗਿਆ ਹੈ। ਓਂਟਾਰੀਓ ਦੇ ਟਰਾਂਟੋ ਖੇਤਰ ਤੋਂ 12 ਸੰਸਦ ਮੈਂਬਰਾਂ ਨੂੰ ਮੰਤਰੀ ਮੰਡਲ ਵਿੱਚ ਸ਼ਾਮਲ ਕੀਤਾ ਗਿਆ ਹੈ।

ਰਿਡਿਊ ਹਾਲ ਦੇ ਮੁੱਖ ਹਾਲ ਵਿੱਚ ਸਹੁੰ ਚੁੱਕ ਸਮਾਗਮ ਵਿੱਚ ਦਾਖਲੇ ਤੋਂ ਪਹਿਲਾਂ ਸ਼ਾਮਲ ਕੀਤੇ ਜਾਣ ਵਾਲੇ ਮੰਤਰੀਆਂ ਨੂੰ ਸਟੇਜ ਦੇ ਸਾਹਮਣੇ ਬਿਠਾਉਣ ਤੋਂ ਬਾਅਦ ਪ੍ਰਧਾਨ ਮੰਤਰੀ ਮਾਰਕ ਕਾਰਨੀ ਅਤੇ ਗਵਰਨਰ ਜਨਰਲ ਮੈਰੀ ਸਾਈਮਨ ਨੇ ਸਮਾਗਮ ਦੀ ਪ੍ਰਧਾਨਗੀ ਕੀਤੀ। ਸਾਢੇ 10 ਵਜੇ ਸ਼ੁਰੂ ਹੋਣ ਵਾਲਾ ਸਹੁੰ ਚੁੱਕ ਸਮਾਗਮ ਕੁਝ ਮਿੰਟ ਦੇਰੀ ਨਾਲ ਸ਼ੁਰੂ ਹੋਇਆ। ਮੰਤਰੀਆਂ ਦੀ ਗਿਣਤੀ ਕਿਆਫਿਆਂ ਦੇ ਨੇੜੇ ਹੀ ਰਹੀ। ਹਾਲਾਂ ਕਿ 14 ਮਾਰਚ ਨੂੰ ਪ੍ਰਧਾਨ ਮੰਤਰੀ ਬਣੇ ਮਾਰਕ ਕਾਰਨੀ ਨੇ 23 ਮੰਤਰੀ ਹੀ ਬਣਾਏ ਹਨ। ਮਿਲਾਨੀ ਜੌਲੀ ਤੇ ਸੀਆਨ ਫਰੇਜ਼ਰ ਫਿਰ ਤੋਂ ਮੰਤਰੀ ਬਣੇ ਹਨ। ਇੰਦਰਾ ਅਨੀਤਾ ਆਨੰਦ ਨੂੰ ਫਿਰ ਤੋਂ ਵਿਦੇਸ਼ ਵਿਭਾਗ ਦਿੱਤਾ ਗਿਆ ਹੈ। ਰੱਖਿਆ ਮੰਤਰਾਲਾ ਡੇਵਿਡ ਜੇਮਜ਼ ਨੂੰ ਦਿੱਤਾ ਗਿਆ ਹੈ। ਸ਼ਫਕਤੀ ਅਲੀ ਨੂੰ ਵੀ ਮੰਤਰੀ ਬਣਾਇਆ ਗਿਆ ਹੈ।

# ਨਕਲੀ ਸ਼ਰਾਬ ਨਾਲ ਵਿਛਣ ਵਾਲੇ ਮੌਤਾਂ ਦੇ ਸੱਥਰ ਨੂੰ ਠੱਲ੍ਹ ਪਾਉਣ ਦੀ ਲੋੜ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਅਜੀਤ ਖੰਨਾ (ਲੈਕਚਰਾਰ)
76967-54669

12 ਮਈ ਨੂੰ ਅੰਮ੍ਰਿਤਸਰ ਦੇ ਕਸਬਾ ਮਜੀਠਾ ਦੇ ਪਿੰਡ ਭੰਗਾਲੀ ਚ ਇੱਕ ਇੱਟਾਂ ਦੇ ਭੱਠੇ ਉੱਤੇ ਕੰਮ ਕਰਦੇ ਮਜ਼ਦੂਰਾਂ ਵੱਲੋਂ ਜ਼ਹਿਰੀਲੀ ਸ਼ਰਾਬ ਪੀਣ ਨਾਲ 17 ਜਣਿਆਂ ਦੀ ਮੌਤ ਹੋਣ ਦੀ ਬੁਰੀ ਖ਼ਬਰ ਸਾਹਮਣੇ ਆਈ ਹੈ।ਜਿਸ ਨੇ ਕਈ ਤਰਾਂ ਦੇ ਸਵਾਲ ਖੜੇ ਕਰ ਦਿੱਤੇ ਹਨ।ਪੰਜਾਬ ਚ ਇਹ ਕੋਈ ਪਹਿਲੀ ਘਟਨਾ ਨਹੀਂ ਹੈ।ਇਸ ਤੋਂ ਪਹਿਲਾਂ ਪਿਛਲੇ ਸਾਲ 2024 ਚ ਜਿਲਾ ਸੰਗਰੂਰ ਦੇ ਪਿੰਡ ਗੁੱਜਰਾਂ ਚ ਸ਼ਰਾਬ ਪੀਣ ਨਾਲ 8 ਮੌਤਾਂ ਹੋਣ ਦੀ ਘਟਨਾ ਵਾਪਰੀ ਸੀ।ਉਸ ਤੇ ਪਹਿਲਾਂ ਵੀ ਪੰਜਾਬ ਚ ਅਨੇਕਾਂ ਵਾਰ ਜ਼ਹਿਰੀਲੀ ਸ਼ਰਾਬ ਪੀਣ ਨਾਲ ਹਰ ਵਰ੍ਹੇ ਸੈਕੜੇ ਅਜਾਂਈ ਮੌਤਾਂ ਚਲੀਆ ਗਈਆਂ।ਹਰ ਵਾਰ ਜਾਂਚ ਦੀ ਮੰਗ ਉੱਠਦੀ ਹੈ,ਫਿਰ ਜਾਂਚ ਕਰਵਾਉਣ ਦੇ ਹੁਕਮ ਹੁੰਦੇ ਹਨ ਤੇ ਜਾਂਚ ਸ਼ੁਰੂ ਹੁੰਦੀ ਹੈ।ਪਰ ਜਿਵੇਂ ਹੀ ਲੋਕ ਰੋਹ ਠੰਡਾ ਹੁੰਦਾ ਹੈ,ਜਾਂਚ ਦੀਆਂ ਫਾਇਲਾਂ ਧੂੜ ਥੱਲੇ ਦਬ ਕੇ ਰਹਿ ਜਾਂਦੀਆਂ ਹਨ।ਉਨੇ ਨੂੰ ਭੰਗਾਲੀ ਵਾਂਗ ਮਿਲਦੀ ਜੁਲਦੀ ਅਗਲੀ ਘਟਨਾ ਵਾਪਰ ਜਾਂਦੀ ਹੈ ਤੇ ਫਿਰ ਉਹੀ ਜਾਂਚ ਵਾਲਾ ਸਿਲਸਲਾ ਸ਼ੁਰੂ ਹੁੰਦਾ ਹੈ।

ਹੁਣ ਵੀ ਐੱਸਐੱਸਪੀ ਅੰਮ੍ਰਿਤਸਰ ਦਿਹਾਤੀ ਮੁਤਾਬਕ ਪਿੰਡ ਭੰਗਾਲੀ ਚ ਜ਼ਹਿਰੀਲੀ ਸ਼ਰਾਬ ਪੀਣ ਨਾਲ ਹੋਈਆਂ ਮੌਤਾਂ ਦੇ ਮਾਮਲੇ ਚ ਐੱਫ਼ ਆਈ ਆਰ ਨੰਬਰ 42 ਅਧੀਨ ਧਾਰਾ 105 ਬੀਐਨਐਸ ਅਤੇ 61 ਐਕਸਾਈਜ਼ ਤਹਿਤ ਮੁਕਦਮਾ ਦਰਜ ਕਰ ਕੇ ਪ੍ਰਭਜੀਤ ਸਿੰਘ ਉਰਫ ਬਾਬੂ, ਕੁਲਬੀਰ ਸਿੰਘ ਉਰਫ ਜੱਗੂ, ਸਾਹਿਬ ਸਿੰਘ ਉਰਫ ਰਾਈ, ਗੁਰਜੰਟ ਸਿੰਘ ਉਰਫ ਜੰਟਾ,ਸਿਕੰਦਰ ਸਿੰਘ ਉਰਫ ਪੱਪੂ, ਅਰੁਣ ਕੁਮਾਰ ਉਰਫ ਕਾਲਾ ਅਤੇ ਨਿੰਦਰ ਕੌਰ ਪਤਨੀ ਜੀਤਾ ਸਿੰਘ ਸਮੇਤ ਕੁੱਲ 7 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।ਜਦ ਕੇ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਵੀ ਖੁਦ ਮੌਕੇ ਤੇ ਪਹੁੰਚੇ ਤੇ ਜਿਨਾਂ ਦੱਸਿਆ ਕਿ ਜ਼ਹਿਰੀਲੀ ਸ਼ਰਾਬ ਪੀਣ ਨਾਲ ਪੰਜ ਪਿੰਡਾਂ ਦੇ ਲੋਕ ਪ੍ਰਭਾਵਤ ਹੋਏ ਹਨ।ਅਸੀ ਪ੍ਰਸ਼ਾਸਨ ਵੱਲੋਂ ਚੁੱਕੇ ਗਏ ਕਦਮ ਨੂੰ ਇੱਕ ਚੰਗਾ ਕਦਮ ਕਹਿ ਸਕਦੇ ਹਾਂ।ਮਾਣਯੋਗ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਇਸ ਘਟਨਾ ਪ੍ਰਤੀ ਗੰਭੀਰਤਾ ਵਿਖਾਉਂਦਿਆਂ ਟਵੀਟ ਕਰਕੇ ਜਹਿਰੀਲ ਸ਼ਰਾਬ ਨਾਲ ਹੋਣ ਵਾਲੀਆਂ ਮੌਤਾਂ ਨੂੰ ਕਤਲ ਦੱਸਿਆ ਗਿਆ ਹੈ ਤੇ ਦੋਸ਼ੀਆਂ ਨੂੰ ਨਾ ਬਖ਼ਸ਼ੇ ਜਾਣ ਦਾ ਵਾਅਦਾ ਕੀਤਾ ਗਿਆ ਹੈ।ਮੁੱਖ ਮੰਤਰੀ ਦੇ ਇਸ ਟਵੀਟ ਤੋਂ ਲੱਗਦਾ ਹੈ ਕੇ ਉਹ ਜ਼ਹਿਰੀਲੀ ਸ਼ਰਾਬ ਨਾਲ ਵਾਪਰੀ ਇਸ ਘਟਨਾ ਨੂੰ ਲੈ ਕੇ ਚੋਖਾ ਸਖ਼ਤ ਹਨ ਤੇ ਨਾਲ ਹੀ ਇਹ ਵੀ ਲੱਗਦਾ ਹੈ ਕਿ ਉਹ ਜ਼ਹਿਰੀਲੀ ਸ਼ਰਾਬ ਦੀ ਰੋਕਥਾਮ ਬਾਰੇ ਕੋਈ ਨਾ ਕੋਈ ਸਖ਼ਤ ਐਕਸ਼ਨ ਵੀ ਜਰੂਰ ਲੈਣਗੇ।ਜਿਸ ਨਾਲ ਇਸ ਸਮੱਸਿਆ ਦਾ ਸਥਾਈ ਹੱਲ ਲੱਭਣ ਦੀ ਉਮੀਦ ਕੀਤੀ ਜਾ ਸਕਦੀ ਹੈ।ਆਪ ਸੁਪਰੀਮੋ ਅਰਵਿੰਦ ਕੇਜਰੀਵਾਲ ਦਾ ਘਟਨਾ ਨੂੰ ਲੈ ਕੇ ਟਵੀਟ ਵੀ ਇਸ ਘਟਨਾ ਪ੍ਰਤੀ ਸਰਕਾਰ ਦੇ ਸਖ਼ਤ ਰੁਖ ਨੂੰ ਦਰਸਾਉਂਦਾ ਨਜ਼ਰ ਆ ਰਿਹਾ ਹੈ।

ਦਸ ਦਈਏ ਕਿ ਇਹ ਸਤਰਾਂ ਲਿਖੇ ਜਾਣ ਤੱਕ ਜ਼ਹਿਰੀਲੀ ਸ਼ਰਾਬ ਪੀਣ ਨਾਲ 15 ਲੋਕਾਂ ਦੀ ਮੌਤ ਹੋਣ ਦੀ ਪੁਸ਼ਟੀ ਹੋ ਚੁੱਕੀ ਹੈ ਤੇ 4 ਦੀ ਹਾਲਤ ਗੰਭੀਰ ਬਣੀ ਹੋਈ ਹੈ ਜੋ ਬੇਹੱਦ ਚਿੰਤਾ ਦਾ ਵਿਸ਼ਾ ਹੈ।

ਅਗਲਾ ਸਵਾਲ ਅਸੀ ਘਟਨਾ ਵਾਪਰਨ ਮਗਰੋਂ ਹੀ ਹਰਕਤ ਚ ਕਿਉਂ ਆਉਂਦੇ ਹਾਂ ?ਪਹਿਲਾਂ ਕਿਉ ਨਹੀ ਸਾਰਥਕ ਕਦਮ ਉਠਾਏ ਜਾਂਦੇ ? ਸ਼ਰਾਬ ਦੀਆਂ ਨਿਜਾਇਜ ਫੈਕਟਰੀਆਂ ਤੇ ਨਿਕੇਲ ਕੌਣ ਲਾਓ ? ਇਸ ਤੋਂ ਪਹਿਲਾਂ ਵੀ ਨਕਲੀ ਸ਼ਰਾਬ ਤਿਆਰ ਕਰਨ ਤੇ ਵੇਚਣ ਵਾਲੇ ਮਾਫੀਆ ਦੀ ਬਦੌਲਤ ਸੰਗਰੂਰ,ਅਮ੍ਰਿਤਸਰ,ਤਰਨ ਤਾਰਨ ਤੇ ਗੁਰਦਾਸਪੁਰ ਆਦੀ ਜਿਲਿਆ ਚ ਨਕਲੀ ਸ਼ਰਾਬ ਨਾਲ ਸੈਕੜੇ ਮੌਤਾ ਹੋ ਚੁੱਕੀਆ ਹਨ ਕਈ ਵਿਅਕਤੀਆਂ ਨੂੰ ਗ੍ਰਿਫ਼ਤਾਰ ਵੀ ਕੀਤਾ ਗਿਆ।ਪਰ ਬਣਿਆ ਕੀ ?ਸਭ ਦੇ ਸਾਹਮਣੇ ਹੈ।

ਪਹਿਲਾਂ ਕੈਪਟਨ ਅਮਰਿੰਦਰ ਸਿੰਘ ਵੱਲੋ ਚਾਰ ਹਫਤਿਆਂ ਚ ਨਸ਼ਾ ਖਤਮ ਕੀਤੇ ਜਾਣ ਲਈ ਗੁਟਕਾ ਸਾਹਿਬ ਦੀ ਸਹੁੰ ਚੁੱਕ ਕਿ ਪੰਜਾਬ ਦੀ ਸਤਾ ਤੇ ਕਾਬਜ ਹੋਇਆ ਗਿਆ।ਪਰ ਰਿਜਲਟ ਜ਼ੀਰੋ ਰਿਹਾ।ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਵਿੱਢੀ ਨਸ਼ੇ ਖਿਲਾਫ ਮੁਹਿੰਮ ਨੂੰ ਜ਼ਹਿਰੀਲੀ ਸ਼ਰਾਬ ਦੀ ਇਸ ਘਟਨਾ ਨੇ ਗ੍ਰਹਿਣ ਲਾ ਦਿੱਤਾ ਹੈ।ਜਿਸ ਨਾਲ ਸੂਬਾ ਸਰਕਾਰ ਦੀ ਨਸ਼ੇ ਖਿਲਾਫ ਮੁਹਿੰਮ ਉੱਤੇ ਸਵਾਲੀਆ ਨਿਸ਼ਾਨ ਲੱਗਦਾ ਨਜ਼ਰ ਆ ਰਿਹਾ ਹੈ?ਪਤਾ ਨਹੀ ਸਰਕਾਰਾਂ ਕਿਉਂ ਘਟਨਾ ਵਾਪਰ ਜਾਣ ਪਿੱਛੋਂ ਹੀ ਹਰਕਤ ਚ ਆਉਂਦੀਆ ਹਨ,ਪਹਿਲਾਂ ਕਿਉ ਨਹੀ?ਅਗਰ ਸਰਕਾਰ ਤੇ ਪ੍ਰਸ਼ਾਸਨ ਅਗੇਤ ਚ ਕਦਮ ਚੁੱਕਣ ਤਾਂ ਗੁੱਜਰਾਂ ਤੇ ਭੰਗਾਲੀ ਵਰਗੀਆਂ ਘਟਨਾਵਾਂ ਨੂੰ ਵਾਪਰਨ ਤੇ ਕਾਫੀ ਹੱਦ ਤੱਕ ਰੋਕਿਆ ਜਾ ਸਕਦਾ ਹੈ।

ਬੇਸ਼ੱਕ ਸਰਕਾਰ ਤੇ ਪ੍ਰਸ਼ਾਸਨ ਵੱਲੋਂ ਸਖ਼ਤੀ ਵਰਤਦਿਆਂ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਕੇ ਇਕ ਚੰਗਾ ਕਦਮ ਚੁੱਕਿਆ ਗਿਆ ਹੈ।ਪਰ ਫਿਰ ਵੀ ਸਵਾਲ ਖੜਾ ਹੁੰਦਾ ਹੈ ਕਿ ਪੰਜਾਬ ਚ ਸ਼ਰਾਬ ਨਾਲ ਮੌਤਾਂ ਦੇ ਇਹ ਸੱਥਰ ਕਦੋਂ ਤੱਕ ਵਿਛਦੇ ਰਹਿਣਗੇ?ਕਦੋਂ ਤੱਕ ਸੁਹਾਗਣਾ ਦੇ ਸੁਹਾਗ ਉਜੜਦੇ ਰਹਿਣਗੇ? ਕਦੋਂ ਤੱਕ ਭੈਣਾ ਦੇ ਭਰਾ ਤੇ ਬੁੱਢੇ ਮਾਂ ਪਿਓ ਦੀ ਡੰਗੋਰੀ ਜ਼ਹਿਰੀਲੀ ਸ਼ਰਾਬ ਦੀ ਭੇਟ ਚੜਦੀ ਰਹੇਗੀ?ਕੀ ਹਰ ਵਾਰ ਦੀ ਤਰਾਂ ਮੁਕੱਦਮਾ ਦਰਜ ਕਰਕੇ ਅਗਲੀ ਘਟਨਾ ਦੀ ਉਡੀਕ ਕੀਤੀ ਜਾਂਦੀ ਰਹੇਗੀ ਜਾਂ ਫਿਰ ਸਥਾਈ ਹੱਲ ਕੱਢਣ ਦੇ ਯਤਨ ਕੀਤੇ ਜਾਣਗੇ?

ਕਿਉਂ ਨਹੀਂ ਅਸੀ ਅਜਿਹੀ ਵਿਵਸਥਾ ਕਰਦੇ ਤਾਂ ਜੋ ਅਜਿਹੀਆਂ ਘਟਨਾਵਾਂ ਸਦਾ ਲਈ ਬੰਦ ਹੋ ਜਾਣ ਤੇ ਅਜਾਈਂ ਜਾਣ ਵਾਲੀਆਂ ਵੱਡਮੁੱਲੀਆਂ ਜਾਨਾ ਬਚ ਸਕਣ।ਇਸ ਲਈ ਸਭ ਤੋਂ ਪਹਿਲਾਂ ਸਰਕਾਰ ਨੂੰ ਸ਼ਰਾਬ ਦੀਆਂ ਨਾਜਾਇਜ ਫੈਕਟਰੀਆਂ ਨੂੰ ਹਰ ਹਾਲ ਚ ਬੰਦ ਕਰਵਾਉਣਾ ਪਵੇਗਾ ਤਾਂ ਹੀ ਜ਼ਹਿਰੀਲੀ ਸ਼ਰਾਬ ਨਾਲ ਵਿਛਣ ਵਾਲੇ ਸਥਰਾਂ ਨੂੰ ਠੱਲ੍ਹ ਪੈ ਸਕਦੀ ਹੈ ਨਹੀਂ ਤਾਂ ਮੁਕੱਦਮਾ ਦਰਜ਼ ਕਰਕੇ ਗੋਂਗਲੂਆਂ ਤੋਂ ਮਿੱਟੀ ਝਾੜਨ ਦਾ ਕੋਈ ਬਹੁਤਾ ਲਾਭ ਨਹੀਂ ਹੋਵੇਗਾ।ਉਮੀਦ ਕਰਦੇ ਹਾਂ ਕਿ ਪੰਜਾਬ ਸਰਕਾਰ ਭੰਗਾਲੀ ਦੀ ਘਟਨਾ ਨੂੰ ਗੰਭੀਰਤਾ ਨਾਲ ਲਾਵੇਗੀ ਤੇ ਇਸ ਸਮੱਸਿਆ ਦਾ ਸਥਾਈ ਹੱਲ ਕੱਢੇਗੀ।ਸੋ ਲੋੜ ਹੈ ਜ਼ਹਿਰੀਲੀ ਸ਼ਰਾਬ ਨਾਲ ਵਿਛਣ ਵਾਲੇ ਮੌਤਾਂ ਦੇ ਸੱਥਰ ਨੂੰ ਹਰ ਹਾਲ ਚ ਠੱਲ੍ਹ ਪਾਈ ਜਾਵੇ।

# ਪਾਸਟਰ ਸੰਤ ਸਿੰਘ ਪੰਜਾਬ ਕ੍ਰਿਸਚਨ ਫਰੰਟ ਦੇ ਬਲਾਕ ਪ੍ਰਧਾਨ ਨਿਯੁਕਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਮੋਰਿੰਡਾ 13 ਮਈ ( ਪਤਰ ਪ੍ਰੇਰਕ) ਪੰਜਾਬ ਕ੍ਰਿਸਚਨ ਫਰੰਟ ਵੱਲੋਂ ਪਾਸਟਰ ਸੰਤ ਸਿੰਘ ਨੂੰ ਮੋਰਿੰਡਾ ਬਲਾਕ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ! ਇਸ ਸਬੰਧੀ ਜਾਣਕਾਰੀ ਦਿੰਦਿਆਂ ਪਾਸਟਰ ਲਵਲੀ ਚੇਅਰਮੈਨ ਪੰਜਾਬ ਨੇ ਦੱਸਿਆ ਕਿ ਪੰਜਾਬ ਕ੍ਰਿਸਚਨ ਫਰੰਟ ਦੀ ਅਹਿਮ ਮੀਟਿੰਗ ਹੋਈ! ਜਿਸ ਵਿੱਚ ਮਸੀਹੀ ਭਾਈਚਾਰੇ ਦੀਆਂ ਸਮੱਸਿਆਵਾਂ ਨੂੰ ਲੈ ਕੇ ਵਿਚਾਰ ਵਟਾਂਦਰਾ ਕੀਤਾ ਗਿਆ ਅਤੇ ਵੱਖ-ਵੱਖ ਅਹੁਦੇਦਾਰਾਂ ਦੀ ਨਿਯੁਕਤੀ ਕੀਤੀ ਗਈ! ਜਿਸ ਵਿੱਚ ਪਾਸਟਰ ਸੰਤ ਨੂੰ ਸਰਬ ਸੰਮਤੀ ਨਾਲ ਮੋਰਿੰਡਾ ਬਲਾਕ ਦਾ ਚੇਅਰਮੈਨ ਨਿਯੁਕਤ ਕੀਤਾ ਗਿਆ! ਇਸ ਮੌਕੇ ਪਾਸਟਰ ਸੰਤ ਨੇ ਕਿਹਾ ਕਿ ਉਹ ਫਰੰਟ ਵੱਲੋਂ ਮਿਲੀ ਜਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਮਸੀਹੀ ਭਾਈਚਾਰੇ ਲਈ ਦਿਨ ਰਾਤ ਕੰਮ ਕਰਨਗੇ! ਉਹਨਾਂ ਕਿਹਾ ਕਿ ਇਸ ਫਰੰਟ ਦਾ ਮੁੱਖ ਉਦੇਸ਼ ਪਾਸਟਰਾਂ ਅਤੇ ਮਸੀਹੀ ਭਾਈਚਾਰੇ "ਤੇ ਹੋ ਰਹੇ ਅਤਿਆਚਾਰਾ ਨੂੰ ਰੋਕਣਾ ਹੈ । ਉਹਨਾਂ ਕਿਹਾ ਕਿ ਭਵਿੱਖ ਵਿੱਚ ਅਗਰ ਕੋਈ ਸ਼ਰਾਰਤੀ ਅਨਸਰ ਪਾਸਟਰ ਸਹਿਬਾਨਾਂ ਜਾਂ ਚਰਚਾ ਪ੍ਰਤੀ ਸ਼ਾਂਤੀ ਭੰਗ ਕਰਦਾ ਹੈ ਤਾਂ ਅਸੀਂ ਸਾਰੇ ਇਕਜੁੱਟ ਹੋ ਕੇ ਉਸਦਾ ਸਾਹਮਣਾ ਕਰਾਂਗੇ! ਇਸ ਮੌਕੇ ਪਾਸਟਰ ਅਮਰਜੀਤ ਸਿੰਘ ਰਾਜਪੁਰਾ,ਪਾਸਟਰ ਸੁਖਵਿੰਦਰ ਸਿੰਘ, ਪਾਸਟਰ ਅਰਜਨ, ਪਾਸਟਰ ਜੰਗ,ਪਾਸਟਰ ਗੁਰਸੇਵਕ ਸਿੰਘ, ਪਾਸਟਰ ਬਲਜਿੰਦਰ ਸਿੰਘ ਲੁਧਿਆਣਾ, ਪਾਸਟਰ ਕੁਲਤਾਰ, ਪਾਸਟਰ ਗਗਨ ਮੋਰਿੰਡਾ ਆਦਿ ਹਾਜ਼ਰ ਸਨ ।

# ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦਾ 10+2 ਦਾ ਸ਼ਾਨਦਾਰ 100% ਫੀਸਦੀ ਨਤੀਜਾ

## ਨਿੰਦਰਜੀਤ ਕੌਰ ਨੇ 94.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਪ੍ਰਾਪਤ ਕੀਤਾ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਫੋਟੋ ਕੈਪਸ਼ਨ : ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ ਕਲੇਰਾਂ ਦੇ 10+2 ਜਮਾਤ ਵਿਚੋਂ ਕਾਮਰਸ, ਆਰਟਸ, ਮੈਡੀਕਲ, ਨਾਨ-ਮੈਡੀਕਲ ਗਰੁੱਪਾਂ ਦੇ ਪਹਿਲੇ ਦੂਜੇ ਅਤੇ ਤੀਜੇ ਸਥਾਨ ਤੇ ਆਏ ਸਕੂਲ ਦੇ ਟੌਪਰ ਵਿਦਿਆਰਥੀ

ਬੰਗਾ 13 ਮਈ (ਚਰਨਜੀਤ ਸੱਲ੍ਹਾਂ) ਸੀ.ਬੀ.ਐਸ.ਈ. ਬੋਰਡ ਤੋਂ ਮਾਨਤਾ ਪ੍ਰਾਪਤ ਗੁਰੂ ਨਾਨਕ ਮਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਢਾਹਾਂ-ਕਲੇਰਾਂ ਦੀ ਸ਼ੈਸ਼ਨ 2024-25 ਦੀ ਕਲਾਸ 10+2 ਦੇ ਆਰਟਸ, ਕਾਮਰਸ, ਨਾਨ ਮੈਡੀਕਲ ਅਤੇ ਮੈਡੀਕਲ ਗਰੁੱਪਾਂ ਦਾ ਨਤੀਜਾ 100% ਫੀਸਦੀ ਰਿਹਾ ਹੈ । ਸਕੂਲ ਵਿਚ ਕਾਮਰਸ ਗਰੁੱਪ ਦੀ ਵਿਦਿਆਰਥੀ ਨਿੰਦਰਜੀਤ ਕੌਰ ਪੁੱਤਰੀ ਲਖਵੀਰ ਸਿੰਘ-ਜਸਵਿੰਦਰ ਕੌਰ ਨੇ 94.6% ਅੰਕ ਪ੍ਰਾਪਤ ਕਰਕੇ ਆਲ ਉਵਰ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ । ਇਹ ਜਾਣਕਾਰੀ ਸਕੂਲ ਦੇ ਡਾਇਰੈਕਟਰ ਪ੍ਰੋ: ਹਰਬੰਸ ਸਿੰਘ ਬੋਲੀਨਾ ਅਤੇ ਪ੍ਰਿੰਸੀਪਲ ਮੈਡਮ ਵਨੀਤਾ ਚੋਟ ਨੇ ਸਕੂਲ ਦੇ ਸ਼ਾਨਦਾਰ ਨਤੀਜੇ ਬਾਰੇ ਜਾਣਕਾਰੀ ਦਿੰਦੇ ਦੱਸਿਆ ਕਿ 10+2 ਕਲਾਸ ਦੇ ਮੈਡੀਕਲ ਗਰੁੱਪ ਵਿਚੋਂ ਪ੍ਰਤੀਕ ਚੌਹਾਨ ਪੁੱਤਰ ਜੋਗਿੰਦਰ ਰਾਮ-ਮਨਜੀਤ ਕੌਰ ਪਿੰਡ ਖਾਨ ਖਾਨਾ ਨੇ 88.8% ਅੰਕ ਲੈ ਕੇ ਪਹਿਲਾ ਸਥਾਨ ਹਾਸਲ ਕੀਤਾ ਅਤੇ ਸੁਖਮਨੀ ਕੌਰ ਪੁੱਤਰੀ ਸੁਖਵਿੰਦਰ ਸਿੰਘ-ਇੰਦਰਜੀਤ ਕੌਰ ਪਿੰਡ ਮੰਢਾਲੀ ਨੇ 87.2% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਪ੍ਰਾਪਤ ਕੀਤਾ । ਜਦ ਕਿ ਨਿਕਤਾ ਬਸਰਾ ਪੁੱਤਰੀ ਜੀਤ ਰਾਮ-ਸਰਬਜੀਤ ਕੌਰ ਪਿੰਡ ਕੰਗਰੋੜ ਨੇ 87 % ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਨਾਨ-ਮੈਡੀਕਲ ਗਰੁੱਪ ਵਿਚ ਜੁਝਾਰ ਸਿੰਘ ਪੁੱਤਰ ਸਤਵਿੰਦਰ ਸਿੰਘ-ਇੰਦਰਜੀਤ ਕੌਰ ਪਿੰਡ ਸਰਹਾਲ ਮੁੰਡੀ ਨੇ 88% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਮਨਰੀਤ ਕੌਰ ਪੁੱਤਰੀ ਨੱਛਤਰ ਸਿੰਘ-ਬਲਜਿੰਦਰ ਕੌਰ ਬਾਹੜੋਵਾਲ ਨੇ 86.6% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ, ਗੁਰਸਿਮਰਨ ਕੌਰ ਪੁੱਤਰੀ ਕਰਮਜੀਤ ਸਿੰਘ-ਹਰਪ੍ਰੀਤ ਕੌਰ ਪਿੰਡ ਹੀਉ ਨੇ 80.6% ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।

ਜਦੋਂ ਕਿ 10+2 ਕਾਮਰਸ ਗਰੁੱਪ ਵਿਚ ਨਿੰਦਰਜੀਤ ਕੌਰ ਪੁੱਤਰੀ ਲਖਵੀਰ ਸਿੰਘ-ਜਸਵਿੰਦਰ ਕੌਰ ਪਿੰਡ ਬਾਹੜੋਵਾਲ ਨੇ 94.6% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਪ੍ਰਾਚੀ ਪੁੱਤਰੀ ਸੰਜੀਵ ਕੁਮਾਰ-ਸਾਰਿਕਾ ਪਿੰਡ ਫਰਾਲਾ ਨੇ 93% ਅੰਕ ਪ੍ਰਾਪਤ ਕਰਕੇ ਦੂਜਾ ਸਥਾਨ ਅਤੇ ਤੀਜਾ ਸਥਾਨ ਸੁਖਮਨ ਸਿੰਘ ਪੁੱਤਰ ਇਕਬਾਲ ਸਿੰਘ-ਸੁਖਜਿੰਦਰ ਕੌਰ ਪਿੰਡ ਝੰਡੇਰ ਕਲਾਂ ਨੇ 92.2 %ਅੰਕ ਪ੍ਰਾਪਤ ਕਰਕੇ ਕੀਤਾ। ਆਰਟਸ ਗਰੁੱਪ ਵਿਚ ਪ੍ਰਭਜੋਤ ਸਿੰਘ ਪੁੱਤਰ ਪ੍ਰਦੀਪ ਸਿੰਘ-ਸੁਰਿੰਦਰਜੀਤ ਕੌਰ ਪਿੰਡ ਚਾਹੜਾ ਨੇ 93% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ, ਦੂਜਾ ਸਥਾਨ ਚੰਦਨ ਭਰਦਵਾਜ ਪੁੱਤਰ ਸੰਜੀਵ ਕੁਮਾਰ-ਤਮੰਨਾ ਰਾਣੀ ਪਿੰਡ ਕਲੇਰਾਂ ਨੇ 78.6% ਅੰਕਾਂ ਨਾਲ ਅਤੇ ਤੀਜਾ ਸਥਾਨ ਰਾਧਿਕਾ ਪੁੱਤਰੀ ਸੁਰਿੰਦਰ ਕੁਮਾਰ-ਮਮਤਾ ਰਾਣੀ ਪਿੰਡ ਕਲੇਰਾਂ ਨੇ 78.4 %ਅੰਕ ਪ੍ਰਾਪਤ ਕਰਕੇ ਕੀਤਾ।

ਉਹਨਾਂ ਦੱਸਿਆ ਕਿ ਸ਼ੈਸ਼ਨ 2024-25 ਵਿਚ 10+2 ਕਲਾਸ ਵਿਚ 123 ਵਿਦਿਆਰਥੀਆਂ ਨੇ ਪ੍ਰੀਖਿਆ ਦਿੱਤੀ ਸੀ । ਇਹਨਾਂ ਵਿਚੋਂ ਪੰਜਾਬੀ ਵਿਸ਼ੇ ਵਿਚੋਂ 54 ਵਿਦਿਆਰਥੀਆਂ ਨੇ, ਅੰਗਰੇਜ਼ੀ ਵਿਚ 31 ਵਿਦਿਆਰਥੀਆਂ ਨੇ, ਬਿਜ਼ਨਿਸ ਸਟੱਡੀ ਵਿਚੋਂ 5 ਵਿਦਿਆਰਥੀਆਂ ਨੇ, ਰਾਜਨੀਤੀ ਸ਼ਾਸ਼ਤਰ ਵਿਚੋਂ 1 ਵਿਦਿਆਰਥੀ ਨੇ, ਆਈ ਪੀ ਵਿਸ਼ੇ ਵਿਚ 5 ਵਿਦਿਆਰਥੀਆਂ ਨੇ, ਅਕਾਊਂਟੈਂਸੀ ਵਿਚੋਂ 4 ਵਿਦਿਆਰਥੀਆਂ ਨੇ, ਸਰੀਰਿਕ ਸਿੱਖਿਆ ਵਿਚੋਂ 02 ਵਿਦਿਆਰਥੀਆਂ ਨੇ, ਬਾਇਉਲੋਜੀ ਵਿਚੋਂ ਇੱਕ ਵਿਦਿਆਰਥੀ ਨੇ ਅਤੇ ਰਸਾਇਣ ਸਾਸ਼ਤਰ ਵਿਚੋਂ ਇੱਕ ਵਿਦਿਆਰਥੀ ਨੇ 90% ਤੋਂ ਜ਼ਿਆਦਾ ਅੰਕ ਪ੍ਰਾਪਤ ਕਰਕੇ ਆਪਣਾ ਅਤੇ ਆਪਣੇ ਸਕੂਲ ਦਾ ਨਾਮ ਰੋਸ਼ਨ ਕੀਤਾ ਹੈ ।

ਇਸ ਮੌਕੇ ਸਕੂਲ ਪ੍ਰਬੰਧਕ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜ਼ੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਕੁਲਵਿੰਦਰ ਸਿੰਘ ਢਾਹਾਂ ਨੇ ਸਮੂਹ ਟਰੱਸਟ ਮੈਂਬਰਾਂ ਵੱਲੋਂ 10+2 ਕਲਾਸ ਦੇ ਸਮੂਹ ਵਿਦਿਆਰਥੀਆਂ ਨੂੰ, ਕਲਾਸ ਇੰਚਾਰਜਾਂ, ਅਧਿਆਪਕਾਂ, ਸਕੂਲ ਪ੍ਰਿੰਸੀਪਲ ਅਤੇ ਡਾਇਰੈਕਟਰ ਸਿੱਖਿਆਂ ਨੂੰ ਸ਼ਾਨਦਾਰ ਨਤੀਜੇ ਲਈ ਹਾਰਦਿਕ ਵਧਾਈਆਂ ਦਿੱਤੀਆਂ ।

# ਪਿੰਡ ਕਾਹਨਪੁਰ ਦਾ 27 ਸਾਲਾ ਨੌਜਵਾਨ ਗੋਲੀ ਲੱਗਣ ਕਾਰਨ ਹੋਇਆ ਜਖਮੀ, ਪੀਜੀਆਈ ਭਰਤੀ

## ਪੰਜ ਦਿਨ ਬੀਤਣ ਤੋਂ ਬਾਅਦ ਵੀ ਗੋਲੀ ਚਲਾਉਣ ਵਾਲੇ ਵਿਅਕਤੀ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਪੁਲਿਸ ਦੀ ਢਿੱਲੀ ਕਾਰਗੁਜ਼ਾਰੀ ਤੇ ਪਿੰਡ ਵਾਸੀਆਂ ਨੇ ਚੁੱਕੇ ਸਵਾਲ ਪ੍ਰਸ਼ਾਸਨ ਤੋਂ ਇਨਸਾਫ ਦੀ ਕੀਤੀ ਮੰਗ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਸ੍ਰੀ ਚਮਕੌਰ ਸਾਹਿਬ 13 ਮਈ (ਹਰਦਿਆਲ ਸਿੰਘ ਸੰਧੂ) ਸ੍ਰੀ ਚਮਕੌਰ ਸਾਹਿਬ ਦੇ ਨਜ਼ਦੀਕੀ ਪਿੰਡ ਕਾਹਨਪੁਰ ਵਿਖੇ 8 ਤਰੀਕ ਦੀ ਰਾਤ ਨੂੰ ਲਗਭਗ ਸਵਾ 9 ਵਜੇ ਅਣਪਛਾਤੇ ਵਿਅਕਤੀਆਂ ਵੱਲੋਂ ਗੋਲੀਆਂ ਚਲਾ ਕੇ ਲਵਪ੍ਰੀਤ ਨਾਂ ਦੇ ਨੌਜਵਾਨ ਨੂੰ ਜਖਮੀ ਕਰਨ ਦਾ ਸਮਾਂਚਾਰ ਪ੍ਰਾਪਤ ਹੋਇਆ ਹੈ। ਜਿਸ ਦੇ ਸਬੰਧ ਚ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਹੋਇਆ ਲਵਪ੍ਰੀਤ ਦੀ ਮਾਤਾ ਗੁਰਦੇਵ ਕੌਰ ਨੇ ਦੱਸਿਆ ਕਿ 8 ਤਰੀਕ ਨੂੰ ਮੋਟਰਸਾਈਕਲ ਤੇ ਸਵਾਰ ਦੋ ਵਿਅਕਤੀਆਂ ਨੇ ਹਨੇਰੇ ਦਾ ਫਾਇਦਾ ਚੁੱਕਦੇ ਹੋਏ ਉਸ ਦੇ ਪੁੱਤਰ ਲਵਪ੍ਰੀਤ ਨੂੰ ਉਸ ਦੇ ਘਰ ਅੱਗੇ ਗੋਲੀ ਚਲਾ ਕੇ ਜਖਮੀ ਕਰਕੇ ਫਰਾਰ ਹੋ ਗਏ ਉਹਨਾਂ ਦੱਸਿਆ ਕਿ ਮੇਰੇ ਪੁੱਤਰ ਦਾ ਪੀਜੀਆਈ ਵਿਖੇ ਇਲਾਜ ਚੱਲ ਰਿਹਾ ਹੈ। ਉਹਨਾਂ ਕਿਹਾ ਕਿ ਗੋਲੀ ਚਲਾਉਣ ਵਾਲੇ ਵਿਅਕਤੀਆਂ ਨੇ ਟੋਪੀਆਂ ਪਹਿਨੀਆਂ ਹੋਈਆਂ ਸਨ ਜਿਸ ਕਾਰਨ ਉਹਨਾਂ ਦੀ ਪਹਿਚਾਣ ਨਹੀਂ ਹੋ ਸਕੀ ਲਵਪ੍ਰੀਤ ਦੀ ਮਾਤਾ ਗੁਰਦੇਵ ਕੌਰ ਨੇ ਕਿਹਾ ਕਿ ਸਾਨੂੰ ਜਲਦ ਤੋਂ ਜਲਦ ਇਨਸਾਫ ਮਿਲਣਾ ਚਾਹੀਦਾ ਹੈ ਉਹਨਾਂ ਕਿਹਾ ਕਿ ਸਹੀ ਦੋਸ਼ੀਆਂ ਦੀ ਪਹਿਛਾਣ ਕਰਕੇ ਉਹਨਾਂ ਤੇ ਬਣਦੀ ਕਾਰਵਾਈ ਕੀਤੀ ਜਾਵੇ । ਪਿੰਡ ਵਾਸੀਆਂ ਨੇ ਇਸ ਘਟਨਾ ਨੂੰ ਮੰਦਭਾਗੀ ਦੱਸਦੇ ਹੋਏ ਕਿਹਾ ਕਿ ਜੇਕਰ ਇੱਕ ਛੋਟੇ ਜਿਹੇ ਪਿੰਡ ਵਿੱਚ ਅਜਿਹੀਆਂ ਵਾਰਦਾਤਾਂ ਵਾਪਰਨ ਲੱਗ ਗਈਆਂ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦਾ ਕੀ ਬਣੇਗਾ ਕਿਤੇ ਨਾ ਕਿਤੇ ਸਵਾਲ ਇਹ ਵੀ ਖੜਾ ਹੁੰਦਾ ਹੈ ਕਿ ਪੰਜ ਦਿਨ ਬੀਤ ਜਾਣ ਤੋਂ ਬਾਅਦ ਵੀ ਅਜੇ ਤੱਕ ਕਿਸੇ ਵੀ ਦੋਸ਼ੀ ਦੀ ਗ੍ਰਿਫਤਾਰੀ ਨਹੀਂ ਹੋਈ ਹੈ ਜੋ ਕਿ ਪੁਲਿਸ ਦੀ ਕਾਰਗੁਜ਼ਾਰੀ ਤੇ ਵੱਡੇ ਸਵਾਲ ਖੜੇ ਕਰਦੀ ਹੈ। ਪਿੰਡ ਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕਰਦੇ ਹੋਏ ਕਿਹਾ ਕਿ ਦੋਸ਼ੀਆਂ ਨੂੰ ਜਲਦ ਤੋਂ ਜਲਦ ਗਿਰਫਤਾਰ ਕਰਕੇ ਸਖਤ ਤੋਂ ਸਖਤ ਸਜ਼ਾਵਾਂ ਦਿੱਤੀਆਂ ਜਾਣ। ਇਸ ਮੌਕੇ ਹਰਭਜਨ ਸਿੰਘ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ, ਕਮਲਜੀਤ ਸਿੰਘ, ਦਰਸ਼ਨ ਸਿੰਘ, ਗੁਰਦੇਵ ਸਿੰਘ, ਆਤਮਾ ਸਿੰਘ, ਲੜਕੇ ਦੀ ਮਾਤਾ ਗੁਰਦੇਵ ਕੌਰ, ਪਿਤਾ ਜਸਮੇਰ ਸਿੰਘ, ਗੁਰਮੇਲ ਸਿੰਘ, ਆਦਿ ਸ਼ਾਮਿਲ ਸਨ।

# ਕੈਬਨਿਟ ਮੰਤਰੀਆਂ ਨੇ ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਦਿਨ ਰਾਤ ਦੀ ਪਹਿਰੇਦਾਰੀ ਜਾਰੀ ਰੱਖਣ ਦਾ ਲਿਆ ਪ੍ਰਣ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com




ਪੰਜਾਬ ਦੇ ਪਾਣੀਆਂ ਦੀ ਰਾਖੀ ਲਈ ਨੰਗਲ ਵਿਖੇ ਦਿਨ ਰਾਤ ਦੀ ਪਹਿਰੇਦਾਰੀ ਵਿੱਚ ਸ਼ਮੂਲੀਅਤ ਕਰਦਿਆਂ ਸੂਬੇ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ, ਹਰਭਜਨ ਸਿੰਘ ਈਟੀਓ, ਲਾਲ ਚੰਦ ਕਟਾਰੂਚੱਕ ਅਤੇ ਲਾਲਜੀਤ ਸਿੰਘ ਭੁੱਲਰ, ‘ਆਪ’ ਵਿਧਾਇਕਾਂ ਅਤੇ ਸੂਬੇ ਦੇ ਵੱਖ-ਵੱਖ ਕੋਨਿਆਂ ਤੋਂ ਪਹੁੰਚੇ ਆਗੂਆਂ ਨੇ ਅੱਜ ਭਾਜਪਾ ਸ਼ਾਸਿਤ ਕੇਂਦਰ ਅਤੇ ਰਾਜ ਸਰਕਾਰਾਂ ਅਤੇ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀਬੀਐਮਬੀ) ਵੱਲੋਂ ਪੰਜਾਬ ਦੇ ਪਾਣੀਆਂ ਨੂੰ ਦੂਜੇ ਰਾਜਾਂ ਨੂੰ ਦਿੱਤੇ ਜਾਣ ਦੇ ਮੁੱਦੇ ‘ਤੇ ਆਪਣਾ ਸਖ਼ਤ ਵਿਰੋਧ ਪ੍ਰਗਟ ਕੀਤਾ।

ਇਸ ਮੌਕੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰਦਿਆਂ ਜਲ ਸਰੋਤ ਅਤੇ ਭੂਮੀ ਅਤੇ ਜਲ ਸੰਭਾਲ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਹਰਿਆਣਾ ਨੂੰ 21 ਮਈ ਤੋਂ ਪਹਿਲਾਂ ਕੋਈ ਵਾਧੂ ਪਾਣੀ ਨਹੀਂ ਮਿਲੇਗਾ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਮਨੁੱਖੀ ਹਮਦਰਦੀ ਵਜੋਂ ਹਰਿਆਣਾ ਨੂੰ ਆਪਣੇ ਨਿਰਧਾਰਤ ਕੋਟੇ ਤੋਂ ਵੱਧ 4000 ਕਿਊਸਿਕ ਪਾਣੀ ਪ੍ਰਦਾਨ ਕਰ ਰਿਹਾ ਹੈ। ਇਸ ਵਾਧੂ ਪਾਣੀ ਦੀ ਸਮਝਦਾਰੀ ਨਾਲ ਵਰਤੋਂ ਕਰਨ ਦੀਆਂ ਵਾਰ-ਵਾਰ ਚੇਤਾਵਨੀਆਂ ਦੇ ਬਾਵਜੂਦ, ਹਰਿਆਣਾ ਨੇ ਧਿਆਨ ਨਹੀਂ ਦਿੱਤਾ। ਕੈਬਨਿਟ ਮੰਤਰੀ ਗੋਇਲ ਨੇ ਕਿਹਾ ਕਿ ਰਾਜਸਥਾਨ ਵਿੱਚ ਤਾਇਨਾਤ ਸੁਰੱਖਿਆ ਬਲਾਂ ਲਈ ਪਾਣੀ ਦੀ ਮੰਗ ਨੂੰ ਤੁਰੰਤ ਸਵੀਕਾਰ ਕਰਦੇ ਹੋਏ, ਪੰਜਾਬ ਸਰਕਾਰ ਨੇ ਪੰਜਾਬੀ ਸੱਭਿਆਚਾਰ ਅਤੇ ਪੰਜਾਬੀਅਤ ਵਿੱਚ ਨਿਹਿਤ ਉਦਾਰਤਾ ਅਤੇ ਕਦਰਾਂ-ਕੀਮਤਾਂ ਦਾ ਪ੍ਰਦਰਸ਼ਨ ਕੀਤਾ ਹੈ।

ਬਿਜਲੀ ਅਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਸਾਨਾਂ ਦੇ ਖੇਤਾਂ ਨੂੰ ਨਹਿਰੀ ਪਾਣੀ ਮੁਹੱਈਆ ਕਰਵਾਉਣ ਲਈ ਪੰਜਾਬ ਸਰਕਾਰ ਦੀ 4500 ਕਰੋੜ ਰੁਪਏ ਦੀ ਵਿਆਪਕ ਯੋਜਨਾ ‘ਤੇ ਚਾਨਣਾ ਪਾਇਆ, ਜੋ ਕਿਸਾਨਾਂ ਨੂੰ ਟਿਊਬਵੈੱਲਾਂ ‘ਤੇ ਨਿਰਭਰ ਹੋਣ ਤੋਂ ਮੁਕਤ ਕਰੇਗੀ ਅਤੇ ਰਾਜ ਦੀ ਬਿਜਲੀ ਦੀ ਲਾਗਤ ਘਟਾਏਗੀ। ਕੈਬਨਿਟ ਮੰਤਰੀ ਈਟੀਓ ਨੇ ਕਿਹਾ ਕਿ ਰਾਜ ਦੇ ਕਿਸਾਨ 15 ਲੱਖ ਤੋਂ ਵੱਧ ਟਿਊਬਵੈੱਲਾਂ ਰਾਹੀਂ ਭੂਮੀਗਤ ਪਾਣੀ ਕੱਢਣ ਲਈ ਮਜਬੂਰ ਹਨ ਜਦੋਂ ਕਿ ਪੰਜਾਬ ਦੇ ਜਲ ਸਰੋਤ ਦੂਜੇ ਰਾਜਾਂ ਦੁਆਰਾ ਵਰਤੇ ਜਾ ਰਹੇ ਹਨ, ਜਿਸਦੇ ਨਤੀਜੇ ਵਜੋਂ ਜ਼ਿਆਦਾਤਰ ਬਲਾਕ ਡਾਰਕ ਜ਼ੋਨ ਵਿੱਚ ਚਲੇ ਗਏ ਹਨ ਅਤੇ ਜ਼ਮੀਨ ਦੀ ਸਿਹਤ ਵੀ ਵਿਗੜੀ ਹੈ।

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲਿਆਂ ਬਾਰੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਕਸ਼ੇ ਕਦਮਾਂ ‘ਤੇ ਚੱਲਦੇ ਹੋਏ, ਕੀਰਤਪੁਰ ਸਾਹਿਬ ਦੇ ਨੰਗਲ ਡੈਮ ਅਤੇ ਲੋਹੰਡ ਖੱਡ ਗੇਟਾਂ ‘ਤੇ ਵਿਰੋਧ ਪ੍ਰਦਰਸ਼ਨ ਜਾਰੀ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਪਹਿਲਾਂ ਹੀ ਹਰਿਆਣਾ ਨੂੰ ਆਪਣੇ ਬਣਦੇ ਹਿੱਸੇ ਤੋਂ ਵੱਧ ਪਾਣੀ ਦੇ ਰਿਹਾ ਹੈ ਅਤੇ ਕਿਸੇ ਵੀ ਹਾਲਤ ਵਿੱਚ ਆਪਣਾ ਹਿੱਸਾ ਨਹੀਂ ਛੱਡੇਗਾ।

ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਧਰਤੀ ਹੇਠਲੇ ਪਾਣੀ ਦੀ ਨਿਕਾਸੀ ਦੀ ਲਾਗਤ ਸਹਿਣ ਦੇ ਬਾਵਜੂਦ, ਸੂਬੇ ਨੇ ਦੇਸ਼ ਦੇ ਅਨਾਜ ਭੰਡਾਰ ਵਿੱਚ ਸੱਭ ਤੋਂ ਵੱਧ ਯੋਗਦਾਨ ਪਾਇਆ। ਉਨ੍ਹਾਂ ਨੇ ਸੂਬੇ ਦੇ ਕਿਸਾਨਾਂ ਵੱਲੋਂ ਫਸਲੀ ਵਿਭਿੰਨਤਾ ਅਪਣਾਉਣ ਅਤੇ ਬਾਗਬਾਨੀ ਅਤੇ ਸਬਜ਼ੀਆਂ ਦੀ ਕਾਸ਼ਤ ਵੱਲ ਵਧਣ ਦੀ ਪ੍ਰਸ਼ੰਸਾ ਕੀਤੀ, ਨਾਲ ਹੀ ਇਨ੍ਹਾਂ ਫਸਲਾਂ ਦੇ ਉਤਪਾਦਨ ਨੂੰ ਵਧਾਉਣ ਅਤੇ ਖੇਤੀਬਾੜੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਿੱਚ ਨਹਿਰੀ ਪਾਣੀ ਦੀ ਮਹੱਤਤਾ ‘ਤੇ ਜ਼ੋਰ ਦਿੱਤਾ।

ਸੂਬੇ ਦੇ ਕੈਬਨਿਟ ਮੰਤਰੀਆਂ ਨੇ ਪੰਜਾਬ ਦੇ ਹਿੱਤਾਂ ਅਤੇ ਹੱਕਾਂ ਦੀ ਰੱਖਿਆ ਪ੍ਰਤੀ ਸਮਰਪਣ ਲਈ ਵਲੰਟੀਅਰਾਂ ਦੀ ਪ੍ਰਸ਼ੰਸਾ ਕੀਤੀ। ਉਨ੍ਹਾਂ ਨੇ ਪ੍ਰਣ ਕੀਤਾ ਕਿ ਦਿਨ-ਰਾਤ ਦੀ ਇਹ ਚੌਕਸੀ ਜਾਰੀ ਰਹੇਗੀ, ਕਿਉਂਕਿ ਪੰਜਾਬ ਦੇ ਜਲ ਸਰੋਤਾਂ ਦੀ ਰੱਖਿਆ ਕਰਨਾ ਸੂਬੇ ਦੀ ਆਰਥਿਕਤਾ ਅਤੇ ਭਵਿੱਖ ਲਈ ਬੇਹੱਦ ਜ਼ਰੂਰੀ ਹੈ।

# ‘ਯੁੱਧ ਨਸ਼ਿਆਂ ਵਿਰੁੱਧ’ ਦੇ 73ਵੇਂ ਦਿਨ ਪੰਜਾਬ ਪੁਲਿਸ ਵੱਲੋਂ 156 ਨਸ਼ਾ ਤਸਕਰ ਗ੍ਰਿਫ਼ਤਾਰ; 1.5 ਕਿਲੋ ਹੈਰੋਇਨ, 16 ਕਿਲੋ ਅਫ਼ੀਮ, 5.38 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ ‘ਤੇ ਵਿੱਢੇ ਗਏ “ਯੁੱਧ ਨਸ਼ਿਆਂ ਵਿਰੁੱਧ” ਦੇ 73ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 156 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.5 ਕਿਲੋ ਹੈਰੋਇਨ, 16 ਕਿਲੋ ਅਫ਼ੀਮ, 5.38 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਹੈ। ਇਸ ਨਾਲ ਸਿਰਫ਼ 73 ਦਿਨਾਂ ਅੰਦਰ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 10802 ਹੋ ਗਈ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ ‘ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਆਪਰੇਸ਼ਨ ਦੇ ਵੇਰਵੇ ਦਿੰਦਿਆਂ ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 97 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 1500 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਵਾਲੀਆਂ 200 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ‘ਚ 601 ਥਾਵਾਂ ‘ਤੇ ਛਾਪੇਮਾਰੀ ਕੀਤੀ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 109 ਐਫਆਈਆਰਜ਼ ਦਰਜ ਕੀਤੀਆਂ ਗਈਆਂ । ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 613 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ।



ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ ‘ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ – ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) – ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ 115 ਵਿਅਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

# ਭਰਤਗੜ੍ਹ ਵਿੱਚ ਆਸ਼ਾ ਵਰਕਰਾਂ ਦੀ ਮਾਸਿਕ ਮੀਟਿੰਗ: ਅਨੀਮੀਆ, ਟੀਕਾਕਰਨ ਅਤੇ ਤੰਬਾਕੂ ਵਿਰੋਧੀ ਜਾਗਰੂਕਤਾ ਉੱਤੇ ਵਿਚਾਰ-ਵਿਮਰਸ਼

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਭਰਤਗੜ੍ਹ, 13 ਮਈ – ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਦੀ ਅਗਵਾਈ ਹੇਠ ਅੱਜ ਕਮਿਊਨਟੀ ਹੇਲਥ ਸੈਂਟਰ ਭਰਤਗੜ੍ਹ ਵਿਖੇ ਬਲਾਕ ਭਰਤਗੜ੍ਹ ਦੀਆਂ ਆਸ਼ਾ ਵਰਕਰਾਂ ਦੀ ਮੀਟਿੰਗ ਰੱਖੀ ਗਈ।

ਮੀਟਿੰਗ ਦੌਰਾਨ ਸਿਹਤ ਸੁਪਰਵਾਈਜ਼ਰ ਪ੍ਰੋਮੀਲਾ ਵੱਲੋਂ ਅਨੀਮੀਆ (ਖੂਨ ਦੀ ਘਾਟ) ਅਤੇ ਟੀਕਾਕਰਨ ਬਾਰੇ ਵਿਸਥਾਰਪੂਰਕ ਲੈਕਚਰ ਦਿੱਤਾ ਗਿਆ। ਉਨ੍ਹਾਂ ਨੇ ਆਸ਼ਾ ਵਰਕਰਾਂ ਨੂੰ ਧਾਤੂ ਯੁਕਤ ਆਹਾਰ, ਸਮੇਂ-ਸਿਰ ਟੀਕਾਕਰਨ ਅਤੇ ਮਹਿਲਾਵਾਂ ਤੇ ਬੱਚਿਆਂ ਦੀ ਸਿਹਤ ਸੰਭਾਲ ਬਾਰੇ ਜਾਣਕਾਰੀ ਦਿੱਤੀ।

ਬਲਾਕ ਇਕਸਟੈਂਸ਼ਨ ਐਜੂਕੇਟਰ ਸਹਿਲ ਸੁਖੇਰਾ ਵੱਲੋਂ ਤੰਬਾਕੂ ਅਤੇ ਇਸ ਦੇ ਨੁਕਸਾਨ ਬਾਰੇ ਵੀ ਲੈਕਚਰ ਦਿੱਤਾ ਗਿਆ। ਉਨ੍ਹਾਂ ਨੇ ਆਸ਼ਾ ਵਰਕਰਾਂ ਨੂੰ ਤੰਬਾਕੂ ਦੀ ਵਰਤੋਂ ਤੋਂ ਬਚਣ ਦੀ ਸਲਾਹ ਦਿੱਤੀ ਅਤੇ ਇਸ ਦੇ ਸਿਹਤ ਉੱਤੇ ਪੈਣ ਵਾਲੇ ਖਤਰਨਾਕ ਪ੍ਰਭਾਵਾਂ ਬਾਰੇ ਵਿਆਖਿਆ ਕੀਤੀ।

ਅਕਾਉਂਟੈਂਟ ਮੋਨਿਕਾ ਨੇ ਆਸ਼ਾ ਵਰਕਰਾਂ ਨੂੰ ਉਨ੍ਹਾ ਦੀਆਂ ਪ੍ਰੋਤਸਾਹਨ ਰਾਸ਼ੀਆਂ (ASHA Incentives) ਬਾਰੇ ਜਾਣੂ ਕਰਵਾਇਆ ਅਤੇ ਉਨ੍ਹਾਂ ਦੀਆਂ ਭੁਗਤਾਨ ਨੀਤੀਆਂ ਨੂੰ ਸਪਸ਼ਟ ਕੀਤਾ।

ਇਸ ਮੀਟਿੰਗ ਵਿੱਚ ਆਸ਼ਾ ਫਸੀਲੀਟੇਟਰਾਂ ਅਮਰਜੀਤ ਕੌਰ, ਕਰਮਜੀਤ ਕੌਰ, ਕਿਰਣ ਬਾਲਾ, ਕੁਲਵਿੰਦਰ ਕੌਰ, ਰੰਜੀਤ ਸੋਨੀ, ਅਤੇ ਸ਼ੁਭ ਲਤਾ ਨੇ ਵੀ ਹਾਜ਼ਰੀ ਲਾਈ ਅਤੇ ਮੀਟਿੰਗ ਦੀ ਸਰਗਰਮੀ ਵਿੱਚ ਸ਼ਾਮਲ ਹੋਏ। ਸਾਰੇ ਆਸ਼ਾ ਵਰਕਰਾਂ ਨੇ ਵੀ ਆਪਣੀ ਹਾਜ਼ਰੀ ਦਿੱਤੀ ਅਤੇ ਵੱਖ-ਵੱਖ ਸਿਹਤ ਸੰਬੰਧੀ ਵਿਸ਼ਿਆਂ ਉੱਤੇ ਵਿਚਾਰ-ਵਿਮਰਸ਼ ਕੀਤਾ।

ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਈ ਨੇ ਆਖ਼ਰ ਵਿੱਚ ਕਿਹਾ ਕਿ ਆਸ਼ਾ ਵਰਕਰਾਂ ਦੀ ਭੂਮਿਕਾ ਸਿਹਤ ਖੇਤਰ ਵਿੱਚ ਕਾਫ਼ੀ ਮੱਦਦਗਾਰ ਹੈ। ਉਹ ਹਮੇਸ਼ਾ ਆਪਣੀ ਸਮਰਪਣ ਅਤੇ ਮਿਹਨਤ ਨਾਲ ਲੋਕਾਂ ਦੀ ਸਿਹਤ ਸੁਧਾਰ ਵਿੱਚ ਯੋਗਦਾਨ ਪਾ ਰਹੀਆਂ ਹਨ। ਉਨ੍ਹਾਂ ਦੀ ਮਿਹਨਤ ਸਾਰੇ ਸਮਾਜ ਲਈ ਮਹੱਤਵਪੂਰਨ ਹੈ।

# ਪਿੰਡ ਰੰਗੀਲਾ ਦੇ ਨਹਿਰੀ ਪੱਕੇ ਖਾਲਿਆਂ ਦੀ ਰਿਪੇਅਰ ਦਾ ਕੰਮ ਸ਼ੁਰੂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਜ ਲਾ ਲਾ ਬਾ ਦ 13 ਮਈ (ਮਨੋਜ ਕੁਮਾਰ, ਸੁਭਾਸ਼ ਸਿੰਘ) ਪਿੰਡ ਰੰਗੀਲਾ ਦੇ ਸਰਪੰਚ ਪਰਮਜੀਤ ਕੌਰ ਸੈਣੀ ਦੇ ਪਤੀ ਮਨਪ੍ਰੀਤ ਸਿੰਘ ਸੈਣੀ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਅੱਜ ਪਿੰਡ ਰੰਗੀਲਾ ਅਤੇ ਪਿੰਡ ਚੱਕ ਪੁੰਨਾਂ ਵਾਲੀ ਖਲਚੀਆਂ ਰਕਬੇ ਦੇ ਨਹਿਰੀ ਪੱਕੇ ਖਾਲਿਆਂ ਦੀ ਰਿਪੇਅਰ ਦਾ ਕੰਮ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਸਾਹਿਯੋਗ ਸਦਕਾ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਤੇ ਸਰਪੰਚ ਪਰਮਜੀਤ ਕੌਰ ਸੈਣੀ ਦੇ ਪਤੀ ਮਨਪ੍ਰੀਤ ਸਿੰਘ ਸੈਣੀ ਨੇ ਜਾਣਕਾਰੀ ਦਿੰਦਿਆ ਦੱਸਿਆ ਕਿ ਪਿਛਲੇ ਕਈ ਸਾਲਾ ਤੋਂ ਪੱਕੇ ਖਾਲੇ ਬਣਾਏ ਗਏ ਸਨ, ਪਰ ਇਹ ਪੱਕੇ ਖਾਲੇ ਜਗ੍ਹਾ - ਜਗ੍ਹਾ ਤੋਂ ਟੁੱਟ ਚੁੱਕੇ ਸਨ ਅਤੇ ਕਾਫੀ ਸਮੇ ਤੋਂ ਇਸ ਖਾਲਿਆਂ ਦੀ ਰਿਪੇਅਰ ਨਹੀ ਕੀਤੀ ਗਈ ਸੀ। ਇਸ ਇਲਾਕੇ ਦੇ ਕਿਸਾਨ ਬਹੁਤ ਪ੍ਰੇਸ਼ਾਨ ਸਨ ਕਿਉਕਿ ਖਾਲਿਆਂ ਦੀ ਰਿਪੇਅਰ ਨਾ ਹੋਣ ਦੇ ਕਾਰਨ ਉਨਾਂ ਦੇ ਖੇਤਾਂ ਤੱਕ ਪੂਰਾ ਪਾਣੀ ਨਹੀ ਪਹੁੰਚ ਰਿਹਾ ਸੀ। ਇਹ ਕਿਸਾਨਾਂ ਦੀ ਮੰਗ ਨੂੰ ਦੇਖਦਿਆਂ ਹੋਏ ਅੱਜ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਸਹਿਯੋਗ ਸਦਕਾ ਇਸ ਨਹਿਰੀ ਪੱਕੇ ਖਾਲਿਆਂ ਦੀ ਰਿਪੇਅਰ ਦਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਮੌਕੇ ਤੇ ਸਰਪੰਚ ਪਰਮਜੀਤ ਕੌਰ ਸੈਣੀ ਦੇ ਪਤੀ ਮਨਪ੍ਰੀਤ ਸਿੰਘ ਸੈਣੀ ਨੇ ਕਿਹਾ ਕਿ ਹਲਕਾ ਵਿਧਾਇਕ ਜਗਦੀਪ ਕੰਬੋਜ ਗੋਲਡੀ ਦੇ ਸਹਿਯੋਗ ਸਦਕਾ ਕਿਸੇ ਵੀ ਕਿਸਾਨ ਭਰਾ ਨੂੰ ਕੋਈ ਵੀ ਪ੍ਰੇਸ਼ਾਨੀ ਨਹੀ ਆਉਣ ਦਿੱਤੀ ਜਾਵੇਗੀ ਤੇ ਨਹਿਰੀ ਪਾਣੀ ਹਰ ਕਿਸਾਨ ਦੇ ਖੇਤਾਂ ਤੱਕ ਪਹੁੰਚਾਇਆ ਜਾਵੇਗਾ। ਇਸ ਮੌਕੇ ਤੇ ਅਰਸ਼ਪ੍ਰੀਤ ਸਿੰਘ ਪੰਚ, ਗੁਰਜੰਟ ਸਿੰਘ ਪੰਚ, ਗੁਰਭਲਿੰਦਰ ਸਿੰਘ ਪੰਚ, ਕੈਲਾਸ ਰਾਣੀ ਪੰਚ, ਹਰਜਿੰਦਰ ਕੌਰ ਪੰਚ, ਮਨਦੀਪ ਸਿੰਘ, ਕਰਮ ਸਿੰਘ, ਬੇਅੰਤ ਸਿੰਘ, ਗੁਲਾਬ ਸਿੰਘ, ਧਰਮਪਾਲ ਸਿੰਘ, ਖੁਸਪ੍ਰੀਤ ਸਿੰਘ, ਕਮਲਦੀਪ ਸਿੰਘ, ਠਾਣਾ ਸਿੰਘ, ਦੁੱਲਾ ਸਿੰਘ, ਬਚਿੱਤਰ ਸਿੰਘ, ਸੂਰਜ ਕੰਬੋਜ, ਲੇਖ ਰਾਜ, ਲਾਲ ਚੰਦ, ਹਰਨਾਮ ਚੰਦ, ਦੇਸ ਰਾਜ, ਗੁਰਮੰਗਤ ਸਿੰਘ, ਗਿਆਨ ਸਿੰਘ, ਰਾਜਨ ਸਿੰਘ, ਸਿਮਰਨ ਸਿੰਘ, ਅੰਮ੍ਰਿਤਪਾਲ ਸਿੰਘ, ਪ੍ਰਗਟ ਸਿੰਘ, ਸਤਨਾਮ ਸਿੰਘ, ਲਵਪ੍ਰੀਤ ਸਿੰਘ, ਕੁਲਦੀਪ ਸਿੰਘ, ਸਵਰਨ ਸਿੰਘ, ਗੁਰਚਰਨ ਸਿੰਘ, ਹਰਮਨ ਸਿੰਘ, ਕਰਮਜੀਤ ਸਿੰਘ, ਬਲਜਿੰਦਰ ਸਿੰਘ, ਮਹਿੰਦਰਪਾਲ ਕੰਬੋਜ ਅਤੇ ਸਮੂਹ ਪਿੰਡ ਰੰਗੀਲਾ ਦੇ ਵਸਨੀਕ ਹਾਜ਼ਰ ਸਨ।

# ਜੌੜੇਪੁਲ ਨਹਿਰ ਵਿੱਚ ਕਾਰ ਡਿੱਗਣ ਕਾਰਨ ਚਾਰ ਜਣਿਆਂ ਦੀ ਹੋਈ ਮੌਤ

## ਦੋ ਦਿਨ ਪਹਿਲਾਂ ਹੋਇਆ ਸੀ ਹਾਦਸਾ; ਅੱਜ ਮਿਲੀਆਂ ਮ੍ਰਿਤਕ ਦੇਹਾਂ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਚਾਰ ਜ਼ਿਲ੍ਹਿਆਂ ਦੀ ਹੱਦ ’ਤੇ ਪੈਂਦੇ ਜੌੜੇਪੁਲ ਨਹਿਰ ਵਿੱਚ ਕਾਰ ਡਿੱਗਣ ਕਾਰਨ ਚਾਰ ਵਿਅਕਤੀਆਂ ਦੀ ਮੌਤ ਹੋ ਗਈ ਸੀ ਜਿਸ ਦੀ ਖਬਰ ਮਿਲਦੇ ਹੀ ਇਲਾਕੇ ਵਿੱਚ ਸੋਗ ਫੈਲ ਗਿਆ। ਕਰੀਬ 40 ਘੰਟਿਆਂ ਦੀ ਜੱਦੋ ਜਹਿਦ ਤੋਂ ਬਾਅਦ ਮ੍ਰਿਤਕਾਂ ਦੀਆਂ ਲਾਸ਼ਾਂ ਪੁਲੀਸ ਨੂੰ ਮਿਲੀਆਂ। ਡੀਐੱਸਪੀ ਦਵਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਪਰਿਵਾਰ ਵੱਲੋਂ ਦਰਜ ਕਰਵਾਏ ਬਿਆਨਾਂ ਦੇ ਆਧਾਰ ’ਤੇ 11 ਤੇ 12 ਮਈ ਦੀ ਰਾਤ ਨੂੰ ਮਾਲੇਰਕੋਟਲਾ ਦੇ ਪਿੰਡ ਸੰਗਾਲਾ, ਰਟੋਲਾ ਨੇੜੇ ਇੱਕ ਟਰੱਕ ਏਜੰਸੀ ਵਿੱਚ ਕੰਮ ਕਰਦੇ ਚਾਰ ਵਿਅਕਤੀਆਂ ਗੋਪਾਲ ਕ੍ਰਿਸ਼ਨ, ਜਤਿੰਦਰ ਕੁਮਾਰ ਚੌਧਰੀ, ਰਾਜਸਥਾਨ ਗਗਨਦੀਪ ਸਿੰਘ ਵਾਸੀ ਘਨੌੜ ਜੱਟਾਂ, ਸੁੱਜਨ ਮਲਿਕ ਨੇ ਕਾਰ ਰਾਹੀਂ ਹਰਿਦੁਆਰ ਜਾਣਾ ਸੀ ਤੇ ਉਨ੍ਹਾਂ ਦਾ ਕੋਈ ਥਹੁ ਪਤਾ ਨਹੀਂ ਲੱਗ ਰਿਹਾ ਸੀ, ਜਿਨ੍ਹਾਂ ਵਿੱਚ ਇੱਕ ਏਜੰਸੀ ਦਾ ਮੈਨੇਜਰ ਵੀ ਸ਼ਾਮਲ ਹੈ। ਹਾਦਸੇ ਦਾ ਸ਼ਿਕਾਰ ਹੋਣ ਵਾਲੇ ਵਿਅਕਤੀਆਂ ਦੀ ਉਮਰ ਕਰੀਬ 25 ਤੋਂ 40 ਸਾਲ ਦੇ ਦਰਮਿਆਨ ਦੱਸੀ ਜਾ ਰਹੀ ਹੈ। ਦੋ ਦਿਨ ਤੋਂ ਲਾਪਤਾ ਹੋਏ ਵਿਅਕਤੀਆਂ ਦੀ ਭਾਲ ਕੀਤੀ ਜਾ ਰਹੀ ਸੀ ਤਾਂ ਉਨ੍ਹਾਂ ਨੂੰ ਫੋਨ ਦੀ ਲੋਕੇਸ਼ਨ ਜੌੜੇਪੁਲ ਨਹਿਰ ਦੇ ਆਲੇ ਦੁਆਲੇ ਹੋਣ ਦੀ ਮਿਲ ਰਹੀ ਸੀ ਤੇ ਇੱਥੇ ਆ ਕੇ ਕਾਰ ਗਾਇਬ ਹੋ ਗਈ ਹੈ। ਕਾਰ ਦੀ ਸਪੀਡ ਇੰਨੀ ਤੇਜ਼ ਸੀ ਕਿ ਨਹਿਰ ਕਿਨਾਰੇ ਲੱਗੇ ਭਾਰੀ ਲੋਹੇ ਦੇ ਪਾਈਪਾਂ ਨੂੰ ਤੋੜ ਕੇ ਕਾਰ ਨਹਿਰ ਵਿੱਚ ਸਿੱਧੀ ਜਾ ਡਿੱਗੀ। ਪੁਲੀਸ ਵੱਲੋਂ ਕਾਰ ਨੂੰ ਨਹਿਰ ਵਿੱਚੋਂ ਕੱਢਣ ਤੋਂ ਬਾਅਦ ਚਾਰ ਕਾਰ ਸਵਾਰ ਵਿਅਕਤੀਆਂ ਦੀਆ ਲਾਸ਼ਾਂ ਮਿਲੀਆਂ ਜਿਨ੍ਹਾਂ ਦੀ ਪਹਿਚਾਣ ਕਰਨੀ ਔਖੀ ਹੋ ਰਹੀ ਸੀ। ਪੁਲੀਸ ਚੌਂਕੀ ਹਿੰਮਤਾਣਾ ਵੱਲੋਂ ਲਾਸ਼ਾਂ ਦੇ ਪੋਸਟ ਮਾਰਟਮ ਤੋਂ ਬਾਅਦ ਲਾਸ਼ਾਂ ਪਰਿਵਾਰ ਦੇ ਮੈਂਬਰਾਂ ਨੂੰ ਸੌਂਪੀਆਂ ਜਾਣਗੀਆਂ।

# ਸਦਰ ਥਾਣਾ ਬਾਲੀਆਂ ਵਿਖੇ ਝੂਠਾ ਪਰਚਾ ਰੱਦ ਕਰਾਉਣ ਦਾ ਮਾਮਲਾ ਐਸ ਡੀ ਐਮ ਸੰਗਰੂਰ ਦੇ ਦੁਆਰ ਪੁੱਜਾ

## ਸਤਵਿੰਦਰ ਸਿੰਘ ਗਰੀਬ ਘਰ ਦਾ ਲੜਕਾ ਜੋ ਕਿ ਪੀ ਐਚ ਡੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਕਰ ਰਿਹਾ ਹੈ ਉਸ ਵਿਰੁੱਧ ਝੂਠਾ ਪਰਚਾ ਦਰਜ ਕਰਕੇ ਉਸ ਦਾ ਭਵਿੱਖ ਖਤਮ ਕਰਨ ਵਾਲੇ ਐਸ ਐਚ ਓ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ- ਚਮਕੌਰ ਸਿੰਘ ਵੀਰ/ ਡਾਕਟਰ ਮੱਖਣ ਸਿੰਘ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com



ਸੰਗਰੂਰ ( ) ਪਿੰਡ ਬਾਲੀਆਂ ਵਿਖੇ ਲਗਭਗ 15 ਸਾਲ ਤੋਂ ਇੱਕ ਆਰ ਓ ਸਿਸਟਮ ਪਾਣੀ ਵਾਲਾ ਲਗਾਇਆ ਗਿਆ ਸੀ, ਜਿਸ ਉੱਪਰ ਚਮਕੌਰ ਸਿੰਘ ਪੁੱਤਰ ਅਜਮੇਰ ਸਿੰਘ ਨੂੰ ਆਪਰੇਟਰ ਤੌਰ ਤੇ ਪਿੰਡ ਦੀ ਪੰਚਾਇਤ ਵੱਲੋਂ 23/ 12 / 12 ਨੂੰ ਮਤਾ ਪਾਸ ਕਰਕੇ ਰੱਖਿਆ ਹੋਇਆ ਸੀ, ਪਰ ਜਿਉਂ ਹੀ ਬਾਲੀਆਂ ਪਿੰਡ ਦੀ ਪੰਚਾਇਤ ਬਦਲੀ ਹੋਈ ਤਾਂ ਉਹਨਾਂ ਨੇ ਇਸ ਆਪਰੇਟਰ ਨੂੰ ਜਾਤੀ ਅਧਾਰ ਤੇ ਤੰਗ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਅਤੇ ਚਮਕੌਰ ਸਿੰਘ ਨੂੰ ਹਟਾ ਕੇ ਆਪਣਾ ਹੋਰ ਅਪਰੇਟਰ ਰੱਖਣਾ ਚਾਹਿਆ, ਇਕੱਠ ਵਿੱਚ ਚਮਕੌਰ ਸਿੰਘ ਆਪਰੇਟਰ ਅਤੇ ਸਤਵਿੰਦਰ ਸਿੰਘ ਉਸਦੇ ਭਰਾ ਨੇ ਕਿਹਾ ਕਿ ਹਰਜੀਤ ਸਿੰਘ ਸਾਡੇ ਕੋਲੋਂ ਹਰ ਮਹੀਨੇ 20ਹਜਾਰ ਰੁਪਆ ਰਿਸ਼ਵਤ ਦੀ ਮੰਗ ਕਰ ਰਿਹਾ ਸੀ ਜੋ ਕਿ ਅਸਲ ਝਗੜੇ ਦਾ ਕਾਰਨ ਹੈ ਫਿਰ ਹਰਜੀਤ ਸਿੰਘ ਸਾਬਕਾ ਸਰਪੰਚ ( ਮੌਜੂਦਾ ਸਰਪੰਚ ਜਸਵਿੰਦਰ ਕੌਰ ਦੇ ਘਰ ਵਾਲਾ), ਸ੍ਰ ਰਣਜੀਤ ਸਿੰਘ ਏ ਐਸ ਆਈ (ਹਰਜੀਤ ਸਿੰਘ ਦਾ ਭਰਾ) ਅਤੇ ਸ੍ਰ ਕਸ਼ਮੀਰ ਸਿੰਘ ਐਸ ਐਚ ਓ ਸਦਰ ਬਾਲੀਆਂ ਇਹਨਾਂ ਸਾਰਿਆਂ ਨੇ ਸਕੀਮ ਘੜ ਕੇ ਤਿੰਨ ਬੰਦਿਆਂ ਚਮਕੌਰ ਸਿੰਘ ਪੁੱਤਰ ਅਜਮੇਰ ਸਿੰਘ, ਬੂਟਾ ਸਿੰਘ ਪੁੱਤਰ ਅਜਮੇਰ ਸਿੰਘ ਤੇ ਬਿੰਦਰ ਸਿੰਘ ਪੁੱਤਰ ਅਜਮੇਰ ਸਿੰਘ ਵਿਰੁੱਧ ਪਰਚਾ ਨੰਬਰ 52 ਮਿਤੀ15/4 / 25 ਨੂੰ ਝੂਠਾ ਪਰਚਾ ਦਰਜ ਕੀਤਾ, ਇਸ ਦੇ ਵਿਰੁੱਧ ਚਮਕੌਰ ਸਿੰਘ ਅਤੇ ਉਸਦੇ ਭਰਾ ਸਿਵਲ ਕੋਰਟ ਵੱਲੋਂ ਗਿਰਫਤਾਰੀ ਬਚਣ ਲਈ ਮਾਨਯੋਗ ਕੋਰਟ ਵੱਲੋਂ ਸਟੇਆ ਲੈ ਕੇ ਆਏ, ਉਹਨਾਂ ਪਿੰਡ ਦੀ ਪੰਚਾਇਤ ਨੂੰ, ਮਾਨਯੋਗ ਐਸ ਐਸ ਪੀ ਸੰਗਰੂਰ, ਡੀ ਐਸ ਪੀ ਆਰ ਅਤੇ ਐਸ ਐਚ ਓ ਸਦਰ ਬਾਲੀਆਂ ਨੂੰ ਬੇਨਤੀ ਕੀਤੀ ਸੀ ਕਿ ਜੋ ਉਹਨਾਂ ਦਾ ਲੱਖਾਂ ਰੁਪਏ ਦਾ ਸਮਾਨ ਆਰ ਓ ਦੇ ਅੰਦਰ ਲੱਗਾ ਹੋਇਆ ਹੈ ਉਹ ਸਾਨੂੰ ਦਵਾਇਆ ਜਾਵੇ ਜਿਸ ਤੇ ਹਰਜੀਤ ਸਿੰਘ ਸਾਬਕਾ ਸਰਪੰਚ ਨੇ ਧੱਕੇ ਨਾਲ ਉਸ ਤੇ ਕਬਜ਼ਾ ਕੀਤਾ ਹੋਇਆ ਹੈ, ਆਰ ਓ ਤੇ ਠੰਡਾ ਪਾਣੀ ਕਰਨ ਲਈ ਲਗਾਇਆ ਹੋਇਆ ਸਮਾਨ ਵੀ ਉਨਾਂ ਨੂੰ ਪੰਚਾਇਤ ਪਾਸੋ ਪੁਲਿਸ ਪ੍ਰਸ਼ਾਸਨ ਵਾਪਸ ਨਹੀਂ ਦਿਵਾ ਰਿਹਾ, ਇਸ ਸਬੰਧੀ ਐਸ ਐਚ ਓ ਸਦਰ ਟਾਲਮਟੋਲ ਕਰਦਾ ਰਿਹਾ ,ਅਖੀਰ ਨੂੰ ਅੱਜ ਪਿੰਡ ਦੇ ਮਜ਼ਦੂਰਾਂ ਕਿਰਤੀ ਕਾਮਿਆਂ ਨੇ ਸਦਰ ਥਾਣਾ ਵਿਖੇ ਤਿੰਨ ਦਿਨ ਧਰਨਾ ਲਾਇਆ ਤਾਂ ਐਸ ਐਚ ਓ ਨੇ ਵਿਸ਼ਵਾਸ ਦਵਾਇਆ ਕਿ ਇਹ ਮਸਲਾ 12 ਤਰੀਕ ਨੂੰ ਹੱਲ ਕਰ ਲਿਆ ਜਾਵੇਗਾ। 12 ਮਈ ਨੂੰ ਮਾਨਯੋਗ ਐਸ ਡੀ ਐਮ ਸੰਗਰੂਰ ਵੱਲੋਂ ਸ੍ਰੀ ਜਗਤਾਰ ਸਿੰਘ ਤਹਿਸੀਲਦਾਰ ਸੰਗਰੂਰ, ਸ੍ਰੀ ਹਨੀ ਗੁਪਤਾ ਐਕਸੀਅਨ ਅਤੇ ਐਸ ਡੀ ਓ ਵਾਟਰ ਐਂਡ ਸਪਲਾਈ ਤੇ ਪੁਲਿਸ ਪ੍ਰਸ਼ਾਸਨ ਹੋਣ ਦੇ ਬਾਵਜੂਦ ਵੀ ਹਰਜੀਤ ਸਿੰਘ ਸਾਬਕਾ ਸਰਪੰਚ ਨੇ ਆਰ ਓ ਦਾ ਜਿੰਦਾ ਨਹੀਂ ਖੋਲਿਆ ਜਿਸ ਕਰਕੇ ਪਿੰਡ ਦੇ ਦਲਿਤਾਂ, ਮਜ਼ਦੂਰਾਂ ਅਤੇ ਪੱਛੜੇ ਵਰਗਾਂ ਤੇ ਬਸਪਾ ਵਰਕਰਾਂ ਵਿੱਚ ਰੋਸ ਫੈਲ ਗਿਆ। ਇਸੇ ਕਰਕੇ ਐਸ ਡੀ ਐਮ ਸੰਗਰੂਰ ਦੇ ਦਫਤਰ ਦਾ ਘਰਾਓ ਕਰਨਾ ਪਿਆ। ਐਸ ਡੀ ਐਮ ਸਾਹਿਬ ਨੇ ਸਾਰੀ ਗੱਲ ਗੌਰ ਨਾਲ ਸੁਣੀ ਅਤੇ ਦੂਜੀ ਧਿਰ ਦੀ ਗੱਲ ਵੀ ਸੁਣੀ ਅਤੇ ਅਖੀਰ ਇਹ ਫੈਸਲਾ ਲਿਆ ਕਿ ਇਹ ਮਾਮਲਾ ਅੱਜ 14 ਮਈ ਤੱਕ ਹੱਲ ਕਰਨ ਦਾ ਧਰਨਾਕਾਰੀਆਂ ਵਿੱਚ ਆ ਕੇ ਵਿਸ਼ਵਾਸ ਦਵਾਇਆ। ਧਰਨਾਕਾਰੀਆਂ ਨੇ ਵਿਸ਼ਵਾਸ ਦਵਾਉਣ ਉਪਰੰਤ ਧਰਨਾ ਚੁੱਕ ਲਿਆ ਗਿਆ ਇਸ ਸਮੇਂ ਸ੍ਰ ਚਮਕੌਰ ਸਿੰਘ ਵੀਰ ਜਨਰਲ ਸਕੱਤਰ ਬਹੁਜਨ ਸਮਾਜ ਪਾਰਟੀ ਪੰਜਾਬ ਤੇ ਡਾਕਟਰ ਮੱਖਣ ਸਿੰਘ ਸੀਨੀਅਰ ਬਸਪਾ ਆਗੂ ਪੰਜਾਬ, ਸਤਿਗੁਰ ਸਿੰਘ ਕੌਹਰੀਆਂ ਜ਼ਿਲਾ ਪ੍ਰਧਾਨ ਤੇ ਸੂਬੇਦਾਰ ਰਣਧੀਰ ਸਿੰਘ ਨਾਗਰਾ ਨੇ ਬੋਲਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਦਲਿਤਾਂ ਮਜ਼ਦੂਰਾਂ ਉਤੇ ਦਿਨ ਪ੍ਰਤੀ ਦਿਨ ਤਸ਼ੱਦਦ ਵਧ ਰਹੇ ਹਨ, ਉਹਨਾਂ ਇਹ ਵੀ ਕਿਹਾ ਕਿ ਬਾਲੀਆਂ ਪਿੰਡ ਦੇ ਸਾਬਕਾ ਸਰਪੰਚ ਹਰਜੀਤ ਸਿੰਘ ਨੇ ਤਾਂ ਹੱਦਾ ਬੰਨੇ ਹੀ ਤੋੜ ਦਿੱਤੇ ਹਨ, ਚਮਕੌਰ ਸਿੰਘ ਆਪਰੇਟਰ ਦਾ ਉਸਦੇ ਭਾਈਆਂ ਦਾ ਸਮਾਨ ਤਾਂ ਵਾਪਸ ਕੀ ਕਰਨਾ ਸੀ ਸਗੋ ਉਲਟਾ ਪੁਲਿਸ ਨਾਲ ਮਿਲ ਕੇ ਇਕ ਮੈਂਬਰ ਪੰਚਾਇਤ ਦੇ ਝੂਠੇ ਬਿਆਨਾਂ ਦੇ ਆਧਾਰ ਤੇ ਤਿੰਨੇ ਭਰਾਵਾ ਉਪਰ ਉੱਪਰ ਝੂਠਾ ਮੁਕਦਮਾ ਦਰਜ ਕਰਵਾ ਦਿੱਤਾ। ਜਦੋਂ ਇਹ ਮਾਮਲਾ ਬਹੁਜਨ ਸਮਾਜ ਪਾਰਟੀ ਦੇ ਧਿਆਨ ਵਿੱਚ ਆਇਆ ਤਾਂ ਸਾਰੇ ਆਗੂਆਂ ਨੇ ਇਸ ਨੂੰ ਸੰਜੀਦਗੀ ਨਾਲ ਲੈਂਦੇ ਹੋਏ ਸਾਰੇ ਜਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਕਾਇਮ ਕੀਤਾ ਜਿਸ ਦੇ ਤਹਿਤ ਅੱਜ ਐਸ ਡੀ ਐਮ ਦਫਤਰ ਦੇ ਘਰਾਓ ਸਮੇਂ ਸੈਂਕੜਿਆਂ ਦੀ ਗਿਣਤੀ ਵਿੱਚ ਇਕੱਠ ਨੂੰ ਬੋਲਦਿਆਂ ਬਸਪਾ ਆਗੂਆਂ ਨੇ ਕਿਹਾ ਕਿ 24 ਘੰਟਿਆਂ ਦੇ ਅੰਦਰ ਅੰਦਰ ਚਮਕੌਰ ਸਿੰਘ ਬਾਲੀਆਂ ਆਪਰੇਟਰ ਦਾ ਸਮਾਨ ਦਿਵਾਇਆ ਜਾਵੇ, ਝੂਠੇ ਪਰਚੇ ਰੱਦ ਕੀਤੇ ਜਾਣ, ਸ੍ਰੀ ਕਸ਼ਮੀਰ ਸਿੰਘ ਐਸ ਐਚ ਓ ਸਦਰ ਸੰਗਰੂਰ ਅਤੇ ਰਣਜੀਤ ਸਿੰਘ ਏ ਐਸ ਆਈ ਨੂੰ ਤੁਰੰਤ ਸਸਪੈਂਡ ਕੀਤਾ ਜਾਵੇ। ਹਰਜੀਤ ਸਿੰਘ ਸਾਬਕਾ ਸਰਪੰਚ ਅਤੇ ਉਸਦੇ ਭਰਾ ਰਣਜੀਤ ਸਿੰਘ ਏ ਐਸ ਆਈ ਦੇ ਵਿਰੁੱਧ ਪਿੰਡ ਵਿੱਚ ਮਾਹੌਲ ਖਰਾਬ ਕਰਨ ਸਬੰਧੀ ਪਰਚਾ ਦਰਜ ਕੀਤਾ ਜਾਵੇ।

ਇਸ ਸਮੇਂ ਸਤਿਗੁਰੂ ਸਿੰਘ ਕੌਹਰੀਆਂ ਜਿਲਾ ਪ੍ਰਧਾਨ,ਸੂਬੇ ਰਣਧੀਰ ਸਿੰਘ ਨਾਗਰਾ ਜਿਲਾ ਇੰਚਾਰਜ ਬਸਪਾ ਸੰਗਰੂਰ, ਦਰਸ਼ਨ ਸਿੰਘ ਨਦਾਮਪੁਰ ਹਲਕਾ ਪ੍ਰਧਾਨ ਸੰਗਰੂਰ, ਤੇਜਾ ਸਿੰਘ, ਗੁਰਜੰਟ ਸਿੰਘ, ਪ੍ਰਕਾਸ਼ ਸਿੰਘ, ਪਵਿੱਤਰ ਸਿੰਘ,ਨਿਰਮਲ ਸਿੰਘ ਮੱਟੂ ਜਨਰਲ ਸਕੱਤਰ ਸੰਗਰੂਰ, ਮਿੱਠਾ ਸਿੰਘ ਸੈਕਟਰ ਪ੍ਰਧਾਨ ਬਾਲੀਆਂ, ਮੁਖਤਿਆਰ ਸਿੰਘ ਮੈਂਬਰ, ਤੇਜਾ ਸਿੰਘ ਮੇਨੇਜਰ, ਜਰਨੈਲ ਸਿੰਘ ,ਬਲਵੀਰ ਸਿੰਘ, ਮੁਖਤਿਆਰ ਸਿੰਘ, ਨਛੱਤਰ ਸਿੰਘ, ਸਤਵਿੰਦਰ ਸਿੰਘ, ਚਮਕੌਰ ਸਿੰਘ, ਬਲਵਿੰਦਰ ਸਿੰਘ, ਅਮਨਦੀਪ ਕੌਰ, ਰਾਜਵੀਰ ਕੌਰ, ਸਰਜੀਤ ਕੌਰ, ਬਲਜੀਤ ਕੌਰ, ਮਲਕੀਤ ਕੌਰ, ਪ੍ਰਮਿੰਦਰ ਕੌਰ, ਸੁਰਿੰਦਰ ਕੌਰ, ਬਲਜੀਤ ਕੌਰ, ਜਸਵੀਰ ਕੌਰ ਮਹਿੰਦਰ ਕੌਰ ਸੁਖਵਿੰਦਰ ਕੌਰ ਸੁਖਵਿੰਦਰ ਕੌਰ ਅਮਰਜੀਤ ਕੌਰ, ਅਮਨਦੀਪ ਸਿੰਘ, ਸ਼ਮਸ਼ੇਰ ਸਿੰਘ, ਅਜਮੇਰ ਸਿੰਘ, ਬਲਵੀਰ ਸਿੰਘ, ਨੇਕ ਸਿੰਘ, ਬਲਵਿੰਦਰ ਸਿੰਘ, ਬਲਜਿੰਦਰ ਸਿੰਘ ਕ੍ਰਿਸ਼ਨ ਸਿੰਘ ਚਮਕੌਰ ਸਿੰਘ ਜਸਵਿੰਦਰ ਸਿੰਘ ਬਲਕਾਰ ਸਿੰਘ ਗੱਬਰ ਸਿੰਘ ਚਮਕੌਰ ਸਿੰਘ, ਬਿੱਕਰ ਸਿੰਘ, ਕਾਕਾ ਸਿੰਘ,ਜੀਵਨ ਸਿੰਘ, ਭੋਲਾ ਸਿੰਘ, ਅਮਨਦੀਪ ਸਿੰਘ ਆਦਿ ਵੱਡੀ ਗਿਣਤੀ ਵਿੱਚ ਧਰਨਾਕਾਰੀ ਮੌਜੂਦ ਸਨ।

# ਅਨੰਦ ਗਰੁੂਪ ਦਿਲਸ਼ੁਮਾਰ ਇੰਟਰਟੇਨਮੈਂਟ ਵੱਲੋਂ ਬਾਲੀਵੁੱਡ ਪਿੱਠਵਰਤੀ ਗਾਇਕ ਮੰਨਾ ਡੇ ਨੂੰ ਕੀਤਾ ਯਾਦ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਅੰਮ੍ਰਿਤਸਰ ( ਸਵਿੰਦਰ ਸਿੰਘ/ਬੇਅੰਤ ਸਿੰਘ ਰੋਹਟੀ ਖਾਸ) ਅਨੰਦ ਗਰੂਪ ਦਿਲਸ਼ੁਮਾਰ ਇੰਟਰਟੇਨਮੈਂਟ ਵੱਲੋਂ ਬਾਲੀਵੁੱਡ ਪਿੱਠਵਰਤੀ ਗਾਇਕ ਮੰਨਾ ਡੇ ਨੂੰ ਕੀਤਾ ਯਾਦ ਕਰਦੇ ਹੋਏ "ਤੂੰ ਪਿਆਰ ਕਾਂ ਸਾਗਰ ਹੈ" ਪ੍ਰੋਗਰਾਮ ਦਾ ਆਯੋਜਿਨ ਕੀਤਾ ਗਿਆ ! ਦੱਸ ਦਈਏ ਕੇ ਮੰਨਾ ਡੇ ਨੇ ਆਪਣੇ ਸੰਗੀਤ ਦੇ ਕੇਰੀਅਰ ਵਿੱਚ ਅਨੇਕਾਂ ਗੀਤ ਗਾਏ ਹਨ ਜੋ ਬਹੁਤ ਹਿੱਟ ਰਹੇ ਜਿੰਨਾ ਨੂੰ ਲੋਕ ਅੱਜ ਵੀ ਪਸੰਦ ਕਰਦੇ ਹਨ ਜਿੰਨਾ ਵਿੱਚ "ਯੇ ਦੋਸਤੀ, ਯਸ਼ੋ ਮਾਤੀਮਈਆਂ ਸੇ ਬੋਲੇ ਨੰਦ ਲਾਲਾ, ਪਿਆਰ ਹੁਆ ਇਕਰਾਰ ਹੁਆ ਅਤੇ ਇਸ ਤੋਂ



ਇਲਾਵਾ ਬਹੁਤ ਗੀਤ ਹਨ !

ਪ੍ਰੋਗਰਾਮ ਦੀ ਜਾਣਕਾਰੀ ਦਿੰਦੇ ਹੋਏ ਚੀਫ ਪ੍ਰਧਾਨ ਤੇ ਗਾਇਕ ਦਿਲਸ਼ੁਮਾਰ ਅਨੰਦ ਅਤੇ ਰਣਜੀਤਾ ਅਨੰਦ ਨੇ ਦੱਸਿਆਂ ਕਿ ਇਸ ਪ੍ਰੋਗਰਾਮ ਦੇ ਵਿੱਚ ਬਾਲੀਵੁੱਡ ਦੇ ਗਾਇਕ ਅਤੇ ਸੰਗੀਤਕਾਰ ਮੰਨਾ ਡੇ ਨੂੰ ਯਾਦ ਕਰਦੇ ਹੋਏ ਉਹਨਾਂ ਦੇ ਹੀ ਗੀਤ ਗਾ ਕੇ ਉਨ੍ਹਾਂ ਨੂੰ ਯਾਦ ਕੀਤਾ ਗਿਆ !

ਇਸ ਪ੍ਰੋਗਰਾਮ ਦੇ ਵਿੱਚ ਮੁੱਖ ਮਹਿਮਾਨ ਸਮਾਜ ਸੇਵਿਕਾ ਸੁਰਭੀ ਵਰਮਾ ਸਨ ਪਰ ਕਿਸੇ ਕਾਰਨਾ ਕਰਕੇ ਪ੍ਰੋਗਰਾਮ ਦੇ ਵਿੱਚ ਸ਼ਾਮਿਲ ਨਹੀਂ ਹੋ ਸਕੇ ਅਤੇ ਵਿਸੇਸ਼ ਮਹਿਮਾਨ ਦੇ ਤੋਰ ਤੇ ਅੰਮ੍ਰਿਤਸਰ ਦੇ ਕੌਂਸਲਰ ਵਿਰਾਟ ਦੇਵਗਨ, ਬਾਲੀਵੁੱਡ, ਪਾਲੀਵੁੱਡ ਅਦਾਕਾਰ ਅਤੇ ਨਿਊਜ਼ ਐਂਕਰ ਅਰਵਿੰਦਰ ਭੱਟੀ ਸਨ ਅਤੇ ਪ੍ਰੋਗਰਾਮ ਦੀ ਕੌਂਡੀਨੇਟਰ ਤੇ ਗਾਇਕ ਅਨੂ ਰਾਜਪੂਤ ਸਨ ! ਪ੍ਰੋਗਰਾਮ ਦੀ ਸੰਚਾਲਨ ਬਹੁਤ ਹੀ ਬੇਹਤਰੀਨ ਅੰਦਾਜ ਦੇ ਨਾਲ ਸਟੇਜ ਐਂਕਰ ਅਰਜੁਨ ਗੁਪਤਾ ਨੇ ਕੀਤਾ !

ਰਣਜੀਤਾ ਆਨੰਦ ਨੇ ਦੱਸਿਆਂ ਕਿ ਇਸ ਪ੍ਰੋਗਰਾਮ ਦੇ ਵਿੱਚ ਉਹਨਾਂ ਗਾਇਕਾ ਨੇ ਗਾ ਕੇ ਮੰਨਾ ਡੇ ਜੀ ਨੂੰ ਆਪਣੇ ਗੀਤਾ ਦੇ ਰਾਹੀ ਸ਼ਰਧਾ ਦੇ ਫੁੱਲ ਭੇਟ ਕੀਤੇ ਹਨ ਜੋ ਪ੍ਰੋਫੈਸ਼ਨਲ ਤੋਰ ਤੇ ਗਾਇਕ ਨਹੀਂ ਹਨ ਉਹ ਵੱਖ ਵੱਖ ਕਿੱਤੇ ਦੇ ਨਾਲ ਜੁੜੇ ਹੋਏ ਹਨ ਪਰ ਉਹ ਸੰਗੀਤ ਦੇ ਪ੍ਰੇਮੀ ਹਨ ਜਿੰਨਾ ਨੇ ਆਪਣੀਆਂ ਸੁਰੀਲੀ ਅਵਾਜ਼ ਦੇ ਨਾਲ ਇਸ ਪ੍ਰੋਗਰਾਮ ਨੂੰ ਚਾਰ ਚੰਦ ਲਗਾ ਦਿੱਤੇ! ਇਸ ਮੌਕੇ ਤੇ ਆਏ ਹੋਏ ਮਹਿਮਾਨਾ ਤੋਂ ਇਲਾਵਾ ਪ੍ਰੋਗਰਾਮ ਦੇ ਵਿੱਚ ਸ਼ਾਮਿਲ ਗਾਇਕਾ ਨੂੰ ਸਨਮਾਨਿਤ ਵੀ ਕੀਤਾ ਗਿਆ !

# "ਬੰਦੀ ਸਿੰਘਾਂ ਦੀ ਰਿਹਾਈ" ਗੀਤ ਵਾਲ਼ੇ ਗਾਇਕ ਸੁਖਵੰਤ ਲਵਲੀ ਨੂੰ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਵੱਲੋਂ ਮਿਲਿਆ ਸਮਰਥਨ ਤੇ ਭਰਵਾਂ ਹੁੰਗਾਰਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

13ਮਈ 2025(ਬੇਅੰਤ ਸਿੰਘ ਰੋਹਟੀ ਖਾਸ) ਪੰਜਾਬੀ ਲੋਕ ਗਾਇਕ ਵੱਲੋਂ ਗਾਇਆ ਗਿਆ ਗੀਤ ਬੰਦੀ ਸਿੰਘਾਂ ਦੀ ਰਿਹਾਈ ਅੱਜਕਲ੍ਹ ਆਮ ਲੋਕਾਂ ਦੀ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ ਜੋ ਕਿ ਸਾਨੂ ਖੇਤ ਵਾਹ ਰਹੇ ਟਰੈਕਟਰਾਂ, ਗੱਡੀਆਂ, ਕਾਰਾਂ, ਟਰੱਕਾਂ, ਕੰਬਾਈਨਾ ਆਦਿ ਉੱਤੇ ਵੱਜਦਾ ਦਿਖਾਈ ਰਿਹਾ ਹੈ.ਹਰ ਪਾਸੇ ਇਸ ਗੀਤ ਦੀ ਤੂਤੀ ਬੋਲ ਰਹੀ ਹੈ, ਇਸ ਗੀਤ ਵਿਚਲੀ ਸਚਾਈ ਦੇਖ ਕੇ ਸੁਖਵੰਤ ਲਵਲੀ ਨੂੰ ਸਿੱਖ ਜੱਥੇਬੰਦੀਆਂ,



ਸਾਬਕਾ ਕੈਬਨਟ ਮੰਤਰੀ ਸਰਦਾਰ ਸੁਰਜੀਤ ਸਿੰਘ ਰੱਖੜਾ ਜੀ "ਬੰਦੀ ਸਿੰਘਾਂ ਦੀ ਰਿਹਾਈ" ਗੀਤ ਦਾ ਪੋਸਟਰ ਰੀਲੀਜ਼ ਕਰਦੇ ਹੋਏ.

ਅਤੇ ਕੁਝ ਵਧੀਆ ਰਾਜਨੀਤਿਕ ਨੇਤਾ ਵੀ ਸੁਖਵੰਤ ਲਵਲੀ ਨੂੰ ਬੁਲਾ ਕੇ ਉਸਦਾ ਸਨਮਾਨ ਤੇ ਹੌਂਸਲਾ ਵਧਾ ਰਹੇ ਹਨ ਇਸੇ ਲੜੀ ਤਹਿਤ ਪੰਜਾਬ ਦੇ ਸਾਬਕਾ ਕੈਬਨਟ ਮੰਤਰੀ ਪੰਜਾਬ ਸਰਦਾਰ ਸੁਰਜੀਤ ਸਿੰਘ ਰੱਖੜਾ ਜੀ ਨੇ ਬੰਦੀ ਸਿੰਘਾਂ ਦੀ ਰਿਹਾਈ ਗੀਤ ਦਾ ਪੋਸਟਰ ਰੀਲੀਜ਼ ਕੀਤਾ ਤੇ ਇਸ ਗੀਤ ਦੀ ਵੱਧ ਤੋਂ ਵੱਧ ਤਰੀਫ਼ ਕੀਤੀ ਕਿ ਸੁਖਵੰਤ ਲਵਲੀ ਨੇ ਬੜੀ ਹੀ ਦਲੇਰੀ ਤੇ ਹਿੰਮਤ ਵਾਲ਼ਾ ਕੰਮ ਕੀਤਾ ਹੈ ਜਿਸਦੀ ਜਿੰਨੀ ਵੀ ਤਰੀਫ਼ ਕੀਤੀ ਜਾਵੇ ਓਨੀ ਹੀ ਘੱਟ ਹੈ.. ਉਨ੍ਹਾਂ ਨੇ ਅੱਗੇ ਇਹ ਵੀ ਕਿਹਾ ਕਿ ਹਰੇਕ ਗਾਇਕ ਨੂੰ ਸੁਖਵੰਤ ਲਵਲੀ ਵਾਂਗ ਚੰਗੇ ਵਿਸ਼ੇ ਗਾਉਣੇ ਚਾਹੀਦੇ ਹਨ ਤੇ ਚੰਗੇ ਗੀਤ ਲਿਖਣੇ ਚਾਹੀਦੇ ਹਨ ਜਿਨ੍ਹਾਂ ਰਾਹੀਂ ਸਮਾਜ ਵਿਚ ਇੱਕ ਚੰਗਾ ਸੁਨੇਹਾ ਜਾਵੇ..ਇਹ ਮੌਕੇ ਏ ਵਨ ਮੀਡੀਆ ਪੰਜਾਬੀ ਵੱਲੋਂ ਗਾਇਕ ਤੇ ਹੋਸਟ ਮੋਹਣ ਮਕਬੂਲ, ਗਾਇਕ ਪੰਮਾ ਡਰੌਲੀ ਵਾਲ਼ਾ,ਹਰਜੀਤ ਕਾਠਮੱਠੀ, ਗੈਰੀ ਥਿੰਦ, ਸੁੱਖੀ ਥਿੰਦ, ਨਿਰਮਲ ਸਿੰਘ ਆਦਿ ਸ਼ਖਸ਼ੀਅਤਾਂ ਹਾਜ਼ਰ ਸਨ ਜਿਨ੍ਹਾਂ ਵੱਲੋਂ ਸੁਖਵੰਤ ਲਵਲੀ ਵੱਲੋਂ ਗਾਏ ਤੇ ਲਿਖੇ ਗੀਤ ਦੀ ਬਹੁਤ ਤਰੀਫ਼ ਕੀਤੀ ਗਈ.

# ਜਾਗਰੂਕਤਾ ਅਤੇ ਸਾਵਧਾਨੀ ਡੇਂਗੂ ਤੋਂ ਬਚਣ ਦਾ ਸੱਭ ਤੋਂ ਸੌਖਾ ਅਤੇ ਅਸਰਦਾਰ ਉਪਾਅ: ਡਾ. ਜੰਗਜੀਤ ਸਿੰਘ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਸ੍ਰੀ ਕੀਰਤਪੁਰ ਸਾਹਿਬ (13 ਮਈ, 2025) : ਮਾਣਯੋਗ ਸਿਵਲ ਸਰਜਨ, ਰੂਪਨਗਰ ਡਾਕਟਰ ਸਵਪਨਜੀਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਿਹਤ ਵਿਭਾਗ ਦੀ ਟੀਮ ਵੱਲੋਂ ਕੀਰਤਪੁਰ ਸਾਹਿਬ ਅਤੇ ਇਸਦੇ ਨੇੜ੍ਹਲੇ ਪਿੰਡਾਂ ਦਾ ਦੌਰਾ ਕਰਕੇ ਲੋਕਾਂ ਨੂੰ ਡੇਂਗੂ ਤੋਂ ਬਚਾਅ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਇਸ ਦੌਰਾਨ ਟੀਮ ਵੱਲੋਂ ਘਰਾਂ, ਗਲੀ- ਮੁਹੱਲਿਆਂ ਅਤੇ ਇਮਾਰਤਾਂ 'ਚ ਲੱਗੇ ਕੂਲਰਾਂ, ਗਮਲਿਆਂ ਅਤੇ ਪੰਛੀਆਂ ਲਈ ਰੱਖੇ ਕਸੋਰਿਆਂ ਤੋਂ ਇਲਾਵਾ ਕਬਾੜ ਵਿਚ ਪਏ ਸਮਾਨ ਦਾ ਮੁਆਇਨਾ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਨੂੰ ਡੇਂਗੂ ਦੀ ਰੋਕਥਾਮ ਲਈ ਹਰ ਸ਼ੁੱਕਰਵਾਰ "ਡ੍ਰਾਈ ਡੇਅ" ਮਨਾਉਣ ਲਈ ਵੀ ਪ੍ਰੇਰਿਤ ਕੀਤਾ ਜਾ ਰਿਹਾ ਹੈ।

ਸੀਨੀਅਰ ਮੈਡੀਕਲ ਅਫ਼ਸਰ ਡਾ. ਜੰਗਜੀਤ ਸਿੰਘ ਨੇ ਦੱਸਿਆ ਕਿ ਸਾਰੇ ਸਰਕਾਰੀ ਹਸਪਤਾਲਾਂ ਅਤੇ ਮੁੱਢਲੇ ਸਿਹਤ ਕੇਂਦਰਾਂ ਵਿਚ ਡੇਂਗੂ ਦੀ ਜਾਂਚ ਅਤੇ ਇਲਾਜ ਮੁਫ਼ਤ ਕੀਤਾ ਜਾਂਦਾ



ਹੈ ਪਰ ਕਈ ਵਾਰ ਇਹ ਰੋਗ ਜਾਨਲੇਵਾ ਸਿੱਧ ਹੁੰਦਾ ਹੈ ਇਸ ਲਈ ਜਾਗਰੂਕਤਾ ਅਤੇ ਸਾਵਧਾਨੀ ਇਸ ਰੋਗ ਤੋਂ ਬਚਣ ਦਾ ਸੱਭ ਤੋਂ ਸੌਖਾ ਅਤੇ ਅਸਰਦਾਰ ਉਪਾਅ ਹੈ। ਉਹਨਾਂ ਤੇਜ਼ ਬੁਖ਼ਾਰ, ਚਮੜੀ ਉੱਤੇ ਦਾਣੇ, ਸਿਰ ਤੇ ਅੱਖਾਂ ਦੇ ਪਿੱਛੇ ਦਰਦ, ਅਤੇ ਨੱਕ ਜਾਂ ਮਸੂੜਿਆਂ 'ਚੋਂ ਖ਼ੂਨ ਆਉਣ ਜਿਹੇ ਡੇਂਗੂ ਦੇ ਲੱਛਣ ਵਿਖਾਈ ਦੇਣ 'ਤੇ ਨਜ਼ਦੀਕੀ ਸਿਹਤ ਕੇਂਦਰ 'ਤੇ ਜਾਣ ਦੀ ਅਪੀਲ ਕੀਤੀ। ਡਾਕਟਰ ਜੰਗਜੀਤ ਸਿੰਘ ਨੇ ਟੋਲ ਫ੍ਰੀ ਨੰਬਰ 104 ਦਾ ਜ਼ਿਕਰ ਕਰਦਿਆਂ ਕਿਹਾ ਕਿ ਸਿਹਤ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲੈਣ ਲਈ ਕਿਸੇ ਵੀ ਸਮੇਂ ਇਸ ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਉਹਨਾਂ ਕਿਹਾ ਕਿ ਮਰੀਜ਼ਾਂ ਨੂੰ ਆਪਣੇ ਆਪ ਬਰੂਫਿਨ ਅਤੇ ਐਸਪਰੀਨ ਦੀ ਵਰਤੋਂ ਕਰਨ ਦੀ ਬਜਾਏ ਡਾਕਟਰੀ ਸਲਾਹ ਨਾਲ ਹੀ ਪੈਰਾਸੀਟਾਮੋਲ ਜਾਂ ਹੋਰ ਦਵਾਈ ਲੈਣੀ ਚਾਹੀਦੀ ਹੈ।

ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਬਰਸਾਤੀ ਮੌਸਮ 'ਚ ਵੈਕਟਰ ਜਨਿਤ ਰੋਗਾਂ ਦੇ ਸੰਭਾਵਿਤ ਖ਼ਤਰੇ ਦੇ ਮੱਦੇਨਜ਼ਰ ਸਿਹਤ ਵਿਭਾਗ ਵੱਲੋਂ "ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ" ਮੁਹਿੰਮ ਦੀ ਸ਼ੁਰੂਆਤ ਕੀਤੀ ਗਈ ਹੈ ਜਿਸ ਨੂੰ ਵਧੇਰੇ ਸਫਲ ਬਣਾਉਣ ਲਈ ਕੀਰਤਪੁਰ ਸਾਹਿਬ ਵਿਖੇ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ ਜਿਹਨਾਂ ਦੀ ਅਗਵਾਈ ਐੱਚ. ਐੱਮ.ਆਈ ਸਿਕੰਦਰ ਸਿੰਘ ਅਤੇ ਹੈਲਥ ਇੰਸਪੈਕਟਰ ਸੁਖਦੀਪ ਸਿੰਘ ਵੱਲੋਂ ਕੀਤੀ ਜਾ ਰਹੀ ਹੈ। ਸੀਨੀਅਰ ਮੈਡੀਕਲ ਅਫ਼ਸਰ ਨੇ ਦੱਸਿਆ ਕਿ ਟੀਮ ਵੱਲੋਂ ਲੋਕਾਂ ਨੂੰ ਹਫ਼ਤੇ ਵਿੱਚ ਇਕ ਵਾਰ ਘਰ ਵਿਚ ਲੱਗੇ ਕੂਲਰ, ਗਮਲੇ ਜਾਂ ਮਿੱਟੀ ਦੇ ਬਰਤਨ ਸਾਫ਼ ਕਰ ਕੇ ਧੁੱਪ ਲਗਵਾਉਣ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਟੀਮ ਵੱਲੋਂ ਲੋਕਾਂ ਨੂੰ ਫਰਿੱਜ ਦੀ ਬਾਹਰਲੀ ਟ੍ਰੇਅ, ਛੱਤਾਂ 'ਤੇ ਲੱਗੀਆਂ ਟੈਂਕੀਆਂ, ਡਰੰਮਾਂ ਅਤੇ ਟਾਇਰਾਂ ਵਿੱਚ ਪਾਣੀ ਇਕੱਠਾ ਨਾ ਹੋਣ ਦੀ ਅਪੀਲ ਵੀ ਕੀਤੀ ਜਾ ਰਹੀ ਹੈ ਤਾਂ ਜੋ ਡੇਂਗੂ ਦਾ ਲਾਰਵਾ ਪੈਦਾ ਹੋਣ ਤੋਂ ਰੋਕਿਆ ਜਾ ਸਕੇ।

ਉਹਨਾਂ ਸਾਰਿਆਂ ਨੂੰ ਆਪਣਾ ਆਲਾ ਦੁਆਲਾ ਸਾਫ਼-ਸੁਥਰਾ ਰੱਖਣ ਦੀ ਅਪੀਲ ਕਰਦਿਆਂ ਕਿਹਾ ਕਿ ਡੇਂਗੂ, ਮਲੇਰੀਆ ਅਤੇ ਚਿਕੁਨਗੁਨੀਆ ਮੱਛਰਾਂ ਕਾਰਨ ਹੁੰਦਾ ਹੈ ਅਤੇ ਡੇਂਗੂ ਦਾ ਮੱਛਰ ਸਾਫ਼ ਪਾਣੀ 'ਚ ਪੈਦਾ ਹੁੰਦਾ ਹੈ। ਇਸ ਲਈ ਪਾਣੀ ਦੀ ਸਟੋਰੇਜ਼ ਵਾਲੇ ਭਾਂਡੇ, ਟੱਬ ਅਤੇ ਬਾਲਟੀਆਂ ਨੂੰ ਹਫ਼ਤੇ 'ਚ ਇੱਕ ਵਾਰ ਸਾਫ਼ ਕਰਕੇ ਸੁਕਾ ਲੈਣਾ ਚਾਹੀਦਾ ਹੈ ਤਾਂ ਜੋ ਇਸ ਰੋਗ ਤੋਂ ਬਚਿਆ ਜਾ ਸਕੇ। ਸੀਨੀਅਰ ਮੈਡੀਕਲ ਅਫ਼ਸਰ ਨੇ ਕਿਹਾ ਕਿ ਪੂਰੀ ਬਾਜੂ ਦੇ ਕੱਪੜੇ ਪਾਉਣ, ਸੌਣ ਵੇਲੇ ਮੱਛਰਦਾਨੀ ਦਾ ਇਸਤੇਮਾਲ ਕਰਨ ਤੋਂ ਇਲਾਵਾ ਪਿਕਰਾਇਡਿਨ ਜਾਂ ਲੈਮਨ ਯੂਕਲਿਪਟਸ ਆਧਾਰਿਤ ਲੋਸ਼ਨ ਜਾਂ ਕ੍ਰੀਮ ਦੀ ਵਰਤੋਂ ਕਰਕੇ ਵੀ ਇਸ ਰੋਗ ਤੋਂ ਬਚਿਆ ਜਾ ਸਕਦਾ ਹੈ।

# ਨਰਸਿੰਗ ਦਿਵਸ: ਸੇਵਾਵਾਂ ਤੇ ਜਜ਼ਬੇ ਦੀ ਸ਼ਲਾਘਾ ਢਾਹਾਂ ਕਲੇਰਾਂ ਹਸਪਤਾਲ 'ਚ 'ਨਰਸਿੰਗ ਦਿਵਸ' ਮਨਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਬੰਗਾ, 12 ਮਈ (ਚਰਨਜੀਤ ਸੱਲ੍ਹਾਂ )

ਅੱਜ ਨਰਸਿੰਗ ਦਿਵਸ ਮੌਕੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਨਰਸਿੰਗ ਜਜ਼ਬੇ ਨੂੰ ਸਲਾਮ ਕਰਦਿਆਂ ਇਸ ਵਰਗ ਦੀਆਂ ਸੇਵਾਵਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਹਸਪਤਾਲ ਦੇ ਪ੍ਰਬੰਧਕੀ ਟਰੱਸਟ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਨਰਸਿੰਗ ਦੀ ਜਨਮਦਾਤਾ ਫਲੋਰੈਂਸ ਨਾਈਟਨਗੇਲ ਦੇ ਜਨਮ ਦਿਨ ਨੂੰ ਸਮਰਪਿਤ ਇਸ ਦਿਵਸ ਮੌਕੇ ਉਹਨਾਂ ਦੀ ਨਰਸਿੰਗ ਨੂੰ ਦੇਣ ਨੂੰ ਯਾਦ ਕੀਤਾ। ਇਸ ਦੇ ਨਾਲ ਹੀ ਉਹਨਾਂ ਸਮੂਹ ਨਰਸਿੰਗ ਸਟਾਫ਼ ਨੂੰ ਇਸ ਮਿਸ਼ਨ ਦੇ ਪੂਰਨਿਆਂ 'ਤੇ ਚੱਲਣ ਦੀ ਪ੍ਰੇਰਨਾ ਦਿੱਤੀ।




ਕੈਪਸ਼ਨ- ਨਰਸਿੰਗ ਸਟਾਫ਼ ਨੂੰ ਸ਼ੁੱਭ ਕਾਮਨਾਵਾਂ ਦੇਣ ਸਮੇਂ ਗੁਰੂ ਨਾਨਕ ਮਿਸ਼ਨ ਹਸਪਤਾਲ ਦੇ ਪ੍ਰਬੰਧਕ।

ਇਸ ਮੌਕੇ ਉਕਤ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਜਸਦੀਪ ਸਿੰਘ ਸੈਣੀ, ਡਿਪਟੀ ਮੈਡੀਕਲ ਸੁਪਰਡੈਂਟ ਡਾ. ਬਲਵਿੰਦਰ ਸਿੰਘ, ਨਰਸਿੰਗ ਸੁਪਰਡੈਂਟ ਦਵਿੰਦਰ ਕੌਰ, ਡਿਪਟੀ ਨਰਸਿੰਗ ਸੁਪਰਡੈਂਟ ਸਰਬਜੀਤ ਕੌਰ ਨੇ ਵੀ ਨਰਸਿੰਗ ਦਿਵਸ ਮੌਕੇ ਇਸ ਕਾਰਜ ਨੂੰ ਸਮਾਜ ਦਾ ਮਾਣ ਦੱਸਿਆ। ਉਹਨਾਂ ਕਿਹਾ ਕਿ ਇਹ ਕਿੱਤਾ ਸੇਵਾ ਅਤੇ ਰੁਜ਼ਗਾਰ ਪੱਖ ਤੋਂ ਸਮਾਜ ਅੰਦਰ ਸਤਿਕਾਰਤ ਸਥਾਨ ਰੱਖਦਾ ਹੈ ਜਿਸ ਲਈ ਸੇਵਾਵਾਂ ਨਿਭਾਉਣ ਵਾਲਾ ਨਰਸਿੰਗ ਵਰਗ ਸਦਾ ਸਤਿਕਾਰਿਆ ਜਾਂਦਾ ਹੈ।

ਉਕਤ ਬੁਲਾਰਿਆਂ ਨੇ ਇਸ ਵਾਰ ਕੌਮਾਂਤਰੀ ਪੱਧਰ 'ਤੇ ਨਰਸਿੰਗ ਦਿਵਸ ਨੂੰ 'ਨਰਸਾਂ ਦੀ ਵਿੱਤੀ ਤੰਦਰੁਸਤੀ ਦੇਸ਼ ਦੀ ਆਰਥਿਕਤਾ ਨੂੰ ਮਜ਼ਬੂਤ ਕਰਦੀ ਹੈ' ਵਾਲੇ ਬੈਨਰ ਦੀ ਵੀ ਪ੍ਰੋੜਤਾ ਕੀਤੀ ਅਤੇ ਇਸ ਨੂੰ ਇਸ ਅਦਾਰੇ ਅੰਦਰ ਲਾਗੂ ਕਰਨ ਦਾ ਭਰੋਸਾ ਜਿਤਾਇਆ। ਨਰਸਿੰਗ ਵਰਗ ਨੂੰ ਸ਼ੁੱਭ ਕਾਮਨਾਵਾਂ ਦੇਣ ਵਾਲਿਆਂ 'ਚ ਫਰੰਟ ਡੈੱਸਕ ਮੈਨੇਜਰ ਜੋਤੀ ਭਾਟੀਆ, ਮੀਡੀਆ ਕੋ-ਆਰਡੀਨੇਟਰ ਸੁਰਜੀਤ ਮਜਾਰੀ ਵੀ ਸ਼ਾਮਲ ਸਨ।

ਇਸ ਮੌਕੇ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਦੇ ਨਰਸਿੰਗ ਅਫ਼ਸਰ ਵਜੋਂ ਤਾਇਨਾਤ ਸਮੂਹ ਵਾਰਡ ਇੰਚਾਰਜ ਸ਼ਾਮਲ ਸਨ। ਇਹਨਾਂ ਵਿੱਚ ਗੁਰਪ੍ਰੀਤ ਕੌਰ ਐਮਰਜੈਂਸੀ ਵਾਰਡ, ਸੁਨੀਤਾ ਮੈਡੀਸਨ/ ਗਾਇਨੀ ਵਾਰਡ, ਬਲਜੀਤ ਕੌਰ ਸਰਜਰੀ ਵਾਰਡ, ਕਿਰਨ ਐਚ ਡੀ ਯੂ ਵਾਰਡ, ਸੋਨੀਆ ਸਿੰਘ ਆਈ ਸੀ ਯੂ ਵਾਰਡ, ਆਈ ਸੀ ਐਨ ਮਨਜੋਤ ਕੌਰ, ਡਰੈਸਿੰਗ ਓ ਪੀ ਡੀ ਇੰਚਾਰਜ ਬਲਵੀਰ ਕੌਰ, ਨਰਸਿੰਗ ਅਫ਼ਸਰ ਪਰਮਿੰਦਰ ਕੌਰ, ਓ ਪੀ ਡੀ ਇੰਚਾਰਜ ਬਲਵੀਰ ਕੌਰ ਸ਼ਾਮਲ ਸਨ।

## "ਇਕੁਐਲਿਟੀ ਐਂਡ ਜਸਟਿਸ"



ਐਡਵਰਟਾਈਜਮੈਂਟ, ਖ਼ਬਰਾਂ, ਆਰਟੀਕਲ, ਕਵਿਤਾਵਾਂ, ਲਿਖਤਾਂ, ਖੁਸ਼ੀਆਂ ਅਤੇ ਗਮੀਆਂ ਦੇ ਸੁਨੇਹੇ, ਵਿਆਹ ਸ਼ਾਦੀਆਂ ਦੇ ਇਸ਼ਤਿਹਾਰ ਆਦਿ ਅਤੇ ਹੋਰ ਛਾਪਣ ਯੋਗ ਸਮਗਰੀ ਫੋਟੋਆਂ ਦੇ ਸਮੇਤ ਟਾਈਪ ਕਰਕੇ ਸਾਫ-ਸਾਫ ਭੇਜਣ ਦੀ ਕਿਰਪਾ ਕਰੋ। ਕਿਸੇ ਵੀ ਤਰਾਂ ਦੀ ਲਿਖਤਾਂ, ਖ਼ਬਰਾਂ ਅਤੇ ਇਸ਼ਤਿਹਾਰ ਦੀ ਹਰ ਤਰਾਂ ਦੀ ਜਿੰਮੇਵਾਰੀ ਭੇਜਣ ਵਾਲੇ ਦੀ ਹੋਵੇਗੀ। ਕਿਸੇ ਵੀ ਲਿਖਤ ਨੂੰ ਛਾਪਣਾ ਜਾ ਨਾ ਛਾਪਣਾ "ਇਕੁਐਲਿਟੀ ਐਂਡ ਜਸਟਿਸ" ਬੋਰਡ ਦੇ ਡਾਇਰੈਕਟਰਜ਼ ਦਾ ਅਧਿਕਾਰ ਹੋਵੇਗਾ।

ਸਮਾਜਿਕ ਦਾਇਤਵ ਹਿਤ ਸਹਾਇਤਾ ਲਈ ਗੁੱਗਲ ਪੇ ਨੰਬਰ ਅਤੇ ਬੈਂਕ ਅਕਾਊਂਟ ਨੰਬਰ ਦਿੱਤਾ ਗਿਆ ਹੈ।

ਸੰਪਾਦਕ – "ਇਕੁਐਲਿਟੀ ਐਂਡ ਜਸਟਿਸ" - Whats app 91-94636-01616.

Email-hardipchumber57@gmail.com -
(Google pay- 91-9780634849)

UPI ID: aekanshchumber@oksbi
Scan this code to pay me

HARDIP SINGH SATE BANK OF INDIA
ACCT NO-10566643658 . IFSC- SBIN0050773

# ਬਸਪਾ ਦੇ ਮਿਸ਼ਨਰੀ ਪੈਰੋਕਾਰ ਪ੍ਰੇਮ ਮਾਨ ਵਰਗੇ ਹੋਣੇ ਚਾਹੀਦੇ ਹੈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 13 ਮਈ
INTERNATIONAL PAPER, 94636 01616
hardipchumber57@gmail.com

ਬੰਗਾ( ਚਰਨਜੀਤ ਸੱਲ੍ਹਾਂ ) ਲੰਡਨ ਇੰਗਲੈਂਡ ਵਿਖੇ ਬਾਬਾ ਸਾਹਿਬ ਡਾ ਅੰਬੇਡਕਰ ਜੀ ਦਾ ਜਨਮ ਦਿਨ ਮਨਾਇਆ ਗਿਆ। ਮਾਹੌਲ ਉਸ ਸਮੇਂ ਭਾਵੁਕ ਹੋ ਗਿਆ ਜਦੋਂ ਬਾਬਾ ਸਾਹਿਬ ਡਾ ਅੰਬੇਡਕਰ ਜੀ ਅਤੇ ਮਾਨਿਆਵਰ ਸਾਹਿਬ ਸ੍ਰੀ ਕਾਂਸ਼ੀ ਰਾਮ ਜੀ ਦੇ ਸੱਚੇ ਸੁੱਚੇ ਪੈਰੋਕਾਰ ਸੱਚੇ ਸਿਪਾਹੀ ਸਤਿਕਾਰਯੋਗ ਪ੍ਰੇਮ ਮਾਨ ਜੀ ਲੰਬੇ ਸਮੇਂ ਤੋਂ ਫੇਫੜਿਆਂ ਦੀ ਗੰਭੀਰ ਬਿਮਾਰੀ ਨਾਲ਼ ਜੂਝਦੇ ਹੋਏ ਹੋਣ ਦੇ ਬਾਵਜੂਦ ਵੀ ਆਪਣੇ ਨਾਲ ਆਕਸੀਜਨ ਸਿਲੰਡਰ ਲੈ ਕੇ ਸਟੇਜ ਉਪਰ ਪਹੁੰਚ ਗਏ ਅਤੇ ਸਮਾਜ ਬਸਪਾ ਦੇ ਮਿਸ਼ਨ ਨਾਲ਼ ਜੁੜਨ ਲਈ ਪ੍ਰੇਰਿਤ ਕਰਦੇ ਹੋਏ ਨਜ਼ਰ ਆਏ। ਸਲੂਟ ਹੈਂ ਇਸ ਤਰ੍ਹਾਂ ਦੇ ਬਸਪਾ ਦੇ ਸੱਚੇ ਸੁੱਚੇ ਮਿਸ਼ਨਰੀ ਪੈਰੋਕਾਰਾ ਦੇ ਜਿਨ੍ਹਾਂ ਦੇ ਸਿਰਾ ਤੇ ਬਸਪਾ ਇੱਕ ਵਾਰ ਜਰੂਰ ਬਾਬਾ ਸਾਹਿਬ ਡਾ ਅੰਬੇਡਕਰ ਜੀ ਦੀ ਉਂਗਲ ਦਾ ਇਸ਼ਾਰਾ ਸਮਝ ਕੇ ਦਿੱਲੀ ਉਪਰ ਕਬਜ਼ਾ ਕਰੇਗੀ।



# संविधान को कहते हैं 'भीम स्मृति', तीस्ता सेटलवाड के लिए आधी रात को खुलवाए थे सुप्रीम कोर्ट के द्वार: जस्टिस BR Gavai के CJI बनने को लेकर बहुजन समुदाय क्यों हैं हर्षित

**जस्टिस गवई का मानना है कि न्यायपालिका में विश्वास ही लोकतंत्र की नींव है। वे चाहते हैं कि न्याय हर उस जरूरतमंद तक पहुंचे, जो सामाजिक-आर्थिक पिरामिड के सबसे निचले पायदान पर है।**

"Equality and justice" Patiala 13 May INTERNATIONAL PAPER, 94636 01616 hardipchumber57@gmail.com

नई दिल्ली- 13 मई, 2025 को भारत के मुख्य न्यायाधीश जस्टिस संजीव खन्ना सेवानिवृत्त हो रहे हैं, और उनके स्थान पर 14 मई को जस्टिस भूषण रामकृष्ण गवई भारत के 52वें मुख्य न्यायाधीश के रूप में पदभार संभालेंगे।

जस्टिस गवई सुप्रीम कोर्ट के दूसरे दलित और पहले बौद्ध मुख्य न्यायाधीश होंगे, जो अपने अंबेडकरवादी विचारधारा और मानवीय दृष्टिकोण के लिए जाने जाते हैं।

उनके पिता, आर.एस. गवई, एक प्रमुख अंबेडकरवादी नेता और पूर्व राज्यपाल थे, जिनके आदर्शों को जस्टिस गवई ने न केवल अपनाया, बल्कि अपने न्यायिक फैसलों और कार्यों के माध्यम से उन्हें जीवंत किया।

24 नवंबर, 1960 को अमरावती, महाराष्ट्र में जन्मे जस्टिस गवई का परिवार डॉ. बी.आर. अंबेडकर के विचारों से गहरे तक जुड़ा रहा। उनके पिता ने न केवल अंबेडकर के आदर्शों को अपनाया, बल्कि उन्हें सामाजिक बदलाव का आधार बनाया। उनके पिता ने 1956 में बाबा साहब के बौद्ध धर्मान्तरण आन्दोलन के दौरान हिन्दू धर्म छोड़कर बौद्ध धर्म अपना लिया था। जस्टिस गवई ने अपने पिता के आह्वान पर न्यायिक सेवा को चुना, ताकि वे अंबेडकर के सपनों को साकार कर सकें।



नागपुर विश्वविद्यालय से बीए, एलएलबी की पढ़ाई पूरी करने के बाद जस्टिस गवई ने 16 मार्च, 1985 को वकालत शुरू की। उन्होंने महाराष्ट्र के पूर्व एडवोकेट जनरल और बॉम्बे हाई कोर्ट के जज राजा एस. भोंसले के साथ अपने करियर की शुरुआत की। 1987 से 1990 तक उन्होंने बॉम्बे हाई कोर्ट में स्वतंत्र प्रैक्टिस की और फिर नागपुर बेंच में संवैधानिक और प्रशासनिक कानून के क्षेत्र में अपनी पहचान बनाई। 14 नवंबर, 2003 को वे बॉम्बे हाई कोर्ट के अतिरिक्त जज बने और 12 नवंबर, 2005 को स्थायी जज। 24 मई, 2019 को उन्हें सुप्रीम कोर्ट का जज बनाया गया।

## मैं भी संविधान को कहता हूँ 'भीम स्मृति': गवई

इस वर्ष अप्रैल में डॉ. अंबेडकर इंटरनेशनल सेंटर (डीएआईसी) द्वारा आयोजित डॉ. बीआर अंबेडकर स्मारक व्याख्यान में बोलते हुए न्यायमूर्ति गवई ने अपने जीवन का मार्ग तय करने का श्रेय अंबेडकर को दिया था। उन्होंने कहा, "मैं यहां केवल डॉ. बी.आर. अंबेडकर और भारत के संविधान की वजह से हूं।" वे मानते हैं कि बाबा साहब अंबेडकर द्वारा तैयार संविधान की बदौलत भारत ने महत्वपूर्ण सामाजिक प्रगति की है। संविधान समय की कसौटी पर खरा उतरा है और देश को मजबूत, स्थिर और एकजुट बनाने में महत्वपूर्ण भूमिका निभाई है। इस अवसर पर उन्होंने संविधान सभा के सदस्य के.एम. जेधे के भाषण को भी उद्धृत किया, जिन्होंने बताया था कि अनुसूचित जातियों के नेता के रूप में अंबेडकर की स्थिति के कारण, संविधान को कभी-कभी "भीम स्मृति" के रूप में संदर्भित किया जाता था।

"जेधे ने कहा कि कुछ सदस्यों ने डॉ. अंबेडकर को बधाई देते हुए उन्हें मनु कहा और डॉ. अंबेडकर को मनु से बहुत नफरत थी। उन्होंने कहा, 'वे उन्हें भीम कहते हैं और जनता को बताते हैं कि उन्होंने भीम स्मृति को गढ़ा है। मैं भी इसे भीम स्मृति कहता हूं, हालांकि मैं शूद्र वर्ग से हूं,'" गवई ने उद्धृत किया।

## जुलाई 2023 को तीस्ता सेटलवाड के लिए दौड़ पड़े जस्टिस गवई

जुलाई 2023 की एक शनिवार की रात, जब अधिकांश लोग अपने सप्ताहांत का आनंद ले रहे थे, जस्टिस भूषण रामकृष्ण गवई एक सांस्कृतिक कार्यक्रम से सीधे सुप्रीम कोर्ट पहुंचे। मकसद? सामाजिक कार्यकर्ता तीस्ता सेटलवाड को तत्काल गिरफ्तारी से बचाना। 2002 के गुजरात दंगों से जुड़े एक मामले में तीस्ता पर सबूतों के साथ छेड़छाड़ का आरोप था। जस्टिस गवई की अगुवाई वाली बेंच ने देर रात सुनवाई की और सवाल उठाया कि एक सामान्य अपराधी को भी अंतरिम राहत का अधिकार है, तो तीस्ता को क्यों नहीं? इस घटना ने जस्टिस गवई की मानवीय संवेदना और कानून के प्रति उनकी अटूट प्रतिबद्धता को उजागर किया।

जस्टिस गवई न केवल एक कठोर और निष्पक्ष न्यायाधीश हैं, बल्कि एक ऐसे इंसान भी हैं जो सामाजिक न्याय और मानवीय मूल्यों को गहराई से समझते हैं। मणिपुर में लंबे समय से चले आ रहे जातीय संघर्ष के पीड़ितों से मिलने के लिए वे स्वयं राहत शिविरों में गए। वहां उन्होंने पीड़ितों से बात की और उनकी तकलीफों को सुना, जिससे उनकी संवेदनशीलता और जमीनी स्तर पर जुड़ाव का पता चलता है।

नोटबंदी से लेकर कोटे में कोटा तक वो निर्णय जो रहे चर्चा में

जस्टिस गवई ने अपने करियर में कई ऐतिहासिक फैसलों में हिस्सा लिया। उन्होंने नोटबंदी, अनुच्छेद 370 के निरस्तीकरण, इलेक्टोरल बॉन्ड योजना और अनुसूचित जाति/जनजाति में उप-वर्गीकरण जैसे मामलों में संवैधानिक बेंच के फैसलों में योगदान दिया। खास तौर पर, उन्होंने अनुसूचित जाति/जनजाति में 'क्रीमी लेयर' की अवधारणा को लागू करने की वकालत की, ताकि वास्तविक समानता हासिल हो सके। इसके अलावा, उन्होंने कांग्रेस नेता राहुल गांधी को मानहानि मामले में राहत दी और वकील प्रशांत भूषण को अवमानना मामले में एक रुपये का जुर्माना लगाया। उनके फैसले सामाजिक न्याय और संवैधानिक मूल्यों के प्रति उनकी प्रतिबद्धता को दर्शाते हैं। सॉलिसिटर जनरल तुषार मेहता उन्हें "बुद्धिमत्ता और मासूमियत का अनूठा संगम" बताते हैं, जो मानवीय समस्याओं को गहराई से समझते हैं।

जस्टिस गवई का कोर्टरूम में एक अलग ही रुतबा है। वे धैर्यपूर्वक वकीलों की दलीलें सुनते हैं, लेकिन गलत होने पर अपनी बात बेबाकी से रखते हैं। वरिष्ठ वकीलों के अनुचित व्यवहार पर उनकी टिप्पणी, जैसे "फिर आप आदेश पारित करें," कोर्ट में अनुशासन बहाल कर देती है। वे जूनियर वकीलों को प्रोत्साहित करते हैं और कमजोर वर्गों के हक की रक्षा में कोई कसर नहीं छोड़ते। जस्टिस गवई खाने के शौकीन हैं और मराठी भोजन का लुत्फ उठाने अक्सर दिल्ली में महाराष्ट्र सदन जाते हैं। उनकी हास्यप्रियता उन्हें सहकर्मियों के बीच लोकप्रिय बनाती है।

जस्टिस गवई का मानना है कि न्यायपालिका में विश्वास ही लोकतंत्र की नींव है। वे चाहते हैं कि न्याय हर उस जरूरतमंद तक पहुंचे, जो सामाजिक-आर्थिक पिरामिड के सबसे निचले पायदान पर है। सुप्रीम कोर्ट एडवोकेट्स ऑन रिकॉर्ड एसोसिएशन के अध्यक्ष विपिन नायर कहते हैं, "जस्टिस गवई के नेतृत्व में भारतीय संविधान के मूल्य न केवल सुरक्षित रहेंगे, बल्कि नई ऊंचाइयों को छूएंगे।" गवई के CJI बनने को लेकर बहुजन समुदाय हर्षित है क्योंकि सभी को विशवास है कि उनके छह महीने के कार्यकाल (23 नवंबर, 2025 तक) में भारतीय न्यायपालिका निश्चित रूप से नई मिसालें कायम करेगी।

# AIPWA Demands Permanent Ceasefire, End to War-Mongering Amid India-Pakistan Tensions

**The association also condemned targeted online abuse against women like Himanshi Narwal, Shaila Negi, and Col. Sofia Quraishi for advocating peace or constitutional values.**

"Equality and justice" Patiala 13 May INTERNATIONAL PAPER, 94636 01616 hardipchumber57@gmail.com

New Delhi – The All India Progressive Women's Association (AIPWA) has welcomed the recent ceasefire between India and Pakistan but called for a permanent end to hostilities, emphasizing that war only brings "death, displacement, and devastation," with women, children, and marginalized communities bearing the brunt.

In a strongly worded statement, AIPWA praised peace-loving citizens on both sides of the border for resisting war hysteria and advocating dialogue. The group criticized both governments for relying on US mediation instead of engaging in direct diplomacy. "The ceasefire exposes their failure to listen to their own people," the statement read.

### Key Demands Highlighted

AIPWA's demands include:

A permanent ceasefire to prevent civilian casualties and a shift toward legal and diplomatic solutions to address terrorism.

An end to war propaganda that fuels hatred and diverts attention from pressing issues like



poverty, unemployment, and gender inequality.

Solidarity with women-led peace movements in both nations.

A fair probe into the Pahalgam massacre, with accountability for perpetrators and security lapses—without exploiting the tragedy to justify war.

An end to media censorship and harassment of journalists, activists, and dissenters.

The association also condemned targeted online abuse against women like Himanshi Narwal, Shaila Negi, and Col. Sofia Quraishi for advocating peace or constitutional values.

"AIPWA stands with all women, workers, and peace-loving citizens who reject war and fight for justice, equality, and democracy," the statement asserted, urging cross-border solidarity to mount pressure for bilateral dialogue.

# Punjab will not be allowed to be treated unfairly on the issue of water. Dr. Sandeep Ghand

"Equality and justice" Patiala 13 May INTERNATIONAL PAPER, 94636 01616 hardipchumber57@gmail.com

Mansa (Reporter A new organization of Jago Punjab has been formed for public awareness campaign and public protest on the issue of "Save Punjab from becoming a desert". Under the chairmanship of retired Central Secretary and Padma Vibhushan awardee Swaran Singh Boparai, Dr. Manjit Singh, former Director Health Department, has been made its convener. Apart from this, former senior officials of Punjab have also been invited in this.

It is worth mentioning here that Jago Punjab is issuing



charge sheets from time to time regarding the politics played by the central and Punjab governments regarding the distribution of water and the first charge sheet was issued on May 4th.

